@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ ਸੇ ਪ੍ਰਸਾਰਿਤ।

Tuesday, 26 November 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 26 ਨਵੰਬਰ 2024, 12 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 16, qpatrika@gmail.com ਫੋਨ : 9971359517 www.qaumipatrika.org


## ਸੰਵਿਧਾਨ ਦਿਵਸ ਮੌਕੇ 26 ਨਵੰਬਰ ਨੂੰ ਪੁਰਾਣੇ ਸੰਸਦ ਭਵਨ ਦੇ ਸੈਂਟਰਲ ਹਾਲ 'ਚ ਪ੍ਰੋਗਰਾਮ

ਨਵੀਂ ਦਿੱਲੀ 25 ਨਵੰਬਰ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉੱਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਨੂੰ ਸੰਵਿਧਾਨ ਸਭਾ ਵਲੋਂ ਸੰਵਿਧਾਨ ਨੂੰ ਅਪਣਾਉਣ ਦੇ 75 ਸਾਲ ਪੂਰੇ ਹੋਣ ਮੌਕੇ ਆਯੋਜਿਤ ਇਕ ਵਿਸ਼ੇਸ਼ ਪ੍ਰੋਗਰਾਮ 'ਚ ਹਿੱਸਾ ਲੈਣਗੇ। ਸੰਸਦੀ ਕਾਰਜ ਮੰਤਰੀ ਕਿਰੇਨ ਰਿਜਿਜੂ ਨੇ ਐਤਵਾਰ ਨੂੰ ਇੱਥੇ ਦੱਸਿਆ ਕਿ ਇਹ ਪ੍ਰੋਗਰਾਮ ਸੰਵਿਧਾਨ ਸਦਨ ਦੇ ਇਤਿਹਾਸਕ ਸੈਂਟਰਲ ਹਾਲ 'ਚ ਆਯੋਜਿਤ ਕੀਤਾ ਜਾਵੇਗਾ। ਸੰਵਿਧਾਨ ਸਦਨ



ਉਹੀ ਪੁਰਾਣਾ ਸੰਸਦ ਭਵਨ ਹੈ, ਜਿੱਥੇ 26 ਨਵੰਬਰ 1949 ਨੂੰ ਸੰਵਿਧਾਨ ਸਭਾ ਨੇ ਸੰਵਿਧਾਨ ਅਪਣਾਇਆ ਸੀ। ਸੰਵਿਧਾਨ 26 ਜਨਵਰੀ 1950 ਨੂੰ ਲਾਗੂ ਹੋਇਆ ਸੀ। ਇਸ ਮੌਕੇ ਇਕ ਸਮਾਰਕ ਸਿੱਕਾ ਅਤੇ ਇਕ ਡਾਕ ਟਿਕਟ ਜਾਰੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੰਸਕ੍ਰਿਤ ਅਤੇ ਮੈਥਿਲੀ 'ਚ ਸੰਵਿਧਾਨ ਦੀ ਕਾਪੀਆਂ ਵੀ ਜਾਰੀ ਕੀਤੀਆਂ ਜਾਣਗੀਆਂ। ਇਸ ਮੌਕੇ 2 ਕਿਤਾਬਾਂ- ਸੰਵਿਧਾਨ ਨਿਰਮਾਣ : ਇਕ ਝਲਕ ਅਤੇ ਸੰਵਿਧਾਨ ਨਿਰਮਾਣ ਅਤੇ ਇਸ ਦੀ ਸ਼ਾਨਦਾਰ ਯਾਤਰਾ ਦਾ ਵੀ ਉਦਘਾਟਨ ਕੀਤਾ ਜਾਵੇਗਾ।

## ਲੋਕਾਂ ਨੇ 'ਆਪ' ਸਰਕਾਰ ਦੇ ਕੰਮਾਂ 'ਤੇ ਭਰੋਸਾ ਪ੍ਰਗਟਾਇਆ : ਕੇਜਰੀਵਾਲ

ਜਲੰਧਰ/ਚੰਡੀਗੜ੍ਹ, 25 ਨਵੰਬਰ। ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀ ਪੰਜਾਬ ਦੀਆਂ ਵਿਧਾਨ ਸਭਾ ਸੀਟਾਂ ਦੀਆਂ ਉੱਪ-ਚੋਣਾਂ ਵਿਚ ਆਮ ਆਦਮੀ ਪਾਰਟੀ ਦੀ ਜਿੱਤ 'ਤੇ ਪੰਜਾਬੀਆਂ ਦਾ ਧੰਨਵਾਦ ਕੀਤਾ ਹੈ। ਕੇਜਰੀਵਾਲ ਨੇ ਵੀ ਉੱਪ-ਚੋਣਾਂ 'ਚ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਮਿਲ ਕੇ ਚਾਰਾਂ ਸੀਟਾਂ 'ਤੇ ਚੋਣ ਪ੍ਰਚਾਰ ਕਰਦਿਆਂ ਚੋਣ ਮੀਟਿੰਗਾਂ 'ਚ ਹਿੱਸਾ ਲਿਆ ਸੀ। ਕੇਜਰੀਵਾਲ ਨੇ ਕਿਹਾ ਕਿ ਪਾਰਟੀ ਦੀ ਜਿੱਤ ਵਿਚ ਯੋਗਦਾਨ ਪਾਉਣ ਵਾਲੇ ਸਮੂਹ ਪੰਜਾਬੀਆਂ ਦੇ ਨਾਲ-ਨਾਲ ਪਾਰਟੀ ਦੇ ਸਾਰੇ ਆਗੂਆਂ ਅਤੇ ਵਲੰਟੀਅਰਾਂ ਦਾ ਵੀ ਧੰਨਵਾਦ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦਾ ਪੂਰਾ ਸਾਥ ਦਿੱਤਾ ਹੈ। ਕੇਜਰੀਵਾਲ ਨੇ ਟਵੀਟ ਕੀਤਾ ਕਿ ਪੰਜਾਬ ਦੇ ਲੋਕਾਂ ਨੇ ਉੱਪ-ਚੋਣਾਂ 'ਚ 'ਆਪ' ਨੂੰ 4 ਵਿਚੋਂ 3 ਸੀਟਾਂ ਦੇ ਕੇ ਇਕ ਵਾਰ ਫਿਰ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ ਅਤੇ ਸਾਡੀ ਸਰਕਾਰ ਦੇ ਕੰਮ 'ਤੇ ਭਰੋਸਾ ਪ੍ਰਗਟਾਇਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕੀਤੇ ਗਏ ਟਵੀਟ ਦੇ ਜਵਾਬ ਵਿਚ ਕੇਜਰੀਵਾਲ ਨੇ ਕਿਹਾ ਕਿ ਪੰਜਾਬ ਵਾਸੀਆਂ ਦਾ ਬਹੁਤ-ਬਹੁਤ ਧੰਨਵਾਦ ਅਤੇ ਸਾਰਿਆਂ ਨੂੰ ਬਹੁਤ-ਬਹੁਤ ਵਧਾਈਆਂ।




# ਮਨਮੋਹਨ ਸਿੰਘ ਦਾ ਜਿਸ ਚੀਜ ਲਈ ਦੁਨੀਆ ਮੰਨਦੀ ਹੈ ਲੋਹਾ, ਜੈਸ਼ੰਕਰ ਨੇ ਹੁਣ ਉਸੇ 'ਤੇ ਚੁੱਕ ਦਿੱਤਾ ਸਵਾਲ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 25 ਨਵੰਬਰ। ਵਿਦੇਸ ਮੰਤਰੀ ਐੱਸ. ਜੈਸੰਕਰ ਨੇ ਕਿਹਾ ਕਿ ਖੁੱਲ੍ਹੀ ਅਰਥਵਿਵਸਥਾ ਦੇ ਨਾਂ 'ਤੇ ਅਸੀਂ ਦੂਜੇ ਦੇਸਾਂ ਨੂੰ ਭਾਰਤ 'ਚ ਮੁਨਾਫਾ ਕਮਾਉਣ ਦਾ ਮੌਕਾ ਦਿੱਤਾ ਹੈ ਅਤੇ ਇਸ ਨੂੰ ਰੋਕਣਾ ਹੋਵੇਗਾ। ਜੈਸੰਕਰ ਬੈਂਗਲੁਰੂ ਵਿਚ ਅੱਠਵੇਂ ਇੰਡੀਆ ਆਈਡੀਆ ਕਨਕਲੇਵ ਵਿਚ ਡਿਜੀਟਲ ਮਾਧਿਅਮ ਰਾਹੀਂ ਮੁੱਖ ਭਾਸਣ ਦੇ ਰਹੇ ਸਨ। ਇੰਡੀਆ ਫਾਊਂਡੇਸਨ ਵੱਲੋਂ ਆਯੋਜਿਤ ਇਸ ਕਾਨਫਰੰਸ ਦਾ ਇਸ ਸਾਲ ਦਾ ਥੀਮ 'ਬਿਲਡਿੰਗ ਬ੍ਰਾਂਡ ਇੰਡੀਆ' ਹੈ। ਉਨ੍ਹਾਂ ਕਿਹਾ, "ਵਿਸਵੀਕਰਨ ਦੇ ਨਾਂ 'ਤੇ ਅਸੀਂ ਅਸਲ ਵਿਚ ਨਿਰਮਾਣ ਖੇਤਰ ਨੂੰ ਖੋਖਲਾ ਕਰ ਦਿੱਤਾ ਹੈ। ਪਿਛਲੇ 30 ਸਾਲਾਂ ਤੋਂ ਘਾਟੇ ਦਾ ਸਾਹਮਣਾ ਕਰ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਦੇਸ ਵਿਚ ਦਰਾਮਦ ਕੀਤੀਆਂ ਜਾਣ ਵਾਲੀਆਂ ਸਬਸਿਡੀ ਵਾਲੀਆਂ ਵਸਤੂਆਂ ਤੋਂ ਅਨੁਚਿਤ ਮੁਕਾਬਲੇ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਅਸੀਂ ਦੀ ਰੱਖਿਆ ਨਹੀਂ ਕਰ ਸਕਦੇ ਤਾਂ ਉਹ ਮੁਕਾਬਲਾ ਨਹੀਂ ਕਰ ਸਕਣਗੇ।" ਉਨ੍ਹਾਂ ਕਿਹਾ, "ਸੈਮੀ-ਕੰਡਕਟਰ ਉਦਯੋਗ ਨੂੰ ਦੇਖੋ। ਅਸੀਂ ਸਮਝਦੇ ਹਾਂ ਕਿ ਅੱਜ ਸੈਮੀ-ਕੰਡਕਟਰ ਭਾਰਤ ਵਰਗੇ ਦੇਸ ਲਈ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ ਭਾਰਤ ਵੱਖ-ਵੱਖਰੇ ਢੰਗ ਨਾਲ ਕੰਮ ਕਰ ਰਿਹਾ ਹੈ ਅਤੇ ਇਸ ਤਰ੍ਹਾਂ ਜਰੂਰੀ ਸਖਤ ਫੈਸਲੇ



ਲੈਣਾ ਹੈ। ਜੈਸੰਕਰ ਨੇ ਕਿਹਾ ਕਿ ਸਿੱਧੇ ਵਿਦੇਸੀ ਨਿਵੇਸ (ਐੱਫ. ਡੀ. ਆਈ.) ਨੂੰ ਲੈ ਕੇ ਸਮਝਦਾਰੀ ਵਾਲਾ ਰਵੱਈਆ ਦਿਖਾਉਣਾ ਚਾਹੀਦਾ ਹੈ। ਕੇਂਦਰੀ ਮੰਤਰੀ ਨੇ ਕਿਹਾ, 'ਮੈਂ ਤੁਹਾਨੂੰ ਦੱਸਣਾ ਚਾਹੁੰਦਾ ਹਾਂ ਕਿ ਐੱਫਡੀਆਈ ਦੇ ਸਬੰਧ ਵਿਚ ਹਰ ਗੱਲਬਾਤ ਵਿਚ ਅਸੀਂ ਬਹੁਤ ਲੰਬੇ ਸਮੇਂ ਲਈ ਅਤੇ ਬਹੁਤ ਡੂੰਘਾਈ ਨਾਲ ਵਿਚਾਰ ਕਰਦੇ ਹਾਂ। "ਅਸੀਂ ਐੱਫ. ਡੀ. ਆਈ. ਦੇ ਸਮਾਜਿਕ ਤਾਣੇ-ਬਾਣੇ ਅਤੇ ਰੁਜਗਾਰ ਦੇ ਪ੍ਰਭਾਵਾਂ ਤੋਂ ਇਲਾਵਾ ਰਾਸਟਰੀ ਸੁਰੱਖਿਆ ਪ੍ਰਭਾਵਾਂ ਬਾਰੇ ਡੂੰਘੀ ਚਿੰਤਾ ਕਰਦੇ ਹਾਂ।" ਇਕ ਖੁੱਲ੍ਹੀ ਆਰਥਿਕਤਾ ਇਕ ਆਰਥਿਕ ਪ੍ਰਣਾਲੀ ਹੈ ਜਿਸ ਵਿਚ ਦੇਸ ਦੀ ਆਰਥਿਕਤਾ ਅੰਤਰਰਾਸਟਰੀ ਵਪਾਰ ਅਤੇ ਨਿਵੇਸ ਲਈ ਖੁੱਲ੍ਹੀ ਹੈ। ਇਹ ਪ੍ਰਣਾਲੀ ਵੱਖ-ਵੱਖ ਦੇਸਾਂ ਵਿਚਕਾਰ ਵਸਤੂਆਂ ਅਤੇ ਸੇਵਾਵਾਂ ਦੇ ਆਦਾਨ-ਪ੍ਰਦਾਨ ਨੂੰ ਉਤਸਾਹਿਤ ਕਰਦੀ ਹੈ। ਭਾਰਤ ਨੇ 1991 ਵਿਚ ਆਪਣੇ ਆਰਥਿਕ ਸੁਧਾਰਾਂ ਦੇ ਨਾਲ ਇਕ ਖੁੱਲ੍ਹੀ ਆਰਥਿਕਤਾ ਵੱਲ ਵਧਿਆ, ਜਿਸ ਨਾਲ ਦੇਸ ਦੇ ਆਰਥਿਕ ਢਾਂਚੇ ਵਿਚ ਮਹੱਤਵਪੂਰਨ ਤਬਦੀਲੀਆਂ ਆਈਆਂ। ਦੱਸਣਯੋਗ ਹੈ ਕਿ ਉਸ ਸਮੇਂ ਭਾਰਤ ਦੇ ਪ੍ਰਧਾਨ ਮੰਤਰੀ ਪੀ. ਵੀ. ਨਰਸਿਮਹਾ ਰਾਓ ਸਨ। ਇਸ ਦੇ ਨਾਲ ਹੀ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਉਸ ਸਮੇਂ ਦੇਸ ਦੇ ਵਿੱਤ ਮੰਤਰੀ ਸਨ।

## ਅਡਾਨੀ ਨੂੰ ਇਕ ਹੋਰ ਝਟਕਾ, ਹੁਣ ਦੁਨੀਆ ਦੇ ਟਾਪ-20 ਅਮੀਰਾਂ ਦੀ ਸੂਚੀ ਤੋਂ ਬਾਹਰ

ਨੈਸ਼ਨਲ ਡੈਸਕ 25 ਨਵੰਬਰ। ਪਿਛਲੇ ਦੋ ਦਿਨ ਅਡਾਨੀ ਗਰੁੱਪ ਦੇ ਚੇਅਰਮੈਨ ਗੌਤਮ ਅਡਾਨੀ ਲਈ ਮੁਸ਼ਕਿਲ ਭਰੇ ਨਿਕਲੇ ਹਨ। ਰਿਸ਼ਵਤ ਦੇਣ ਅਤੇ ਧੋਖਾਦੇਹੀ ਦੇ ਦੋਸ਼ 'ਚ ਅਮਰੀਕੀ ਅਦਾਲਤ ਨੇ ਵੀਰਵਾਰ ਨੂੰ ਉਨ੍ਹਾਂ ਦੇ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤਾ ਸੀ। ਇਸ ਤੋਂ ਬਾਅਦ ਅਡਾਨੀ ਦੀਆਂ ਸਾਰੀਆਂ ਕੰਪਨੀਆਂ ਦੇ ਸ਼ੇਅਰ ਧੜੱਮ ਹੋ ਗਏ ਸਨ। ਵੀਰਵਾਰ ਨੂੰ ਇਨ੍ਹਾਂ ਦੀਆਂ ਸਾਰੀਆਂ ਕੰਪਨੀਆਂ ਦਾ ਮਾਰਕੀਟ ਕੈਪ ਲੱਗਭਗ ਢਾਈ ਲੱਖ ਕਰੋੜ ਰੁਪਏ ਡਿੱਗ ਗਿਆ ਸੀ। ਅਗਲੇ ਦਿਨ ਸ਼ੁੱਕਰਵਾਰ ਨੂੰ ਸਵੇਰੇ ਵੀ ਸਾਰੇ ਸ਼ੇਅਰ ਲਾਲ ਨਿਸ਼ਾਨ 'ਤੇ ਸਨ। ਹਾਲਾਂਕਿ ਸ਼ਾਮ ਨੂੰ ਕਈਆਂ ਨੇ ਰਿਕਵਰੀ ਕਰ ਲਈ ਸੀ ਪਰ ਇਸ ਨਾਲ ਅਡਾਨੀ ਦੀ ਨੈੱਟਵਰਥ ਨੂੰ ਕਾਫ਼ੀ ਨੁਕਸਾਨ ਹੋਇਆ ਹੈ। ਇਸ ਝਟਕੇ ਕਾਰਨ ਅਡਾਨੀ ਦੀ ਨੈੱਟਵਰਥ 'ਚ ਭਾਰੀ ਕਮੀ ਆਈ ਹੈ। ਬਲੂਮਬਰਗ ਬਿਲੇਨੀਅਰਜ ਇੰਡੈਕਸ 'ਚ ਅਡਾਨੀ ਦਾ ਨੰਬਰ ਕਾਫ਼ੀ ਡਿੱਗ ਗਿਆ ਹੈ। ਉਹ ਦੁਨੀਆ ਦੇ ਟਾਪ-20 ਅਮੀਰਾਂ ਤੋਂ ਬਾਹਰ ਹੋ ਗਏ ਹਨ। ਇਸ ਇੰਡੈਕਸ ਮੁਤਾਬਕ ਅਡਾਨੀ ਦੀ ਨੈੱਟਵਰਥ 'ਚ ਪਿਛਲੇ ਦੋ ਦਿਨਾਂ 'ਚ 14 ਬਿਲੀਅਨ ਡਾਲਰ ਤੋਂ ਜ਼ਿਆਦਾ ਦੀ ਕਮੀ ਆਈ ਹੈ। ਅਮਰੀਕੀ ਅਦਾਲਤ ਦੇ ਹੁਕਮ ਤੋਂ ਪਹਿਲਾਂ ਅਡਾਨੀ ਇਸ ਸੂਚੀ 'ਚ 17ਵੇਂ ਸਥਾਨ 'ਤੇ ਸਨ। ਉਸ ਸਮੇਂ ਅਡਾਨੀ ਦੀ ਨੈੱਟਵਰਥ 85.5 ਬਿਲੀਅਨ ਡਾਲਰ ਸੀ। ਸ਼ਨੀਵਾਰ ਨੂੰ ਤਾਜ਼ਾ ਸੂਚੀ 'ਚ ਅਡਾਨੀ 17ਵੇਂ ਸਥਾਨ ਤੋਂ ਖਿਸਕ ਕੇ 21ਵੇਂ ਸਥਾਨ 'ਤੇ ਆ ਗਏ ਹਨ, ਭਾਵ ਉਹ ਦੁਨੀਆ ਦੇ ਟਾਪ-20 ਅਮੀਰਾਂ ਦੀ ਸੂਚੀ ਤੋਂ ਬਾਹਰ ਹੋ ਗਏ ਹਨ। ਬਲੂਮਬਰਗ ਬਿਲੇਨੀਅਰਜ ਇੰਡੈਕਸ ਅਨੁਸਾਰ ਇਨ੍ਹਾਂ ਦੋ ਦਿਨਾਂ 'ਚ ਅਡਾਨੀ ਦੀ ਨੈੱਟਵਰਥ 'ਚ 14.7 ਬਿਲੀਅਨ ਡਾਲਰ ਦੀ ਕਮੀ ਆਈ ਹੈ। ਇਸ ਕਮੀ ਨਾਲ ਹੁਣ ਅਡਾਨੀ ਦੀ ਨੈੱਟਵਰਥ 70.8 ਬਿਲੀਅਨ ਡਾਲਰ ਰਹਿ ਗਈ ਹੈ। 24 ਘੰਟਿਆਂ 'ਚ ਅਡਾਨੀ ਨੂੰ 1.19 ਬਿਲੀਅਨ ਡਾਲਰ ਦਾ ਨੁਕਸਾਨ ਹੋਇਆ ਹੈ। ਫੋਰਬਸ ਦੀ ਬਿਲੇਨੀਅਰਜ ਲਿਸਟ 'ਚ ਵੀ ਅਡਾਨੀ ਨੂੰ ਭਾਰੀ ਨੁਕਸਾਨ ਹੋਇਆ ਹੈ। ਫੋਰਬਸ ਮੁਤਾਬਕ ਵੀਰਵਾਰ ਨੂੰ ਅਡਾਨੀ ਦੀ ਜਾਇਦਾਦ 'ਚ 17.34 ਫ਼ੀਸਦੀ ਦੀ ਗਿਰਾਵਟ ਆਈ ਸੀ, ਭਾਵ ਅਡਾਨੀ ਦੀ ਜਾਇਦਾਦ ਇਕ ਦਿਨ 'ਚ ਲੱਗਭਗ 12.1 ਬਿਲੀਅਨ ਡਾਲਰ ਡਿੱਗ ਕੇ 57.7 ਬਿਲੀਅਨ ਡਾਲਰ ਰਹਿ ਗਈ ਸੀ।



# ਅਡਾਨੀ ਦਾ ਸਾਥ ਦੇ ਕੇ ਦੇਸ਼ ਦਾ ਅਕਸ ਖਰਾਬ ਕਰ ਰਹੇ ਹਨ ਪ੍ਰਧਾਨ ਮੰਤਰੀ ਮੋਦੀ: ਖੜਗੇ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 25 ਨਵੰਬਰ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਸੰਸਦ ਦੇ ਦੋਹਾਂ ਸਦਨਾਂ ਦੀ ਕਾਰਵਾਈ ਸੋਮਵਾਰ ਨੂੰ ਦਿਨ ਭਰ ਲਈ ਮੁਲਤਵੀ ਹੋਣ ਮਗਰੋਂ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਿਆ। ਉਨ੍ਹਾਂ ਦਾਅਵਾ ਕੀਤਾ ਕਿ ਵਿਰੋਧੀ ਧਿਰ 'ਤੇ ਹੁੜਦੰਗ ਮਚਾਉਣ ਦਾ ਦੋਸ਼ ਲਾਉਣ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਦਯੋਗਪਤੀ ਗੌਤਮ ਅਡਾਨੀ ਸਮੂਹ ਦਾ ਸਾਥ ਦੇ ਕੇ ਦੇਸ਼ ਦਾ ਅਕਸ ਖਰਾਬ ਕਰ ਰਹੇ ਹਨ। ਅਡਾਨੀ ਸਮੂਹ ਨਾਲ ਜੁੜੀਆਂ ਵਿੱਤੀ ਬੇਨਿਯਮੀਆਂ ਦਾ ਮਾਮਲਾ ਗੰਭੀਰ ਹੈ ਅਤੇ ਵਿਰੋਧੀ ਧਿਰ ਦੇਸ਼ ਬਚਾਉਣ ਲਈ ਇਹ ਮੁੱਦਾ ਚੁੱਕਣਾ ਚਾਹੁੰਦਾ ਹੈ। ਖੜਗੇ ਨੇ ਕਿਹਾ ਕਿ ਅੱਜ ਅਸੀਂ ਸੰਸਦ (ਰਾਜ ਸਭਾ) ਵਿਚ ਨਿਯਮ-267 ਤਹਿਤ ਅਡਾਨੀ ਦਾ ਮੁੱਦਾ ਚੁੱਕਿਆ ਸੀ। ਅਡਾਨੀ ਸਮੂਹ 'ਤੇ ਭ੍ਰਿਸ਼ਟਾਚਾਰ, ਰਿਸ਼ਵਤ ਅਤੇ ਵਿੱਤੀ ਬੇਨਿਯਮੀਆਂ ਦੇ ਗੰਭੀਰ ਦੋਸ਼ ਹਨ, ਉਸ ਬਾਰੇ ਅਸੀਂ ਇਸ ਮੁੱਦੇ ਨੂੰ ਸਦਨ ਦੇ ਸਾਹਮਣੇ ਰੱਖਣਾ ਚਾਹੁੰਦੇ ਸੀ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਇਸ ਮਾਮਲੇ 'ਤੇ ਚਰਚਾ ਨਹੀਂ ਕਰਵਾਈ ਅਤੇ ਕਾਰਵਾਈ ਮੁਲਤਵੀ ਕਰ ਦਿੱਤੀ ਗਈ। ਰਾਜ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਮੋਦੀ ਜਿੱਥ-ਜਿੱਥੇ ਜਾਂਦੇ ਹਨ, ਉੱਥੇ-ਉੱਥੇ ਅਡਾਨੀ ਸਮੂਹ ਨੂੰ ਠੇਕੇ ਮਿਲਦੇ ਹਨ। ਇਸ ਲਈ ਅਸੀਂ ਚਾਹੁੰਦੇ ਹਾਂ ਕਿ ਇਸ ਮਾਮਲੇ 'ਤੇ ਸਦਨ ਵਿਚ ਚਰਚਾ ਹੋਵੇ। ਜਿਸ ਚੀਜ ਨਾਲ ਦੇਸ਼ ਦਾ ਨੁਕਸਾਨ ਹੋ ਰਿਹਾ ਹੈ, ਜਿਸ ਦੇ ਚੱਲਦੇ ਦੁਨੀਆ ਦਾ ਭਰੋਸਾ ਸਾਡੇ ਤੋਂ ਉੱਠ ਸਕਦਾ ਹੋਵੇ, ਉਸ ਸਮੇਂ ਇਹ ਚੀਜ ਸਦਨ ਵਿਚ ਲਿਆਉਣਾ ਜਰੂਰੀ ਹੈ।



## ਪ੍ਰਿਯੰਕਾ ਗਾਂਧੀ ਨੇ 4 ਲੱਖ ਤੋਂ ਵੱਧ ਵੋਟਾਂ ਨਾਲ ਜਿੱਤੀ ਵਾਇਨਾਡ ਸੀਟ

ਵਾਇਨਾਡ 25 ਨਵੰਬਰ। ਕਾਂਗਰਸ ਨੇਤਾ ਪ੍ਰਿਯੰਕਾ ਗਾਂਧੀ ਵਾਡਰਾ ਨੇ ਵਾਇਨਾਡ ਤੋਂ ਜਿੱਤ ਦਰਜ ਕੀਤੀ ਹੈ। ਉਹ 4,10,931 ਵੋਟਾਂ ਦੇ ਫਰਕ ਨਾਲ ਜਿੱਤੇ ਹਨ। ਉਨ੍ਹਾਂ ਨੇ ਮਾਕਸਵਾਦੀ



ਕਮਿਊਨਿਸਟ ਪਾਰਟੀ ਦੇ ਸਤਿਅਨ ਮੋਕੇਰੀ ਨੂੰ ਅਤੇ ਭਾਜਪਾ ਦੀ ਅਗਵਾਈ ਵਾਲੀ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਨੇ ਨਵਿਆ ਹਰੀਦਾਸ ਨੂੰ ਮਾਤ ਦਿੱਤੀ ਹੈ। ਵਾਇਨਾਡ ਲੋਕ ਸਭਾ ਸੀਟ ਲਈ ਜ਼ਿਮਨੀ ਚੋਣਾਂ 13 ਨਵੰਬਰ ਨੂੰ ਹੋਈਆਂ ਸੀ। ਇਸ ਵਿਚ 16 ਉਮੀਦਵਾਰ ਚੋਣ ਮੈਦਾਨ ਵਿਚ ਉਤਰੇ। ਪ੍ਰਿਯੰਕਾ ਪਹਿਲੀ ਵਾਰ ਚੋਣ ਮੈਦਾਨ ਵਿਚ ਉਤਰੀ। ਵਾਇਨਾਡ 'ਚ ਇਸ ਵਾਰ ਕਰੀਬ 65 ਫੀਸਦੀ ਵੋਟਿੰਗ ਹੋਈ ਹੈ। ਅਪ੍ਰੈਲ ਵਿਚ ਜਦੋਂ ਰਾਹੁਲ ਗਾਂਧੀ ਇੱਥੋਂ ਚੋਣ ਲੜ ਰਹੇ ਸਨ ਤਾਂ 74 ਫੀਸਦੀ ਵੋਟਿੰਗ ਹੋਈ ਸੀ। ਦੱਸਣਯੋਗ ਹੈ ਕਿ ਲੋਕ ਸਭਾ ਚੋਣਾਂ ਵਿਚ ਰਾਹੁਲ ਗਾਂਧੀ ਨੇ ਉੱਤਰ ਪ੍ਰਦੇਸ਼ ਦੇ ਰਾਇਬਰੇਲੀ ਅਤੇ ਕੇਰਲ ਦੀ ਵਾਇਨਾਡ ਸੀਟ ਤੋਂ ਚੋਣ ਲੜੀ ਸੀ। ਦੋਹਾਂ ਹੀ ਸੀਟਾਂ 'ਤੇ ਰਾਹੁਲ ਨੇ ਜਿੱਤ ਹਾਸਲ ਕੀਤੀ ਸੀ। ਹਾਲਾਂਕਿ ਬਾਅਦ ਵਿਚ ਉਨ੍ਹਾਂ ਨੇ ਲੋਕ ਸਭਾ ਵਿਚ ਰਾਇਬਰੇਲੀ ਸੀਟ ਤੋਂ ਨੁਮਾਇੰਦਗੀ ਕਰਨ ਦਾ ਫੈਸਲਾ ਕੀਤਾ। ਰਾਹੁਲ ਦੇ ਇਸ ਫੈਸਲੇ ਨਾਲ ਖਾਲੀ ਹੋ ਗਈ, ਜਿਸ 'ਤੇ 13 ਨਵੰਬਰ ਨੂੰ ਜ਼ਿਮਨੀ ਚੋਣ ਹੋਈ ਸੀ। ਵਾਇਨਾਡ ਸੀਟ ਜਿੱਤਣ ਮਗਰੋਂ ਪ੍ਰਿਯੰਕਾ ਨੇ ਸੋਸ਼ਲ ਮੀਡੀਆ ਜਰੀਏ ਵਾਇਨਾਡ ਦੀ ਜਨਤਾ, ਪਾਰਟੀ ਵਰਕਰਾਂ ਅਤੇ ਪਰਿਵਾਰ ਦਾ ਧੰਨਵਾਦ ਕੀਤਾ ਹੈ। ਪ੍ਰਿਯੰਕਾ ਨੇ ਆਪਣੀ ਜਿੱਤ ਦੀ ਖ਼ੁਸ਼ੀ ਜਤਾਈ ਅਤੇ ਕਿਹਾ ਕਿ ਉਨ੍ਹਾਂ ਨੂੰ ਜਨਤਾ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ।

## ਵਿਰੋਧੀ ਧਿਰ ਦੇ ਮੈਂਬਰਾਂ ਨੇ ਓਮ ਬਿਰਲਾ ਨੂੰ ਸੌਂਪੀ ਚਿੱਠੀ

ਨਵੀਂ ਦਿੱਲੀ 25 ਨਵੰਬਰ। ਵਕਫ ਸੋਧ ਬਿੱਲ 'ਤੇ ਵਿਚਾਰ ਕਰਨ ਵਾਲੀ ਸੰਸਦ ਦੀ ਸੰਯੁਕਤ ਕਮੇਟੀ 'ਚ ਸ਼ਾਮਲ ਵਿਰੋਧੀ ਸੰਸਦ ਮੈਂਬਰਾਂ ਨੇ ਸੋਮਵਾਰ ਨੂੰ ਲੋਕ ਸਭਾ ਸਪੀਕਰ ਓਮ ਬਿਰਲਾ ਨਾਲ ਮੁਲਾਕਾਤ ਕਰ ਕੇ ਇਸ ਕਮੇਟੀ ਦਾ ਕਾਰਜਕਾਲ ਵਧਾਉਣ ਦੀ ਅਪੀਲ ਕੀਤੀ। ਇਨ੍ਹਾਂ ਵਿਰੋਧੀ ਧਿਰ ਦੇ ਮੈਂਬਰਾਂ ਦਾ ਕਹਿਣਾ ਹੈ ਕਿ ਸੋਧ ਬਿੱਲ 'ਤੇ ਉੱਚਿਤ ਵਿਚਾਰ-ਵਟਾਂਦਰਾ ਅਤੇ ਚਰਚਾ ਲਈ ਇਸ ਕਮੇਟੀ ਦਾ ਕਾਰਜਕਾਲ ਲੋੜੀਂਦੇ ਸਮੇਂ ਲਈ ਵਧਾਇਆ ਜਾਣਾ ਚਾਹੀਦਾ। ਕਾਂਗਰਸ ਸੰਸਦ ਮੈਂਬਰ ਜਾਵੇਦ ਅਤੇ ਸਈਅਦ ਨਾਸਿਰ ਹੁਸੈਨ, ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਕਲਿਆਣ ਬੈਨਰਜੀ, ਆਮ ਆਦਮੀ ਪਾਰਟੀ ਦੇ ਸੰਜੇ ਸਿੰਘ, ਏ.ਆਈ.ਐੱਮ.ਆਈ.ਐੱਮ. ਦੇ ਸੰਸਦ ਮੈਂਬਰ ਅਸਦੁਦੀਨ ਓਵੈਸੀ ਅਤੇ ਕੁਝ ਹੋਰ ਵਿਰੋਧੀ ਸੰਸਦ ਮੈਂਬਰਾਂ ਨੇ ਬਿਰਲਾ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਆਪਣੀ ਮੰਗ ਨੂੰ ਲੈ ਕੇ ਇਕ ਚਿੱਠੀ ਵੀ ਲੋਕ ਸਭਾ ਸਪੀਕਰ ਨੂੰ ਸੌਂਪੀ।

# ਮਹਾਰਾਸ਼ਟਰ 'ਚ ਇਸ ਮਹਾ ਜਿੱਤ ਦੇ ਸੂਖਮ ਸੂਤਰ ਨੂੰ ਸਮਝੋ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 25 ਨਵੰਬਰ। ਮਹਾਰਾਸ਼ਟਰ 'ਚ ਭਾਜਪਾ ਦੀ ਅਗਵਾਈ ਵਾਲੀ ਮਹਾਯੁਤੀ ਦੀ ਪ੍ਰਚੰਡ ਜਿੱਤ ਦੇ ਨਾਲ-ਨਾਲ ਉਸ ਦੇ ਦੋਵਾਂ ਸਹਿਯੋਗੀਆਂ ਸ਼ਿਵ ਸੈਨਾ ਸ਼ਿੰਦੇ ਧੜੇ ਤੇ ਅਜੀਤ ਪਵਾਰ ਦੀ ਅਗਵਾਈ ਵਾਲੀ ਰਾਸ਼ਟਰਵਾਦੀ ਕਾਂਗਰਸ ਪਾਰਟੀ ਨੇ ਵੀ ਚੰਗੀ ਕਾਰਗੁਜਾਰੀ ਵਿਖਾ ਕੇ ਝਾਰਖੰਡ ਵਿਚ ਮਿਲੀ ਹਾਰ ਦੇ ਸਦਮੇ ਨੂੰ ਕਿਨਾਰੇ ਕਰ ਦਿੱਤਾ ਹੈ। ਦੇਸ਼ ਦੀ ਦੂਜੀ ਸਭ ਤੋਂ ਵੱਡੀ ਵਿਧਾਨ ਸਭਾ ਵਿਚ ਭਾਜਪਾ ਨੇ ਚੋਣਾਂ 'ਚ 149 ਸੀਟਾਂ 'ਤੇ ਉਮੀਦਵਾਰ ਉਤਾਰੇ ਸਨ ਅਤੇ ਇਸ ਨੇ 132 ਸੀਟਾਂ ਜਿੱਤ ਲਈਆਂ ਭਾਵ ਲੱਗਭਗ 90 ਫੀਸਦੀ ਦਾ ਸਟ੍ਰਾਈਕ ਰੇਟ। ਅਜਿਹਾ ਇਤਿਹਾਸ ਵਿਚ ਵੀ ਕਦੇ-ਕਦੇ ਹੀ ਹੁੰਦਾ ਹੈ ਅਤੇ ਭਾਜਪਾ ਨੇ ਇਹ ਕਰ ਕੇ ਵਿਖਾ ਦਿੱਤਾ ਹੈ। ਭਾਜਪਾ ਨੇ 2019 ਦੀਆਂ ਚੋਣਾਂ ਤੋਂ 27 ਸੀਟਾਂ ਵੱਧ ਜਿੱਤੀਆਂ। ਉਸ ਵੇਲੇ ਭਾਜਪਾ ਨੂੰ 105 ਸੀਟਾਂ ਹੀ ਮਿਲੀਆਂ ਸਨ। ਸ਼ਿਵਸੈਨਾ ਨੇ ਊਧਵ ਠਾਕਰੇ ਦੀ ਅਗਵਾਈ 'ਚ ਉਹ ਚੋਣ ਲੜ ਕੇ 56 ਸੀਟਾਂ ਜਿੱਤੀਆਂ ਸਨ। ਇਸ ਵਾਰ ਇਕੱਲੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਪਾਰਟੀ ਹੀ 57 ਸੀਟਾਂ 'ਤੇ ਕਾਬਜ ਹੁੰਦੀ ਨਜਰ ਆ ਰਹੀ ਹੈ। ਰਾਕਾਂਪਾ ਨੇ ਸ਼ਰਦ ਪਵਾਰ ਦੀ ਅਗਵਾਈ 'ਚ ਪਿਛਲੀ ਵਾਰ 54 ਸੀਟਾਂ ਜਿੱਤੀਆਂ ਸਨ ਅਤੇ ਇਸ ਵਾਰ ਅਜੀਤ ਪਵਾਰ ਧੜੇ ਨੇ 41 ਸੀਟਾਂ ਜਿੱਤ ਲਈਆਂ। ਇਨ੍ਹਾਂ ਚੋਣਾਂ ਵਿਚ ਕਾਂਗਰਸ ਆਪਣੀ ਕਾਰਗੁਜਾਰੀ ਇਕ ਤਿਹਾਈ 'ਤੇ ਲੈ ਆਈ। ਉਸ ਨੂੰ 2019 ਦੀਆਂ ਚੋਣਾਂ ਵਿਚ 44 ਸੀਟਾਂ ਮਿਲੀਆਂ ਸਨ। ਹੁਣ ਉਹ 16 ਸੀਟਾਂ 'ਤੇ ਸਿਮਟ ਗਈ। ਊਧਵ ਠਾਕਰੇ ਮਹਾਰਾਸ਼ਟਰ ਦੀ ਸਿਆਸਤ ਵਿਚ ਕੱਦ ਗੁਆ ਚੁੱਕੇ ਹਨ ਅਤੇ ਹੁਣ ਸ਼ਰਦ ਪਵਾਰ ਨੂੰ ਵੀ ਮਰਾਠਾ ਸਿਆਸਤ ਦਾ ਧਾਕੜ ਲਿਖਣਾ ਬੇਮਾਅਨੇ ਹੋਵੇਗਾ। ਉਨ੍ਹਾਂ ਦਾ ਸਾਰਾ ਰੁਤਬਾ ਹੁਣ ਉਨ੍ਹਾਂ ਦੇ ਭਤੀਜੇ ਅਜੀਤ ਦਾਦਾ ਕੋਲ ਹੈ। ਮਹਾਯੁਤੀ ਦੀ ਮਹਾਰਾਸ਼ਟਰ ਵਿਚ ਇਸ ਵੱਡੀ ਜਿੱਤ ਦੇ ਪਿੱਛੇ ਕਈ ਕਾਰਨ ਰਹੇ ਹਨ। ਮੱਧ ਪ੍ਰਦੇਸ਼ ਵਿਚ 'ਲਾਡਲੀ ਬਹਿਨਾ' ਦੀ ਤਰਜ 'ਤੇ ਲਾਗੂ 'ਲਾਡਕੀ ਬਹਿਨ' ਯੋਜਨਾ ਨੂੰ ਵੱਡਾ ਗੇਮ ਚੇਂਜਰ ਮੰਨਿਆ ਜਾ ਰਿਹਾ ਹੈ। ਇਸ ਨਾਲ ਰਲਦੀਆਂ-ਮਿਲਦੀਆਂ ਕੁਝ ਹੋਰ ਯੋਜਨਾਵਾਂ ਨੇ ਕੰਮ ਸੌਖਾ ਕਰ ਦਿੱਤਾ। ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਜਿਸ 'ਬੰਟੋਗੇ ਤੋ ਕਟੋਗੇ' ਨੂੰ ਚਲਾਇਆ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਸ ਨੂੰ 'ਏਕ ਹੈਂ ਤੋ ਸੇਫ ਹੈਂ' ਨਾਲ ਅੱਗੇ ਵਧਾਇਆ। ਇਸੇ ਕਾਰਨ ਵਿਸ਼ਲੇਸ਼ਕ ਮੰਨਦੇ ਹਨ ਕਿ ਵਿਰੋਧੀ ਮਰਾਠਾ ਤੇ ਓ. ਬੀ. ਸੀ. ਵੋਟ ਵੀ ਇਕ ਪਟੜੀ 'ਤੇ ਨਜਰ ਆਏ। ਸ਼ਿਵ ਸੈਨਾ ਸ਼ਿੰਦੇ ਧੜਾ ਵੀ ਊਧਵ ਧੜੇ ਤੋਂ ਦੁੱਗਣੀਆਂ ਤੋਂ ਵੱਧ ਵਿਧਾਨ ਸਭਾ ਸੀਟਾਂ ਜਿੱਤਣ ਵਿਚ ਸਫਲ ਰਿਹਾ ਹੈ। ਊਧਵ ਠਾਕਰੇ ਦੇ ਔਰੰਗਜੇਬ ਪ੍ਰਤੀ ਸ਼ਰਧਾ ਵਿਖਾਉਣ ਕਾਰਨ ਉਨ੍ਹਾਂ ਦਾ ਕੋਰ ਵੋਟਰ ਉਨ੍ਹਾਂ ਤੋਂ ਦੂਰ ਹੋ ਗਿਆ ਅਤੇ ਉਨ੍ਹਾਂ ਨੂੰ 20 ਸੀਟਾਂ ਜਿੱਤਣ ਦੇ ਵੀ ਲਾਲੇ ਪੈ ਗਏ। ਉਹ ਵੀ ਉਸ ਸ਼ਿਵ ਸੈਨਾ ਨੂੰ ਜਿਸ ਦੇ ਸੰਸਥਾਪਕ ਬਾਲ ਠਾਕਰੇ ਨੇ ਮਜਬੂਤ ਵੋਟ ਬੈਂਕ ਦੀ ਵਿਰਾਸਤ ਬੇਟੇ ਊਧਵ ਲਈ ਛੱਡੀ ਸੀ। ਉਂਝ ਤਾਂ ਮੁੱਖ ਮੰਤਰੀ ਏਕਨਾਥ ਸ਼ਿੰਦੇ ਆਪਣੀ ਪਾਰਟੀ ਨੂੰ ਬਾਲ ਠਾਕਰੇ ਦੀ ਵਿਰਾਸਤ ਦਾ ਝੰਡਾਬਰਦਾਰ ਮੰਨਦੇ ਸਨ, ਹੁਣ 57 ਸੀਟਾਂ 'ਤੇ ਜਿੱਤ ਦੇ ਨਾਲ ਸੂਬੇ ਦੀ ਦੂਜੀ ਸਭ ਤੋਂ ਵੱਡੀ ਪਾਰਟੀ ਬਣਾ ਚੁੱਕੇ ਹਨ। ਝਾਰਖੰਡ 'ਚ ਆਦਿਵਾਸੀ ਵੱਕਾਰ ਦਾ ਸਵਾਲ ਭਾਜਪਾ ਨੂੰ ਭਾਰੀ ਪੈ ਗਿਆ। ਮੁੱਖ ਮੰਤਰੀ ਹੇਮੰਤ ਸੋਰੇਨ ਨੂੰ ਜੇਲ ਭੇਜਣ ਦਾ ਦਾਅ ਉੱਥੇ ਭਾਜਪਾ ਨੂੰ ਪੁੱਠਾ ਪੈ ਗਿਆ। ਹੇਮੰਤ ਦੀ ਗੈਰ-ਮੌਜੂਦਗੀ 'ਚ ਉਨ੍ਹਾਂ ਦੀ ਪਤਨੀ ਕਲਪਨਾ ਸੋਰੇਨ ਨੇ ਜਾਦੂ ਵਾਂਗ ਪਾਰਟੀ ਨਾਲ ਲੋਕਾਂ ਨੂੰ ਜੋੜਿਆ। 4 ਭਾਸ਼ਾਵਾਂ ਦੀ ਜਾਣਕਾਰ ਕਲਪਨਾ ਦਾ ਜਾਦੂ ਵਿਧਾਨ ਸਭਾ ਚੋਣਾਂ ਵਿਚ ਪੂਰਾ ਨਜਰ ਆਇਆ। ਉਨ੍ਹਾਂ ਦੀ ਰੈਲੀ ਵਿਚ ਵੱਡੇ ਨੇਤਾਵਾਂ ਨਾਲ ਜ਼ਿਆਦਾ ਭੀੜ ਜੁਟ ਰਹੀ ਸੀ।




# ਕਾਲੋਨਾਈਜ਼ਰਾਂ ਨੇ ਨਾਜਾਇਜ ਕਾਲੋਨੀਆਂ ਕੱਟਣ ਦਾ ਢੰਗ ਬਦਲਿਆ

ਜਲੰਧਰ 25 ਨਵੰਬਰ। ਜਲੰਧਰ ਵਿਚ ਪਿਛਲੇ ਲੰਮੇ ਸਮੇਂ ਤੋਂ ਨਾਜਾਇਜ ਕਾਲੋਨੀਆਂ ਕੱਟੀਆਂ ਜਾ ਰਹੀਆਂ ਹਨ, ਜਿਨ੍ਹਾਂ ਨੇ ਸ਼ਹਿਰ ਦੀ ਸ਼ਕਲ ਹੀ ਵਿਗਾੜ ਕੇ ਰੱਖ ਦਿੱਤੀ ਹੈ। ਜਦੋਂ ਅਕਾਲੀ-ਭਾਜਪਾ ਦੀ ਸਰਕਾਰ ਸੀ ਅਤੇ ਉਸ ਤੋਂ ਬਾਅਦ ਜਦੋਂ ਕਾਂਗਰਸ ਆਈ, ਉਦੋਂ ਕਾਲੋਨਾਈਜਰਾਂ ਦੀ ਖੂਬ ਮੌਜ ਲੱਗੀ ਰਹੀ ਅਤੇ ਇਸ ਕਾਰਜਕਾਲ ਦੌਰਾਨ ਸ਼ਹਿਰ ਵਿਚ 1000 ਤੋਂ ਵੀ ਵਧੇਰੇ ਨਾਜਾਇਜ ਕਾਲੋਨੀਆਂ ਕੱਟ ਦਿੱਤੀਆਂ ਗਈਆਂ। ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਆਇਆਂ ਵੀ 2 ਸਾਲ ਤੋਂ ਵਧੇਰੇ ਸਮਾਂ ਹੋ ਚੁੱਕਾ ਹੈ ਪਰ ਨਾਜਾਇਜ ਕਾਲੋਨੀਆਂ ਦਾ ਕੰਮ ਰੁਕਣ ਦਾ ਨਾਂ ਨਹੀਂ ਲੈ ਰਿਹਾ। ਭਾਵੇਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਨਾਜਾਇਜ ਕਾਲੋਨੀਆਂ ’ਤੇ ਸਖਤ ਕਾਰਵਾਈ ਕਰਨ ਦੇ ਹੁਕਮ ਦੇ ਰੱਖੇ ਹਨ ਪਰ ਜਲੰਧਰ ਵਿਚ ਮੁੱਖ ਮੰਤਰੀ ਦੇ ਹੁਕਮਾਂ ’ਤੇ ਰੱਤੀ ਭਰ ਵੀ ਅਮਲ ਨਹੀਂ ਹੋ ਰਿਹਾ। ਨਾਜਾਇਜ ਕਾਲੋਨੀਆਂ ਦੇ ਮਾਮਲੇ ਵਿਚ ਜਿਥੇ ਜਲੰਧਰ ਨਿਗਮ ਦੇ ਅਧਿਕਾਰੀ ਲਾਪ੍ਰਵਾਹ ਬਣੇ ਹੋਏ ਹਨ, ਉਥੇ ਹੀ ਕਾਲੋਨਾਈਜਰਾਂ ਨੇ ਵੀ ਨਾਜਾਇਜ ਕਾਲੋਨੀਆਂ ਕੱਟਣ ਦਾ ਢੰਗ ਬਦਲ ਲਿਆ ਹੈ। ਪਹਿਲਾਂ ਇਹ ਕਾਲੋਨਾਈਜਰ ਜਮੀਨ ਆਦਿ ਖਰੀਦ ਕਰਕੇ ਉਸ ਵਿਚ ਸੜਕਾਂ ਆਦਿ ਬਣਾ ਲੈਂਦੇ ਸਨ ਅਤੇ ਵਧੇਰੇ ਮਾਮਲਿਆਂ ’ਚ ਸੀਵਰ ਲਾਈਨ ਅਤੇ ਸਟਰੀਟ ਲਾਈਟਾਂ ਤਕ ਲਗਾ ਦਿੱਤੀਆਂ



ਜਾਂਦੀਆਂ ਸਨ, ਜਿਸ ਤੋਂ ਬਾਅਦ ਪਲਾਟਿੰਗ ਹੁੰਦੀ ਸੀ ਅਤੇ ਨਾਜਾਇਜ ਕਾਲੋਨੀ ਦੇ ਪਲਾਟ ਡੀਲਰਾਂ ਵੱਲੋਂ ਵੇਚੇ ਜਾਂਦੇ ਸਨ। ਜਦੋਂ ਇਸ ਮਾਮਲੇ ਵਿਚ ਸ਼ਿਕਾਇਤਾਂ ਆਦਿ ਦਾ ਦੌਰ ਸ਼ੁਰੂ ਹੋਇਆ ਤਾਂ ਕਾਲੋਨਾਈਜਰਾਂ ਨੇ ਵੀ ਆਪਣੇ ਪੁਰਾਣੇ ਢੰਗ ਨੂੰ ਬਦਲ ਲਿਆ। ਹੁਣ ਨਾਜਾਇਜ ਕਾਲੋਨੀਆਂ ਕੱਟਣ ਵਾਲੇ ਕਾਲੋਨਾਈਜਰ ਕਿਸੇ ਵੀ ਜਮੀਨ ਨੂੰ ਖਰੀਦ ਕੇ ਉਥੇ ਕੁਝ ਵੀ ਡਿਵੈੱਲਪ ਨਹੀਂ ਕਰਦੇ, ਸਗੋਂ 2-2, 4-4 ਮਰਲੇ ਦੀਆਂ ਕੋਠੀਆਂ ਦਾ ਨਿਰਮਾਣ ਸ਼ੁਰੂ ਕਰ ਦਿੰਦੇ ਹਨ। ਵਧੇਰੇ ਮਾਮਲਿਆਂ ਵਿਚ ਇਹ ਕੋਠੀਆਂ ਅਤੇ ਨਿਰਮਾਣ ਬਿਨਾਂ ਨਕਸ਼ਾ ਪਾਸ ਕਰਵਾਏ ਕੀਤੇ ਜਾਂਦੇ ਹਨ। ਕਈ ਮਾਮਲਿਆਂ ਵਿਚ ਤਾਂ ਅਜਿਹਾ ਹੁੰਦਾ ਹੈ ਕਿ ਜੇਕਰ ਇਕ ਲਾਈਨ ਵਿਚ 10 ਜਾਂ 20 ਕੋਠੀਆਂ ਬਣ ਰਹੀਆਂ ਹਨ ਤਾਂ ਉਨ੍ਹਾਂ ਵਿਚੋਂ 4-6 ਦਾ ਨਕਸ਼ਾ ਪਾਸ ਕਰਵਾ ਲਿਆ ਜਾਂਦਾ ਹੈ ਅਤੇ ਸਰਕਾਰੀ ਅਧਿਕਾਰੀਆਂ ਦੇ ਆਉਣ ’ਤੇ ਇਕ ਹੀ ਨਕਸ਼ੇ ਨੂੰ ਵਾਰ-ਵਾਰ ਦਿਖਾ ਦਿੱਤਾ ਜਾਂਦਾ ਹੈ। ਇਸ ਤਰ੍ਹਾਂ ਨਾਜਾਇਜ ਕਾਲੋਨੀਆਂ ਵਿਚ ਕੋਠੀਆਂ ਆਦਿ ਬਣਾਉਣ ਤੋਂ ਬਾਅਦ ਕਾਲੋਨਾਈਜਰ ਜਾਂ ਤਾਂ ਖੁਦ ਸੜਕਾਂ ਆਦਿ ਦਾ ਨਿਰਮਾਣ ਕਰਦੇ ਹਨ ਜਾਂ ਵਧੇਰੇ ਮਾਮਲਿਆਂ ਵਿਚ ਵਿਧਾਇਕ ਜਾਂ ਸੰਸਦ ਮੈਂਬਰ ਆਦਿ ਦੀ ਗ੍ਰਾਂਟ ਨਾਲ ਇਹ ਕੰਮ ਕਰਵਾ ਲਿਆ ਜਾਂਦਾ ਹੈ। ਪਿਛਲੇ ਸਮੇਂ ਦੌਰਾਨ ਨਾਜਾਇਜ ਕਾਲੋਨੀਆਂ ਵਿਚ ਜਲੰਧਰ ਨਿਗਮ ਨੇ ਕਰੋੜਾਂ ਰੁਪਏ ਖਰਚ ਕੀਤੇ। ਨਾਰਥ ਵਿਧਾਨ ਸਭਾ ਹਲਕੇ ਅਧੀਨ ਆਉਂਦੇ ਟਰਾਂਸਪੋਰਟ ਨਗਰ ਦੇ ਸਾਹਮਣੇ ਪਰਸ਼ੂਰਾਮ ਨਗਰ ਵਿਚ ਇਨ੍ਹੀਂ ਦਿਨੀਂ ਨਾਜਾਇਜ ਕਾਲੋਨੀ ਨਵੇਂ ਢੰਗ ਨਾਲ ਕੱਟੀ ਜਾ ਰਹੀ ਹੈ। ਉਥੇ ਕਾਲੋਨਾਈਜਰਾਂ ਅਤੇ ਡੀਲਰਾਂ ਵੱਲੋਂ ਛੋਟੀਆਂ-ਛੋਟੀਆਂ ਕੋਠੀਆਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਹੁਣ ਉਥੇ ਨਵੀਆਂ ਸੜਕਾਂ ਨਹੀਂ ਬਣਾਈਆਂ ਗਈਆਂ ਹਨ ਤਾਂ ਕਿ ਕਿਸੇ ਨੂੰ ਵੀ ਨਾਜਾਇਜ ਕਾਲੋਨੀ ਬਾਰੇ ਪਤਾ ਨਾ ਲੱਗੇ। ਇਨ੍ਹਾਂ ਕੋਠੀਆਂ ਨੂੰ ਬਹੁਤ ਮਹਿੰਗੇ ਭਾਅ ’ਤੇ ਵੇਚਿਆ ਜਾ ਰਿਹਾ ਹੈ। ਦੋਸ਼ ਤਾਂ ਇਹ ਵੀ ਲੱਗ ਰਹੇ ਹਨ ਕਿ ਕੋਠੀਆਂ ਦੇ ਨਿਰਮਾਣ ਵਿਚ ਕੁਝ ਡੀਲਰ ਬਹੁਤ ਘਟੀਆ ਮਟੀਰੀਅਲ ਦੀ ਵਰਤੋਂ ਕਰ ਰਹੇ ਹਨ ਕਿਉਂਕਿ ਇਨ੍ਹਾਂ ਇਲਾਕਿਆਂ ਵਿਚ ਕੋਠੀਆਂ ਆਦਿ ਦੇ ਵਧੇਰੇ ਖਰੀਦਦਾਰ ਪ੍ਰਵਾਸੀ ਮਜਦੂਰ ਹੁੰਦੇ ਹਨ, ਇਸ ਲਈ ਡੀਲਰਾਂ ਦੀ ਖੂਬ ਚਾਂਦੀ ਬਣੀ ਹੋਈ ਹੈ। ਪਤਾ ਲੱਗਾ ਹੈ ਕਿ ਨਗਰ ਨਿਗਮ ਦੇ ਅਧਿਕਾਰੀਆਂ ਕੋਲ ਇਸ ਨਾਜਾਇਜ ਕਾਲੋਨੀ ਬਾਬਤ ਰਵੀ ਛਾਬੜਾ ਅਤੇ ਹੋਰਨਾਂ ਵੱਲੋਂ ਕੀਤੀਆਂ ਗਈਆਂ ਸ਼ਿਕਾਇਤਾਂ ਪਹੁੰਚੀਆਂ ਹੋਈਆਂ ਹਨ ਪਰ ਨਗਰ ਨਿਗਮ ਦੇ ਅਧਿਕਾਰੀ ਇਸ ਮਾਮਲੇ ਵਿਚ ਕੋਈ ਕਾਰਵਾਈ ਨਹੀਂ ਕਰ ਰਹੇ।

## ਕਾਰ ’ਚੋਂ 35 ਪੇਟੀਆਂ ਨਾਜਾਇਜ ਸ਼ਰਾਬ ਬਰਾਮਦ, 2 ਵਿਅਕਤੀ ਗ੍ਰਿਫਤਾਰ

ਗੁਰਦਾਸਪੁਰ 25 ਨਵੰਬਰ। ਥਾਣਾ ਸਦਰ ਗੁਰਦਾਸਪੁਰ ਦੀ ਪੁਲਸ ਨੇ ਬੱਬਰੀ ਬਾਈਪਾਸ ਨੇੜੇ ਨਾਕਾਬੰਦੀ ਕਰਦੇ ਹੋਏ ਇਕ ਕਾਰ ਵਿਚੋਂ 35 ਪੇਟੀਆਂ (420 ਬੋਤਲਾਂ) ਨਾਜਾਇਜ ਸ਼ਰਾਬ ਸਮੇਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਨੇ ਸ਼ਰਾਬ ਨੂੰ ਕਬਜੇ ਵਿਚ ਲੈ ਕੇ ਮੁਲਜਮਾਂ ਖਿ਼ਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰ ਦਿੱਤਾ ਹੈ। ਇਸ ਮਾਮਲੇ ਦੇ ਸਬੰਧ ਵਿਚ ਏ. ਐੱਸ. ਆਈ. ਸੋਹਨ ਲਾਲ ਨੇ ਦੱਸਿਆ ਕਿ ਉਹਨਾਂ ਨੇ ਪੁਲਸ ਪਾਰਟੀ ਨਾਲ ਬੱਬਰੀ ਪੁਲਸ ਨਾਕੇ ’ਤੇ ਨਾਕਾਬੰਦੀ ਕੀਤੀ ਹੋਈ ਸੀ। ਇਸ ਦੌਰਾਨ ਉਹ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ। ਉਹਨਾਂ ਨੇ ਕਿਹਾ ਕਿ ਚੈਕਿੰਗ ਕਰਦੇ ਸਮੇਂ ਇਕ ਕਾਰ ਨੰਬਰ



ਪੀਬੀ32 ਜੇ.6780 ਬਟਾਲਾ ਸਾਇਡ ਤੋਂ ਆਈ, ਜਿਸ ਵਿਚ ਸ਼ਮਸ਼ੇਰ ਉਰਫ ਸ਼ੈਂਕੀ ਅਤੇ ਕੁਲਵਿੰਦਰ ਕੁਮਾਰ ਉਰਫ ਸਾਬੀ ਵਾਸੀਆਨ ਅਵਾਂਖਾ ਥਾਣਾ ਦੀਨਾਨਗਰ ਸਵਾਰ ਸਨ, ਜਿਨ੍ਹਾਂ ਨੂੰ ਸ਼ੱਕ ਦੇ ਆਧਾਰ ’ਤੇ ਰੋਕ ਕੇ ਕਾਰ ਦੀ ਤਾਲਾਸ਼ੀ ਲਈ ਗਈ। ਇਸ ਦੌਰਾਨ ਪੁਲਸ ਨੂੰ 15 ਪੇਟੀਆਂ (180) ਬੋਤਲਾਂ ਸ਼ਰਾਬ ਠੇਕਾ ਮਾਰਕਾ ਮੈਕਡਾਵਲ ਵਿਸ਼ਕੀ ਅਤੇ 20 ਪੇਟੀਆਂ (240) ਬੋਤਲਾਂ ਸ਼ਰਾਬ ਠੇਕਾ ਮਾਰਕਾ ਰਾਇਲ ਸਟੈਗ ਵਿਸਕੀ ਬਰਾਮਦ ਹੋਈਆਂ। ਪੁਲਸ ਅਧਿਕਾਰੀ ਨੇ ਦੱਸਿਆ ਕਿ 2 ਨੌਜਵਾਨਾਂ ਨੂੰ ਪੁਲਸ ਨੇ ਗ੍ਰਿਫਤਾਰ ਕਰਦੇ ਹੋਏ ਉਹਨਾਂ ਖਿ਼ਲਾਫ ਮਾਮਲਾ ਦਰਜ ਕਰ ਦਿੱਤਾ, ਜਿਹਨਾਂ ਨੂੰ ਬਾਅਦ ਵਿਚ ਜਮਾਨਤ ’ਤੇ ਰਿਹਾਅ ਕਰ ਦਿੱਤਾ।

## 2 ਵਿਦਿਆਰਥਣਾਂ ਨੇ ਖਤਮ ਕਰ ਲਈ ਜ਼ਿੰਦਗੀ, ਪਰਿਵਾਰ ਨੂੰ ਮਿਲੀਆਂ ਲਾਸ਼ਾਂ

ਲੁਧਿਆਣਾ 25 ਨਵੰਬਰ। ਥਾਣਾ ਹੈਬੋਵਾਲ ਦੇ ਅਧੀਨ ਆਉਂਦੇ ਸੁਨੀਲ ਪਾਰਕ ’ਚ ਰਹਿਣ ਵਾਲੀ ਬੀ. ਏ. ਦੀ ਵਿਦਿਆਰਥਣ ਵੱਲੋਂ ਖ਼ੁਦਕੁਸ਼ੀ ਕਰਨ ਦੇ ਮਾਮਲੇ ’ਚ ਕਾਰਵਾਈ ਕਰਦੇ ਹੋਏ ਪੁਲਸ ਨੇ ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰ ਦੇ ਹਵਾਲੇ ਕਰ ਦਿੱਤੀ। ਪੁਲਸ ਨੇ ਵਿਦਿਆਰਥਣ ਦੀ ਪਛਾਣ ਦੀਪਾਂਜਲੀ (20) ਵਜੋਂ ਕੀਤੀ ਹੈ। ਪੁਲਸ ਨੇ ਵਿਦਿਆਰਥਣ ਦੇ ਪਿਤਾ ਰਾਜੇਸ਼ ਦੇ ਬਿਆਨ ’ਤੇ ਮਾਮਲੇ ਦੀ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ। ਜਿ਼ਕਰਯੋਗ ਹੈ ਕਿ ਦੀਪਾਂਜਲੀ ਨੇ ਐਤਵਾਰ ਨੂੰ ਪੱਖੇ ਦੀ ਹੁੱਕ ਨਾਲ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਦੀਪਾਂਜਲੀ ਦੇ ਪਿਤਾ ਕਿਸੇ ਕੰਮ ਲਈ ਸ਼ਹਿਰ ਤੋਂ ਬਾਹਰ ਗਏ ਹੋਏ ਸਨ। ਦੀਪਾਂਜਲੀ ਕਿਸੇ



ਬੈਂਕ ’ਚ ਕ੍ਰੈਡਿਟ ਕਾਰਡ ਬਣਾਉਣ ਦਾ ਕੰਮ ਕਰਦੀ ਸੀ। ਪਿਤਾ ਦੇ ਜਾਣ ਤੋਂ ਬਾਅਦ ਉਹ ਆਪਣੇ ਚਾਚਾ ਦੇ ਘਰ ਗਈ ਹੋਈ ਸੀ। ਇਸ ਘਟਨਾ ਸਮੇਂ ਉਸ ਦੇ ਚਾਚਾ ਨੂੰ ਉਸ ਸਮੇਂ ਪਤਾ ਲੱਗਿਆ ਜਦੋਂ ਉਹ ਆਪਣੇ ਕੰਮ ਤੋਂ ਵਾਪਸ ਆਏ, ਉਨ੍ਹਾਂ ਨੇ ਆਲੇ-ਦੁਆਲੇ ਦੇ ਲੋਕਾਂ ਅਤੇ ਪੁਲਸ ਨੂੰ ਇਸ ਬਾਰੇ ਸੂਚਿਤ ਕੀਤਾ। ਇਸੇ ਤਰ੍ਹਾਂ ਥਾਣਾ ਸਦਰ ਦੇ ਅਧੀਨ ਆਉਂਦੇ ਪਿੰਡ ਫੁਲਵਾਰਾ ’ਚ ਰਹਿਣ ਵਾਲੇ 12ਵੀਂ ਜਮਾਤ ਦੀ ਵਿਦਿਆਰਥਣ ਨੇ ਫਾਹਾ ਲੈ ਕੇ ਆਪਣੀ ਜਾਨ ਦੇ ਦਿੱਤੀ। ਪੁਲਸ ਨੇ ਪੋਸਟਮਾਰਟਮ ਤੋਂ ਬਾਅਦ ਲਾਸ਼ ਨੂੰ ਉਨ੍ਹਾਂ ਦੇ ਪਰਿਵਾਰ ਦੇ ਹਵਾਲੇ ਕਰ ਦਿੱਤਾ। ਪੁਲਸ ਨੇ ਮਰਨ ਵਾਲੀ ਵਿਦਿਆਰਥਣ ਦੀ ਪਛਾਣ ਸ਼ਗੁਨ (18) ਵਜੋਂ ਕੀਤੀ ਹੈ। ਪੁਲਸ ਦੇ ਅਨੁਸਾਰ ਹਾਦਸੇ ਦੇ ਸਮੇਂ ਉਹ ਘਰ ’ਚ ਇਕੱਲੀ ਸੀ ਅਤੇ ਉਸ ਦੇ ਮਾਤਾ-ਪਿਤਾ ਰਿਸ਼ਤੇਦਾਰਾਂ ਦੇ ਘਰ ਮਥੁਰਾ ਗਏ ਹੋਏ ਸਨ, ਉਸ ਦਾ ਭਰਾ ਵੀ ਘਰ ਤੋਂ ਬਾਹਰ ਗਿਆ ਹੋਇਆ ਸੀ।

# ਗੈਂਗਸਟਰਾਂ ਦੇ ਵਿਦੇਸ਼ ਭੱਜਣ ਦੇ ਮਾਮਲੇ ‘ਚ ਵੱਡਾ ਖੁਲਾਸਾ

ਮੋਹਾਲੀ 25 ਨਵੰਬਰ। ਸਟੇਟ ਸਪੈਸ਼ਲ ਆਪਰੇਟਿੰਗ ਸੈੱਲ (ਐੱਸ.ਐੱਸ.ਓ.ਸੀ.) ਮੋਹਾਲੀ ਦੇ ਹੱਥ ਵੱਡੀ ਕਾਮਯਾਬੀ ਲੱਗੀ ਹੈ। ਸੈੱਲ ਨੇ ਜਾਅਲੀ ਦਸਤਾਵੇਜ ਤਿਆਰ ਕਰਕੇ ਦੇਸ਼ ’ਚੋਂ ਫਰਾਰ ਹੋਣ ਵਿਚ ਮਦਦ ਕਰਨ ਵਾਲੇ 3 ਏਜੰਟਾਂ ਨੂੰ ਗ੍ਰਿਫਤਾਰ ਕੀਤਾ ਹੈ। ਮੁਲਜਮ ਇਮੀਗ੍ਰੇਸ਼ਨ ਏਜੰਟ ਮੁੱਖ ਤੌਰ ‘ਤੇ ਗੈਂਗਸਟਰਾਂ ਨੂੰ ਭਾਰਤ ਤੋਂ ਵਿਦੇਸ਼ ਭੇਜ ਕੇ ਉੱਥੇ ਸੈਟਲ ਵੀ ਕਰਵਾਉਂਦੇ ਸਨ। ਇਨ੍ਹਾਂ ਇਮੀਗ੍ਰੇਸ਼ਨ ਏਜੰਟਾਂ ਵੱਲੋਂ ਪਾਸਪੋਰਟ ਅਤੇ ਹੋਰ ਦਸਤਾਵੇਜ਼ ਤੱਕ ਜਾਅਲੀ ਬਣਾਏ ਜਾਂਦੇ ਸਨ। ਮੁਲਜਮਾਂ ਦੀ ਪਛਾਣ ਜਲੰਧਰ ਨਿਵਾਸੀ ਜਗਜੀਤ ਸਿੰਘ ਉਰਫ ਜੀਤਾ, ਮੁਹੰਮਦ ਸਾਜੇਬ ਅਤੇ ਮੁਹੰਮਦ ਕੈਫ ਵਜੋਂ ਹੋਈ ਹੈ। ਸੈੱਲ ਵੱਲੋਂ ਤਿੰਨੇ ਮੁਲਾਜਮਾਂ ਤੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਫਿ਼ਲਹਾਲ ਇਸ ਮਾਮਲੇ ’ਚ ਕਈ ਵੱਡੇ ਖੁਲਾਸੇ ਹੋ ਸਕਦੇ ਹਨ। ਇਹ ਵੀ ਜਾਣਕਾਰੀ ਮਿਲੀ ਹੈ ਕਿ ਮੁਲਜਮ ਹੁਣ ਤੱਕ 15 ਤੋਂ 20 ਗੈਂਗਸਟਰਾਂ ਨੂੰ ਵਿਦੇਸ਼ ਫਰਾਰ ਹੋਣ ’ਚ ਮਦਦ ਕਰ ਚੁੱਕੇ ਸਨ। ਜਾਣਕਾਰੀ ਮੁਤਾਬਕ ਐੱਸ.ਐੱਸ.ਓ.ਸੀ. ਮੋਹਾਲੀ ਨੂੰ ਮੁਖਬਰਾਂ ਤੋਂ ਸੂਚਨਾ ਮਿਲੀ ਸੀ ਕਿ ਕਈ ਹਾਰਡਕੋਰ ਕ੍ਰਿਮੀਨਲ ਜਿਨ੍ਹਾਂ ਨੇ ਘਿਨਾਉਣੇ ਅਪਰਾਧ ਕੀਤੇ ਹਨ, ਉਹ ਜਮਾਨਤ ’ਤੇ ਜੇਲ੍ਹ ਤੋਂ ਬਾਹਰ ਆਏ ਹੋਏ ਹਨ ਪਰ ਇਹ ਭਾਰਤ ਛੱਡ ਵਿਦੇਸ਼ ਭੱਜਣ ਦੀ ਫਿਰਾਕ ਵਿਚ ਹਨ। ਕੁਝ ਜਾਅਲੀ ਇਮੀਗ੍ਰੇਸ਼ਨ ਏਜੰਟ ਇੰਨ੍ਹਾਂ ਦੀ ਮਦਦ ਕਰ ਰਹੇ ਹਨ। ਸੂਚਨਾ ਮਿਲਦੇ ਹੀ ਐੱਸ.ਐੱਸ.ਓ.ਸੀ. ਨੇ ਪਹਿਲਾਂ ਜਲੰਧਰ ਦੇ ਰਹਿਣ ਵਾਲੇ ਜਗਜੀਤ ਸਿੰਘ ਉਰਫ ਜੀਤਾ ਨੂੰ ਗ੍ਰਿਫਤਾਰ ਕਰ ਲਿਆ। ਜਗਜੀਤ ਤੋਂ ਪੁੱਛਗਿੱਛ ’ਚ ਹੋਰ ਦੋ ਸਾਥੀਆਂ ਮੁਹੰਮਦ ਸਾਜੇਬ ਅਤੇ ਮੁਹੰਮਦ ਕੈਫ ਦੇ ਬਾਰੇ ਜਾਣਕਾਰੀ ਮਿਲੀ। ਇਨ੍ਹਾਂ ਨੂੰ ਦਿੱਲੀ ਤੋਂ ਗ੍ਰਿਫਤਾਰ ਕਰ ਲਿਆ ਗਿਆ। ਦੱਸਿਆ ਜਾ ਰਿਹਾ ਹੈ ਕਿ ਇਹ ਤਿੰਨੋਂ ਇੱਕੋ ਗਿਰੋਹ ਬਣਾ ਕੇ ਕੰਮ ਕਰਦੇ ਸਨ। ਤਿੰਨੇ ਹੀ ਪੈਰੋਲ ਜਾਂ ਫਿਰ ਜਮਾਨਤ ’ਤੇ ਆਏ ਅਪਰਾਧੀਆਂ ਨਾਲ ਸੰਪਰਕ ਕਰਦੇ ਸਨ। ਇਸ ਤੋਂ ਇਲਾਵਾ ਜੋ ਵੀ ਵਿਦੇਸ਼ ਫਰਾਰ ਹੋਣ ਦੀ ਇੱਛਾ ਰੱਖਦਾ ਸੀ, ਉਸ ਮੁਲਜ਼ਮ ਦੇ ਜਾਅਲੀ ਦਸਤਾਵੇਜ਼ ਤਿਆਰ ਕਰਕੇ ਉਸ ਨੂੰ ਬੰਗਾਲ ਦੇ ਰਸਤੇ, ਹਾਂਗਕਾਂਗ ਜਾਂ ਯੂਰਪੀਅਨ ਦੇਸ਼ ਪੋਲੈਂਡ-ਪੁਰਤਗਾਲ ਭੇਜ ਦਿੰਦੇ ਸਨ ਜਿਸ ਤੋਂ ਬਾਅਦ ਉਹ ਅਪਰਾਧੀ ਉੱਥੇ ਲੁੱਕ ਕੇ ਰਹਿੰਦੇ ਸਨ। ਇਥੇ ਪੁਲਸ ਉਨ੍ਹਾਂ ਦੀ ਭਾਲ ਵਿਚ ਲੱਗੀ ਰਹਿੰਦੀ ਸੀ। ਐੱਸ.ਐੱਸ.ਓ.ਸੀ. ਦੀ ਜਾਂਚ ਵਿਚ ਸਾਹਮਣੇ ਆਇਆ ਕਿ ਇਨ੍ਹਾਂ ਨੇ 15-20 ਗੈਂਗਸਟਰਾਂ ਨੂੰ ਵਿਦੇਸ਼ ਭੇਜਿਆ ਹੈ। ਜਿਨ੍ਹਾਂ ਦੇ ਪਾਸਪੋਰਟ ਤੱਕ ਇਨ੍ਹਾਂ ਨੇ ਜਾਅਲੀ ਬਣਾਏ ਸਨ। ਇਨ੍ਹਾਂ ਵਿਚ ਗੈਂਗਸਟਰ ਗੋਪੀ ਨਵਾਂਸ਼ਹਿਰੀਆ ਵੀ ਸਾਮਲ ਹੈ, ਜੋ ਗੈਂਗਸਟਰ ਹਰਵਿੰਦਰ ਰਿੰਦਾ ਦਾ ਸਾਥੀ ਦੱਸਿਆ ਜਾਂਦਾ ਹੈ। ਜਾਣਕਾਰੀ ਅਨੁਸਾਰ ਇਨ੍ਹਾਂ ਏਜੰਟਾਂ ਨੇ ਗੋਪੀ ਨਵਾਂਸ਼ਹਿਰੀਆ ਨੂੰ ਸਾਲ 2022 ਵਿਚ ਪੋਲੈਂਡ ਭੇਜਿਆ ਸੀ। ਸੰਗਰੂਰ ਦਾ ਗੈਂਗਸਟਰ ਸੁੱਖਾ ਕਲੌਂਦੀ ਵੀ ਅਮਰੀਕਾ ਸੈਟਲ ਕਰਵਾਇਆ। ਇਸ ਤੋਂ ਇਲਾਵਾ ਲੁਧਿਆਣਾ ਦੇ ਗੈਂਗਸਟਰ ਗੁਰਪ੍ਰੀਤ ਸਿੰਘ ਨੂੰ ਕੈਨੇਡਾ ਭੇਜਿਆ।

## ਚੋਰੀ ਦੇ ਸ਼ੱਕ ‘ਚ ਘਰੋਂ ਚੁੱਕ ਕੇ ਲੈ ਗਏ ਮੁੰਡਾ, ਫਿਰ ਟਰੱਕ ਪਿੱਛੇ ਬੰਨ੍ਹ ਕੇ ਘੜੀਸਿਆ

ਸ੍ਰੀ ਮੁਕਤਸਰ ਸਾਹਿਬ 25 ਨਵੰਬਰ। ਸ੍ਰੀ ਮੁਕਤਸਰ ਸਾਹਿਬ ਵਿਖੇ ਇਕ ਨੌਜਵਾਨ ਨੂੰ ਚੋਰੀ ਦੇ ਸ਼ੱਕ ‘ਚ ਟਰੱਕ ਮਗਰ ਬੰਨ੍ਹ ਕੇ ਘੜੀਸਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਦੀ ਵੀਡੀਓ ਵੀ ਸੋਸ਼ਲ ਮੀਡੀਆ ‘ਤੇ ਵਾਇਰਲ ਹੋਈ ਹੈ। ਇਸ ਸਬੰਧੀ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸ੍ਰੀ ਮੁਕਤਸਰ ਸਾਹਿਬ ‘ਚ ਚੋਰੀ ਦੇ ਸੱਕ ‘ਚ ਕੁਝ ਲੋਕਾਂ ਨੇ ਇਕ ਨੌਜਵਾਨ ਨੂੰ ਘਰੋਂ ਲਿਆ ਕੇ ਫਿਰ ਉਸਨੂੰ ਟਰੱਕ ਦੇ ਪਿੱਛੇ ਬੰਨ੍ਹ ਕੇ ਜਲਾਲਾਬਾਦ ਰੋਡ ’ਤੇ ਘੜੀਸ ਕੇ ਲੈ ਗਏ। ਨੌਜਵਾਨ ‘ਤੇ ਹੋਏ ਤਸ਼ੱਦਦ ਦੀ ਵੀਡੀਓ ਸੋਸ਼ਲ ਮੀਡੀਆ ‘ਤੇ ਵਾਇਰਲ ਹੋ ਚੁੱਕੀ ਹੈ। ਇਸ ਤੋਂ ਬਾਅਦ ਪੁਲਸ ਨੇ ਹਰਕਤ ‘ਚ ਆ ਕੇ ਮੁਲਜਮਾਂ ਦੀ ਭਾਲ ਲਈ ਛਾਪੇਮਾਰੀ ਕਰ ਦਿੱਤੀ ਹੈ। ਸਿਵਲ ਹਸਪਤਾਲ ‘ਚ ਦਾਖਲ ਜਲਾਲਾਬਾਦ ਰੋਡ ਦੇ ਰਹਿਣ ਵਾਲੇ ਜਖਮੀ ਨੌਜਵਾਨ ਨੇ ਦੋਸ ਲਾਇਆ ਕਿ ਉਸ ਨੂੰ ਟਰੱਕ ਨਾਲ ਬੰਨ੍ਹ ਕੇ ਘੜੀਸਿਆ ਗਿਆ ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ, ਜਿਸ ’ਚ ਉਸਦੇ ਹੱਥ-ਪੈਰ ਟੁੱਟ ਗਏ ਹਨ। ਜਲਾਲਾਬਾਦ ਰੋਡ ਵਾਸੀ ਰਜਨੀ ਨੇ ਦੱਸਿਆ ਕਿ ਦੋ ਦਿਨ ਪਹਿਲਾਂ ਉਸ ਦਾ ਦਿਉਰ ਕਮਰੇ ’ਚ ਸੁੱਤਾ ਪਿਆ ਸੀ। ਦੁਪਹਿਰ ਦੇ ਤਿੰਨ ਵਜੇ ਕਾਰ ਸਵਾਰ ਚਾਰ ਵਿਅਕਤੀ ਤੇਜਧਾਰ ਹਥਿਆਰਾਂ ਨਾਲ ਉਸਦੇ ਘਰ ਦਾਖਲ ਹੋਏ ਅਤੇ ਉਸਦੇ ਦਿਉਰ ਸੋਨੂੰ ਨੂੰ ਜਬਰਦਸਤੀ ਚੁੱਕ ਕੇ ਲੈ ਗਏ ਅਤੇ ਜਲਾਲਾਬਾਦ ਰੋਡ ਬਾਈਪਾਸ ‘ਤੇ ਸੋਨੂੰ ਨੂੰ ਕਾਰ ‘ਚੋਂ ਬਾਹਰ ਕੱਢ ਕੇ ਉਥੇ ਖੜ੍ਹੇ ਟਰੱਕ ਦੇ ਪਿੱਛੇ ਬੰਨ੍ਹ ਕੇ ਕਰੀਬ ਅੱਧਾ ਕਿਲੋਮੀਟਰ ਤੱਕ ਘੜੀਸਿਆ। ਇਸ ਤੋਂ ਬਾਅਦ ਸੋਨੂੰ ‘ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ ਅਤੇ ਬੇਰਹਿਮੀ ਨਾਲ ਕੁੱਟਿਆ ਗਿਆ। ਸਾਮ ਕਰੀਬ ਛੇ ਵਜੇ ਸੋਨੂੰ ਨੂੰ ਬੇਹੋਸ਼ੀ ਦੀ ਹਾਲਤ ’ਚ ਘਰ ਦੇ ਬਾਹਰ ਸੁੱਟ ਗਏ। ਪੁਲਸ ਨੇ ਇਸ ਸਬੰਧੀ ਚਾਰ ਵਿਅਕਤੀਆਂ ‘ਤੇ ਮਾਮਲਾ ਦਰਜ ਕਰ ਲਿਆ ਹੈ।

## ਅਮਰੀਕਾ ਗਏ ਪਿਤਾ ਦਾ ਪਿੱਛੇ ਉਜੜ ਗਿਆ ਪਰਿਵਾਰ, ਹੋਇਆ ਉਹ ਜੋ ਸੁਫਨੇ ‘ਚ ਵੀ ਨਾ ਸੋਚਿਆ ਸੀ

ਮਾਛੀਵਾੜਾ ਸਾਹਿਬ 25 ਨਵੰਬਰ। ਨੇੜਲੇ ਪਿੰਡ ਹਿਯਾਤਪੁਰ ਵਿਖੇ ਘਰ ਦੇ ਵਿਹੜੇ ਵਿਚ ਖੇਡਦੀ ਡੇਢ ਸਾਲਾ ਮਾਸੂਮ ਬੱਚੀ ਬਾਣੀ ਕੌਰ ਨਾਲ ਦਰਦਨਾਕ ਹਾਦਸਾ ਵਾਪਰ ਗਿਆ। ਇਕ ਲੋਹੇ ਦਾ ਗੇਟ ਉਸ ਉੱਪਰ ਆ ਡਿੱਗਿਆ ਜਿਸ ਕਾਰਨ ਉਸਦੀ ਜਾਨ ਚਲੀ ਗਈ। ਬੱਚੀ ਦੀ ਦਾਦੀ ਗੁਰਦੇਵ ਕੌਰ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸਦੇ ਲੜਕੇ ਦਰਸ਼ਨ ਸਿੰਘ ਦਾ ਕਰੀਬ 3 ਸਾਲ ਪਹਿਲਾਂ ਵਿਆਹ ਹੋਇਆ ਸੀ ਜਿਸ ਤੋਂ ਬੱਚੀ ਬਾਣੀ ਕੌਰ ਪੈਦਾ ਹੋਈ। ਬਾਣੀ ਕੌਰ ਦੇ ਜਨਮ ਤੋਂ ਕੁਝ ਸਮੇਂ ਬਾਅਦ ਹੀ ਦਰਸ਼ਨ ਸਿੰਘ ਦਾ ਆਪਣੀ ਪਤਨੀ ਨਾਲ ਤਲਾਕ ਹੋ ਗਿਆ ਅਤੇ ਉਹ ਵੱਖ ਰਹਿਣ ਲੱਗ ਪਈ। ਦਰਸ਼ਨ ਸਿੰਘ ਆਪ ਅਮਰੀਕਾ ਵਿਖੇ ਰੁਜ਼ਗਾਰ ਲਈ ਚਲਾ ਗਿਆ ਅਤੇ



ਪੋਤਰੀ ਬਾਣੀ ਕੌਰ ਦਾ ਪਾਲਣ ਪੋਸ਼ਣ ਉਸਦੀ ਦਾਦੀ ਗੁਰਦੇਵ ਕੌਰ ਕਰ ਰਹੀ ਸੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਗੁਰਦੇਵ ਕੌਰ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਘਰ ਵਿਚ ਮਿਸਤਰੀ ਲੱਗੇ ਹੋਏ ਸਨ ਜੋ ਕਿ ਟਾਈਲਾਂ ਲਗਾ ਰਹੇ ਸਨ। ਮਿਸਤਰੀਆਂ ਵਲੋਂ ਇਕ ਲੋਹੇ ਦਾ ਗੇਟ ਖੋਲ੍ਹ ਕੇ ਕੰਧ ਨਾਲ ਖੜ੍ਹਾ ਕੀਤਾ ਹੋਇਆ ਸੀ। ਬੱਚੀ ਘਰ ਵਿਚ ਖੇਡਦੀ ਹੋਈ ਉਸ ਲੋਹੇ ਦੇ ਗੇਟ ਉੱਪਰ ਚੜ੍ਹਨ ਦੀ ਕੋਸ਼ਿਸ਼ ਕਰਨ ਲੱਗੀ ਤਾਂ ਇਹ ਭਾਰੀ ਗੇਟ ਉਸ ਉੱਪਰ ਹੀ ਆ ਡਿੱਗਿਆ ਜਦੋਂ ਦਾਦੀ ਅਤੇ ਘਰ ਵਿਚ ਲੱਗੇ ਮਿਸਤਰੀਆਂ ਨੇ ਲੋਹੇ ਦੇ ਗੇਟ ਹੇਠੋਂ ਬਾਣੀ ਨੂੰ ਕੱਢਿਆ ਅਤੇ ਹਸਪਤਾਲ ਲਿਆਂਦਾ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਥਾਣਾ ਮੁਖੀ ਨੇ ਦੱਸਿਆ ਕਿ ਬੱਚੀ ਬਾਣੀ ਦਾ ਪੋਸਟ ਮਾਰਟਮ ਕਰਵਾਇਆ ਜਾ ਰਿਹਾ ਹੈ।

# ਇਮੀਗ੍ਰੇਸ਼ਨ ਕੰਪਨੀ ‘ਤੇ ਵੱਡੀ ਕਾਰਵਾਈ, ਕਰੋੜਾਂ ਰੁਪਏ ਦਾ ਕੈਸ਼ ਬਰਾਮਦ

ਮੋਹਾਲੀ 25 ਨਵੰਬਰ। ਸੰਦੀਪ ਗਰਗ, ਆਈ . ਪੀ. ਐੱਸ, ਸੀਨੀਅਰ ਪੁਲਸ ਕਪਤਾਨ ਜਿ਼ਲ੍ਹਾ ਐੱਸ.ਏ.ਐੱਸ ਨਗਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਲਈ ਜਾਰੀ ਦਿਸਾ ਨਿਰਦੇਸਾਂ ਤਹਿਤ ਮਨਪ੍ਰੀਤ ਸਿੰਘ, ਪੀ. ਪੀ. ਐੱਸ ਪੁਲਸ ਕਪਤਾਨ (ਦਿਹਾਤੀ) ਅਤੇ ਸਿਮਰਨਜੀਤ ਸਿੰਘ ਪੀ. ਪੀ. ਐੱਸ, ਉਪ ਕਪਤਾਨ ਪੁਲਸ ਸਬ ਡਵੀਜਨ ਜੀਰਕਪੁਰ ਦੀ ਨਿਗਰਾਨੀ ਹੇਠ ਇੰਸ. ਜਸਕੰਵਲ ਸਿੰਘ ਸੇਖੋਂ, ਮੁੱਖ ਅਫਸਰ ਥਾਣਾ ਜੀਰਕਪੁਰ ਦੀ ਅਗਵਾਈ ਵਿਚ ਥਾਣੇਦਾਰ ਕੁਲਦੀਪ ਸਿੰਘ ਸਮੇਤ ਪੁਲਸ ਪਾਰਟੀ ਦੇ ਪਟਿਆਲਾ ਚੌਂਕ ਜੀਰਕਪੁਰ ਵਿਖੇ ਮੌਜੂਦ ਸੀ ਤਾ ਮੁਖਬਰ ਖਾਸ ਨੇ ਹਾਜਰ ਆ ਕੇ ਇਤਲਾਹ ਦਿੱਤੀ ਕਿ ਦੋਸੀਆਨ ਬਿਨਾਂ ਲਾਇਸੈਂਸ ਤੋਂ ਟਰੈਵਲ/ਕੰਸਲਟੈਂਸੀ/ ਟਿਕਟਿੰਗ ਏਜੰਸੀ ਸੰਨੀ ਇੰਨਕਲੇਵ ਨੇੜੇ ਬਿਗ ਬਾਜਾਰ ਜੀਰਕਪੁਰ ਵਿਖੇ ਵੀਜਾ ਕੰਸਲਟੈਂਸੀ ਦਾ ਦਫਤਰ ਬਣਾ ਕੇ ਕੰਮ ਕਰ ਰਹੇ ਹਨ। ਜਿਨ੍ਹਾਂ ਪਾਸੋਂ ਕਾਫੀ ਮਾਤਰਾ ਵਿਚ ਪਾਸਪੋਰਟ/ਵੀਜੇ ਬਰਾਮਦ ਹੋ ਸਕਦੇ ਹਨ। ਜੋ ਦੋਸੀਆਂ



ਖਿ਼ਲਾਫ ਮੁ ਨੰ. 181 ਮਿਤੀ 16.5.2024 ਅ/ਧ 420, 120 ਬੀ ਹਿ. ਦੰ 24 ਇਮੀਗ੍ਰੇਸਨ ਐਕਟ ਥਾਣਾ ਦਰਜ ਰਜਿਸਟਰ ਕਰਕੇ ਦੋਸੀਆਂ ਉਕਤਾਨ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਦੋਸੀਆਂ ਨੂੰ ਅੱਜ ਮਾਨਯੋਗ ਅਦਾਲਤ ਡੇਰਾਬਸੀ ਵਿਖੇ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਉਨ੍ਹਾਂ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਣੀ ਹੈ ਜਿਸ ਦੌਰਾਨ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਵਾਨਾ ਹੈ। ਮਿਲੀ ਜਾਣਕਾਰੀ ਮੁਤਾਬਕ ਗੁਰਪ੍ਰੀਤ ਸਿੰਘ ਪੁੱਤਰ ਹਰਦੇਵ ਸਿੰਘ, ਪਰਮਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਵਾਸੀਆਨ 65 ਸੰਨੀ ਇਨਕਲੇਵ ਨੇੜੇ ਬਿਗ ਬਾਜਾਰ ਜੀਰਕਪੁਰ ਥਾਣਾ ਜੀਰਕਪੁਰ ਜਿ਼ਲ੍ਹਾ ਐੱਸ. ਏ. ਐਸ ਨਗਰ, ਵਿਜੇ ਪੁੱਤਰ ਬਲਬੀਰ ਸਿੰਘ ਵਾਸੀ 79 ਵਾਰਡ ਨੰਬਰ 14 ਪੁਰਾਣੀ ਸਰਹਿੰਦ ਮੰਡੀ ਫਤਹਿਗੜ੍ਹ ਸਾਹਿਬ ਥਾਣਾ ਗੋਬਿੰਦਗੜ ਜਿ਼ਲ੍ਹਾ ਫਤਿਹਗੜ ਸਾਹਿਬ ਨੂੰ ਗ੍ਰਿਫਤਾਰ ਕੀਤਾ ਹੈ। ਜਿਨ੍ਹਾਂ ਪਾਸੋਂ 2 ਕਰੋੜ 96 ਲੱਖ ਰੁਪਏ ਕੈਸ (ਭਾਰਤੀ ਕਰੰਸੀ ਨੋਟ), 1 ਲੈਪਟੋਪ, 2 ਪਾਸਪੋਰਟ ਦੀਆ ਕਾਪੀ ਸਕੈਨ ਬਰਾਮਦ ਕੀਤਾ ਹੈ।

## ਤੇਜ ਰਫਤਾਰ ਮੋਟਰਸਾਈਕਲ ਦਾ ਸੰਤੁਲਨ ਵਿਗੜਣ ਨਾਲ 1 ਦੀ ਮੌਤ

ਫ਼ਰੀਦਕੋਟ 25 ਨਵੰਬਰ। ਸ਼ਹਿਰ ਅੰਦਰ ਦੇਰ ਰਾਤ ਗਏ ਇਕ ਤੇਜ ਰਫ਼ਤਾਰ ਬੁਲਟ ਮੋਟਰਸਾਈਕਲ ਸਵਾਰ ਨੌਜਵਾਨ ਦੀ ਕਥਿੱਤ ਮੋਟਰਸਾਈਕਲ ਬੇਕਾਬੂ ਹੋ ਜਾਣ ਨਾਲ ਵਾਪਰੇ ਹਾਦਸੇ ਵਿਚ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਮਨਪ੍ਰੀਤ ਕੁਮਾਰ (24) ਪੁੱਤਰ ਰਾਕੇਸ਼ ਕੁਮਾਰ ਵਾਸੀ ਸੁਸਾਇਟੀ ਨਗਰ ਰਾਤ 12 ਵਜੇ ਦੇ ਕਰੀਬ ਜਦ ਆਪਣੇ ਤੇਜ ਰਫ਼ਤਾਰ ਮੋਟਰਸਾਈਕਲ ’ਤੇ ਜਾ ਰਿਹਾ ਸੀ ਤਾਂ ਅਚਾਨਕ ਬੇਕਾਬੂ ਹੋ ਜਾਣ ਦੀ ਸੂਰਤ ਵਿਚ ਮੋਟਰਸਾਈਕਲ ਪਾਰਕ ਦੀ ਕੰਧ ਨਾਲ ਜਾ ਟਕਰਾ ਗਿਆ ਜਿਸ’ਤੇ ਮ੍ਰਿਤਕ ਬੁਰੀ ਤਰ੍ਹਾਂ ਜ਼ਖਮੀ ਹਾਲਤ ਵਿਚ ਸੜਕ ’ਤੇ ਡਿੱਗਾ ਰਿਹਾ ਅਤੇ ਦੇਰ ਰਾਤ ਨੂੰ ਕੋਈ ਆਵਾਜਾਈ ਨਾ ਹੋਣ ਦੀ ਸੂਰਤ ਵਿਚ ਮੰਦਭਾਗੇ ਨੂੰ ਕੋਈ ਡਾਕਟਰੀ ਸਹਾਇਤਾ ਨਾ ਮਿਲਣ ਕਾਰਣ ਦਿਨ ਚੜ੍ਹਦੇ ਨੂੰ ਉਸਦੀ ਮੌਤ ਹੋ ਗਈ। ਘਟਨਾ ਸਥਾਨ ’ਤੇ ਲੱਗੇ ਇਕ ਸੀ.ਸੀ.ਟੀ.ਵੀ ਕੈਮਰੇ ਵਿਚ ਰਿਕਾਰਡ ਹੋਈ ਘਟਨਾ ਦੀ ਵੀਡੀਓ ਅਨੁਸਾਰ ਮ੍ਰਿਤਕ ਦਾ ਤੇਜ ਰਫ਼ਤਾਰ ਮੋਟਰਸਾਈਕਲ ਹੀ ਉਸਦੀ ਮੌਤ ਦਾ ਕਾਰਣ ਬਣ ਗਿਆ।

# ਸਕੂਲ ਦਾ ਕੰਮ ਨਾ ਕਰਨ ‘ਤੇ ਕਸਾਈ ਬਣਿਆ ਮਾਸਟਰ, 8 ਸਾਲਾ ਕੁੜੀ ਦੀ ਬੇਰਹਿਮੀ ਨਾਲ ਕੁੱਟਮਾਰ

ਫਿਰੋਜ਼ਪੁਰ 25 ਨਵੰਬਰ। ਮਮਦੋਟ ਦੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਛਾਂਗਾ ਰਾਏ ਉਤਾੜ ਵਿਖੇ 8 ਸਾਲਾ ਵਿਦਿਆਰਥਣ ਵੱਲੋਂ ਸਕੂਲ ਦਾ ਕੰਮ ਨਾ ਕਰਨ ਨੂੰ ਲੈ ਕੇ ਮਾਸਟਰ ਵੱਲੋਂ ਉਸ ਨਾਲ ਕੁੱਟਮਾਰ ਕਰਨ ਦੀ ਸੂਚਨਾ ਮਿਲੀ ਹੈ। ਕੁੱਟਮਾਰ ਕਰਨ ਦੇ ਨਾਲ-ਨਾਲ ਮਾਸਟਰ ਨੇ ਵਿਦਿਆਰਥਣ ਦੇ ਢਿੱਡ ਅਤੇ ਛਾਤੀ ’ਤੇ ਲੱਤਾਂ ਵੀ ਮਾਰੀਆਂ ਹਨ। ਇਸ ਸਬੰਧ ਵਿਚ ਥਾਣਾ ਮਮਦੋਟ ਪੁਲਸ ਨੇ ਉਕਤ ਮਾਸਟਰ ਖਿ਼ਲਾਫ 323, 506 ਆਈਪੀਸੀ 75 ਜੁਵਨਾਇਲ ਜਸਟਿਸ ਐਕਟ 2015 ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਮਰਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਚੱਕ ਬਾਈ ਉਰਫ ਟਾਂਗਣ ਨੇ ਦੱਸਿਆ ਕਿ ਉਸ ਦੀ ਕੁੜੀ ਰਾਜਵਿੰਦਰ ਕੌਰ ਉਮਰ 8 ਸਾਲ ਸਰਕਾਰੀ ਪ੍ਰਾਇਰੀ ਸਕੂਲ ਛਾਂਗਾ ਖੁਰਦ ਵਿਖੇ ਚੌਥੀ ਜਮਾਤ ਵਿਚ ਪੜ੍ਹਦੀ ਹੈ। ਬੱਚੀ ਨੇ ਸਕੂਲ ਤੋਂ ਆ ਕੇ ਦੱਸਿਆ ਕਿ



ਮਿਤੀ 13 ਮਈ 2024 ਨੂੰ ਦੁਪਹਿਰ ਸਮੇਂ ਮਾਸਟਰ ਬਲਕਾਰ ਸਿੰਘ ਵਾਸੀ ਪਿੰਡ ਘੋੜਾ ਚੱਕ ਨੇ ਕੰਮ ਨਾ ਕਰਨ ‘ਤੇ ਉਸ ਦੀ ਕੁੱਟਮਾਰ ਕੀਤੀ ਤੇ ਉਸ ਦੇ ਮੂੰਹ, ਮੱਥੇ ਤੇ ਚਪੇੜਾਂ ਮਾਰੀਆਂ, ਜਿਸ ਨਾਲ ਉਹ ਥੱਲੇ ਡਿੱਗ ਪਈ। ਇਸ ਤੋਂ ਬਾਅਦ ਮਾਸਟਰ ਨੇ ਉਸ ਦੇ ਡਿੱਗੀ ਪਈ ਦੇ ਢਿੱਡ ਅਤੇ ਛਾਤੀ ਵਿਚ ਲੱਤਾਂ ਮਾਰੀਆਂ ਅਤੇ ਸਾਰੀ ਕਲਾਸ ਦੇ ਸਾਹਮਣੇ ਉਸ ਨੂੰ ਗਾਲ੍ਹ ਮੰਦਾ ਕੀਤਾ ਅਤੇ ਧਮਕੀਆਂ ਦਿੱਤੀਆਂ। ਅਮਰਜੀਤ ਸਿੰਘ ਨੇ ਦੱਸਿਆ ਕਿ ਉਸ ਦੀ ਕੁੜੀ ਦਾ ਇਲਾਜ ਸਿਵਲ ਹਸਪਤਾਲ ਮਮਦੋਟ ਵਿਖੇ ਚੱਲ ਰਿਹਾ ਹੈ। ਦੂਜੇ ਪਾਸੇ ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਾਮ ਪ੍ਰਕਾਸ਼ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਮਾਸਟਰ ਖਿ਼ਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

## ਪਤੀ ਨੇ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ, ਵੈਬਸਾਈਟਾਂ ਲਈ ਪਤਨੀ ਦੀ ਅਸ਼ਲੀਲ ਵੀਡੀਓ ਕਰਦਾ ਸੀ ਵਾਇਰਲ

ਗੁਰਦਾਸਪੁਰ/ਪਾਕਿਸਤਾਨ 25 ਨਵੰਬਰ। ਪਾਕਿਸਤਾਨ ਵਿਚ ਇਕ ਵਿਅਕਤੀ ਨੂੰ ਆਪਣੀ ਪਤਨੀ ਦੀਆਂ ਅਸਲੀਲ ਵੀਡੀਓਜ ਬਣਾ ਕੇ ਵੈੱਬਸਾਈਟਾਂ ’ਤੇ ਵੰਡਣ ਦੇ ਦੋਸ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਸਰਹੱਦ ਪਾਰ ਦੇ ਸੂਤਰਾਂ ਅਨੁਸਾਰ, ਸੱਕੀ ਨੇ ਖੁਲਾਸਾ ਕੀਤਾ ਕਿ ਵੈੱਬਸਾਈਟ ਆਪਰੇਟਰਾਂ ਨੇ ਵਟਸਐਪ ਰਾਹੀਂ ਉਸ ਨਾਲ ਸੰਪਰਕ ਕੀਤਾ ਸੀ। ਆਪਣੀ ਹਰਕਤ ’ਤੇ ਅਫਸੋਸ ਜਾਹਰ ਕਰਦਿਆਂ ਉਸ ਨੇ ਕਿਹਾ, ਮੈਨੂੰ ਨਹੀਂ ਪਤਾ ਕਿ ਵੈਬਸਾਈਟ ਮਾਲਕ ਨੂੰ ਮੇਰਾ ਵਟਸਐਪ ਨੰਬਰ ਕਿਵੇਂ ਮਿਲਿਆ। ਸੱਕੀ ਨੇ ਆਪਣੀ ਪਤਨੀ ਦੀ ਗੁਪਤ ਵੀਡੀਓ ਰਿਕਾਰਡ ਕਰਨ ਲਈ ਬਾਥਰੂਮ ਵਿੱਚ ਕੈਮਰਾ ਲਗਾਉਣ ਦੀ ਗੱਲ ਸਵੀਕਾਰ ਕੀਤੀ। ਪਰ ਬਾਅਦ ਵਿੱਚ ਇਸ ਨੂੰ ਹਟਾਉਣ ਦਾ ਦਾਅਵਾ ਕੀਤਾ। ਜਾਣਕਾਰੀ ਮੁਤਾਬਕ ਦੋਸੀ ਨੇ ਆਪਣੀ ਪਤਨੀ ਦੀ ਕੋਈ ਵੀ ਵੀਡੀਓ ਵੈੱਬਸਾਈਟ ’ਤੇ ਅਪਲੋਡ ਕਰਨ ਤੋਂ ਸਖਤੀ ਨਾਲ ਇਨਕਾਰ ਕਰ ਦਿੱਤਾ। ਪੁਲਸ ਦੇ ਬਿਆਨਾਂ ਅਨੁਸਾਰ, ਸੱਕੀ ਦੀ ਪਤਨੀ ਨੇ ਉਸ ’ਤੇ ਆਪਣੇ ਦੋਸਤਾਂ ਨਾਲ ਸਬੰਧ ਬਣਾਉਣ ਲਈ ਦਬਾਅ ਪਾਉਣ ਦਾ ਦੋਸ ਲਗਾਇਆ ਹੈ। ਇਸ ਤੋਂ ਵੀ ਜਿ਼ਆਦਾ ਪ੍ਰੇਸਾਨ ਕਰਨ ਵਾਲੀ ਗੱਲ ਇਹ ਹੈ ਕਿ ਦੋਸੀ ਦੀ ਪਤਨੀ ਦਾ ਦਾਅਵਾ ਹੈ ਕਿ ਉਸ ਦੇ ਪਤੀ ਨੇ ਉਨ੍ਹਾਂ ਦੀ ਧੀ ਦੀ ਅਸਲੀਲ ਵੀਡੀਓ ਬਣਾਉਣ ਦੀ ਕੋਸਿ਼ਸ ਕੀਤੀ ਅਤੇ ਧੀ ਨਾਲ ਸਰੀਰਕ ਸਬੰਧ ਬਣਾਉਣ ਦੀ ਵੀ ਕੋਸਿ਼ਸ ਕੀਤੀ।

# ਚਿੱਟੇ ਦੀ ਲੜਾਈ ਨੇ ਉਜਾੜਿਆ ਘਰ, ਨਸ਼ਾ ਸਮੱਗਲਰਾਂ ਵਲੋਂ ਬੇਕਸੂਰ ਭਰਾਵਾਂ ’ਤੇ ਹਮਲਾ, 1 ਦੀ ਮੌਤ

ਲੁਧਿਆਣਾ 25 ਨਵੰਬਰ। ਸਲੇਮ ਟਾਬਰੀ ਦੇ ਇਲਾਕੇ ਪੀਰੂਬੰਦਾ ’ਚ ਬੁੱਧਵਾਰ ਨੂੰ ਦੇਰ ਸ਼ਾਮ ਨਸ਼ਾ ਸਮੱਗਲਰਾਂ ਤੇ ਨਸ਼ੇੜੀਆਂ ਵਿਚਕਾਰ ਚਿੱਟੇ ਦੀ ਲੜਾਈ ਕਾਰਨ ਇਕ ਬੇਕਸੂਰ ਨੌਜਵਾਨ ਦੀ ਜਾਨ ਚਲੀ ਗਈ, ਜਦਕਿ ਉਸ ਦਾ ਵੱਡਾ ਭਰਾ ਗੰਭੀਰ ਜ਼ਖਮੀ ਹੋ ਗਿਆ, ਉਥੇ ਨਸ਼ਾ ਸਮੱਗਲਰਾਂ ਤੋਂ ਚਿੱਟਾ ਲੈ ਕੇ ਭੱਜਿਆ ਨਸ਼ੇੜੀ ਬਚਾਅ ਕਰਦਿਆਂ ਮੌਕੇ ਤੋਂ ਫਰਾਰ ਹੋ ਗਿਆ। ਭਾਵੇਂ ਮੌਕੇ ’ਤੇ ਮੌਜੂਦ ਲੋਕਾਂ ਨੇ ਦੋਵੇਂ ਭਰਾਵਾਂ ਨੂੰ ਸੀ. ਐੱਮ. ਸੀ. ਪਹੁੰਚਾਇਆ, ਜਿਥੇ ਡਾਕਟਰਾਂ ਨੇ ਇਕ ਭਰਾ ਨੂੰ ਮ੍ਰਿਤਕ ਐਲਾਨ ਦਿੱਤਾ। ਮਰਨ ਵਾਲੇ ਦੀ ਪਛਾਣ ਸੈਮ ਸਿੱਧੂ ਸ਼ੰਮੀ (25) ਤੇ ਜ਼ਖਮੀ ਦੀ ਪਛਾਣ ਸਾਜਨ (30) ਵਜੋਂ ਕੀਤੀ ਗਈ ਹੈ। ਵਾਰਦਾਤ ਕਾਰਨ ਇਲਾਕੇ ’ਚ ਦਹਿਸ਼ਤ ਫੈਲ ਗਈ। ਪਤਾ ਲੱਗਦਿਆਂ ਹੀ ਥਾਣਾ ਸਲੇਮ ਟਾਬਰੀ ਦੀ ਪੁਲਸ, ਥਾਣਾ ਦਰੇਸੀ ਦੀ ਪੁਲਸ ਤੇ ਸੀ. ਆਈ. ਏ. ਸਟਾਫ ਮੌਕੇ ’ਤੇ ਪੁੱਜ ਗਏ। ਪੁਲਸ ਨੇ ਪਹੁੰਚਦਿਆਂ ਹੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਹਮਲਾਵਰਾਂ ਦੇ ਘਰ ’ਤੇ ਰੇਡ ਕਰਕੇ ਉਨ੍ਹਾਂ ਦੇ ਪਰਿਵਾਰ ਦੇ ਹੋਰ ਮੈਂਬਰਾਂ ਨੂੰ ਹਿਰਾਸਤ ’ਚ ਲੈ ਲਿਆ। ਪੁਲਸ ਨੇ ਮੁਲਜ਼ਮਾਂ ਖਿ਼ਲਾਫ ਮਾਮਲਾ ਦਰਜ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਸੀ। ਪੁਲਸ ਅਨੁਸਾਰ ਇਲਾਕੇ ਦੇ ਹਰਦੀਪ ਸਿੰਘ ਪੇਂਡੂ ਤੇ ਉਸ ਦੇ ਪੁੱਤਰ ਜਸ਼ਨ ਨੇ ਵਾਰਦਾਤ ਨੂੰ ਅੰਜਾਮ ਦਿੱਤਾ ਹੈ, ਜਿਨ੍ਹਾਂ ਖਿ਼ਲਾਫ ਕਾਰਵਾਈ ਕੀਤੀ ਜਾ ਰਹੀ ਹੈ। ਹਮਲਾਵਰਾਂ ਨੇ ਦੋਵੇਂ ਭਰਾਵਾਂ ਦੇ ਗਲੇ, ਸਿਰ ਤੇ ਹੋਰ ਹਿੱਸਿਆਂ ’ਤੇ ਅੰਨ੍ਹੇਵਾਹ ਵਾਰ ਕੀਤੇ। ਜਾਣਕਾਰੀ ਅਨੁਸਾਰ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਪਿਓ-ਪੁੱਤ ਪੀਰੂਬੰਦਾ ਇਲਾਕੇ ’ਚ ਰਹਿੰਦੇ ਹਨ। ਜਸ਼ਨ ਲਗਭਗ 15 ਦਿਨ ਪਹਿਲਾਂ ਹੀ ਨਸ਼ਾ ਸਮੱਗਲਿੰਗ ਦੇ ਮਾਮਲੇ ’ਚ ਜੇਲ ’ਚੋਂ ਜਮਾਨਤ ’ਤੇ ਛੁੱਟ ਕੇ ਆਇਆ ਸੀ। ਲੋਕਾਂ ਦਾ ਕਹਿਣਾ ਸੀ ਕਿ ਦੋਵੇਂ ਪਿਓ-ਪੁੱਤ ਇਲਾਕੇ ’ਚ ਨਸ਼ਾ ਸਪਲਾਈ ਕਰਦੇ ਹਨ। ਇਲਾਕੇ ’ਚ ਰਹਿਣ ਵਾਲਾ ਅਜੇ ਪੂਡੀਵਨ ਨਾਂ ਦਾ ਨੌਜਵਾਨ ਖੁਦ ਵੀ ਨਸ਼ਾ ਕਰਦਾ ਹੈ ਤੇ ਨਸ਼ਾ ਵੇਚਣ ਦਾ ਕੰਮ ਵੀ ਕਰਦਾ ਹੈ। ਜੇਲ ਜਾਣ ਤੋਂ ਪਹਿਲਾਂ ਜਸ਼ਨ ਨੇ ਅਜੇ ਤੋਂ ਨਸ਼ੇ ਦੇ ਪੈਸੇ ਲੈਣੇ ਸਨ, ਜਿਸ ਨੂੰ ਲੈ ਕੇ ਦੋਵਾਂ ਵਿਚਾਲੇ ਬਹਿਸ ਚੱਲ ਰਹੀ ਸੀ। ਬੁੱਧਵਾਰ ਨੂੰ ਵੀ ਅਜੇ ਨੇ ਉਸ ਤੋਂ ਨਸ਼ਾ ਲਿਆ ਤੇ ਬਿਨਾਂ ਪੈਸੇ ਦਿੱਤੇ ਹੀ ਭੱਜ ਨਿਕਲਿਆ, ਜਿਸ ’ਤੇ ਜਸ਼ਨ ਤੇ ਉਸ ਦਾ ਪਿਤਾ ਪਿੱਛਾ ਕਰਦਿਆਂ ਵਾਰਦਾਤ ਵਾਲੀ ਥਾਂ ’ਤੇ ਪੁੱਜੇ। ਲੋਕਾਂ ਨੇ ਦੱਸਿਆ ਕਿ ਅਜੇ ਪੂਡੀਵਨ ਕਾਤਲ ਪਿਓ-ਪੁੱਤ ਤੋਂ ਬਚਣ ਲਈ



ਸੈਮ ਦੇ ਘਰ ਵੜ ਗਿਆ। ਉਸ ਦਾ ਪਿੱਛਾ ਕਰਦਿਆਂ ਮੌਕੇ ’ਤੇ ਪੁੱਜੇ ਪਿਓ-ਪੁੱਤ ਨੇ ਸੈਮ ਦੇ ਭਰਾ ਸਾਜਨ ਨੂੰ ਬਾਹਰ ਨਿਕਲਣ ਲਈ ਕਿਹਾ। ਸਾਜਨ ਨੇ ਉਨ੍ਹਾਂ ਨੂੰ ਸ਼ਾਂਤ ਕਰਦਿਆਂ ਝਗੜਾ ਕਰਨ ਤੋਂ ਰੋਕਿਆ ਤੇ ਬਾਅਦ ’ਚ ਉਸ ਨਾਲ ਨਜਿੱਠਣ ਲਈ ਕਿਹਾ ਤਾਂ ਕਿ ਮੁਹੱਲੇ ’ਚ ਕੋਈ ਸ਼ਾਂਤੀ ਭੰਗ ਨਾ ਹੋਵੇ ਪਰ ਪਿਓ-ਪੁੱਤ ਨੇ ਸਾਜਨ ਨਾਲ ਹੀ ਝਗੜਾ ਕਰਨਾ ਸ਼ੁਰੂ ਕਰ ਦਿੱਤਾ। ਜਦੋਂ ਸਾਜਨ ਨੇ ਵਿਰੋਧ ਕੀਤਾ ਤਾਂ ਜਸ਼ਨ ਨੇ ਗਾਲੀ-ਗਲੋਚ ਕਰਨੀ ਸ਼ੁਰੂ ਕਰ ਦਿੱਤੀ ਤੇ ਰੌਲਾ ਸੁਣ ਕੇ ਸ਼ੰਮੀ ਵੀ ਮੌਕੇ ’ਤੇ ਆ ਗਿਆ। ਗੁੱਸੇ ’ਚ ਆਏ ਜਸ਼ਨ ਨੇ ਸਰਜਰੀਕਲ ਬਲੇਡ ਕੱਢ ਕੇ ਸਾਜਨ ’ਤੇ ਵਾਰ ਕਰਨੇ ਸ਼ੁਰੂ ਦਿੱਤੇ। ਹਰਦੀਪ ਨੇ ਉਸ ’ਤੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤੇ। ਕੋਲ ਹੀ ਖੜ੍ਹੇ ਸ਼ੰਮੀ ਨੇ ਆਪਣੇ ਭਰਾ ਦਾ ਬਚਾਅ ਕਰਨਾ ਚਾਹਿਆ ਤਾਂ ਜ਼ਸਨ ਨੇ ਸਾਜਨ ਨੂੰ ਛੱਡ ਕੇ ਸ਼ੰਮੀ ’ਤੇ ਅੰਨ੍ਹੇਵਾਹ ਵਾਰ ਕੀਤੇ। ਗੰਭੀਰ ਜ਼ਖਮੀ ਹੋਣ ਕਾਰਨ ਦੋਵੇ ਭਰਾ ਲਹੂ-ਲੁਹਾਨ ਹੋ ਕੇ ਬੇਹੋਸ਼ ਹੋ ਕੇ ਡਿੱਗ ਗਏ ਤੇ ਸ਼ੰਮੀ ਦੀ ਮੌਕੇ ’ਤੇ ਹੀ ਮੌਤ ਹੋ ਗਈ। ਵਾਰਦਾਤ ਦੌਰਾਨ ਦੋਵੇਂ ਭਰਾਵਾਂ ਨੂੰ ਜ਼ਖਮੀ ਕਰਨ ਤੋਂ ਬਾਅਦ ਜਦੋਂ ਲੋਕ ਇਕੱਠੇ ਹੋਣ ਲੱਗੇ ਤਾਂ ਖੁਦ ਨੂੰ ਘਿਰੇ ਦੇਖ ਪਿਓ-ਪੁੱਤ ਨੇ ਤੇਜ਼ਧਾਰ ਹਥਿਆਰ ਦਿਖਾ ਕੇ ਲੋਕਾਂ ਨੂੰ ਡਰਾਉਣਾ ਸ਼ੁਰੂ ਕਰ ਦਿੱਤਾ ਤਾਂ ਕਿ ਕੋਈ ਉਨ੍ਹਾਂ ਨੂੰ ਫੜ ਨਾ ਸਕੇ। ਜਿਵੇਂ ਹੀ ਲੋਕ ਡਰ ਕੇ ਪਿੱਛੇ ਹੋਏ ਤਾਂ ਪਿਓ-ਪੁੱਤ ਮੋਟਰਸਾਈਕਲ ’ਤੇ ਫਰਾਰ ਹੋ ਗਏ। ਭੱਜਦਿਆਂ ਦੋਵੇਂ ਲੋਕਾਂ ਨੂੰ ਧਮਕੀਆਂ ਦਿੰਦੇ ਰਹੇ। ਜਿਵੇਂ ਹੀ ਸ਼ੰਮੀ ਦੀ ਮਾਂ ਨੂੰ ਵਾਰਦਾਤ ਦਾ ਪਤਾ ਲੱਗਾ ਤਾਂ ਉਸ ਦੀ ਹਾਲਤ ਵਿਗੜ ਗਈ। ਉਸ ਦੇ ਪਿਤਾ ਪ੍ਰੇਮ ਲਾਲ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਸ਼ੰਮੀ ਡੈਂਟਿਗ-ਪੇਂਟਿੰਗ ਦਾ ਕੰਮ ਕਰਦਾ ਸੀ ਤੇ ਉਸ ਨੇ ਅਗਲੇ ਹਫਤੇ ਬਹਿਰੀਨ ਜਾਣਾ ਸੀ, ਜਿਸ ਦੀ ਉਹ ਤਿਆਰੀ ਕਰ ਰਿਹਾ ਸੀ, ਜਦਕਿ ਸ਼ੰਮੀ ਦਾ ਭਰਾ ਟੈਕਸੀ ਚਲਾਉਣ ਦਾ ਕੰਮ ਕਰਦਾ ਹੈ ਤੇ ਉਸ ਦੇ ਇਕ ਪੁੱਤਰ ਤੇ ਇਕ ਧੀ ਹੈ। ਸ਼ੰਮੀ ਆਪਣੀ ਮਾਂ ਨਾਲ ਰਹਿੰਦਾ ਸੀ ਤੇ ਘਰ ਚਲਾਉਂਦਾ ਸੀ। ਮਾਂ ਨੇ ਵਿਰਲਾਪ ਕਰਦਿਆਂ ਦੱਸਿਆ ਕਿ ਦੋਵੇਂ ਪੁੱਤਰ ਨਸ਼ੇ ਤੋਂ ਦੂਰ ਸਨ ਤੇ ਮਿਹਨਤ ਨਾਲ ਆਪਣੀ ਜਿ਼ੰਦਗੀ ਚਲਾਉਂਦੇ ਸਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਧੋਖੇਬਾਜਾਂ ਤੋਂ ਵਪਾਰੀ ਦੁਖੀ, 23 ਜਿਲ੍ਹਿਆਂ ਦੇ ਵਪਾਰੀਆਂ ਨੇ ਅੰਮ੍ਰਿਤਸਰ ਪਹੁੰਚ ਕੇ ਮੀਟਿੰਗ 'ਚ ਚੁੱਕੇ ਸਵਾਲ

ਅੰਮ੍ਰਿਤਸਰ 25 ਨਵੰਬਰ। ਪੰਜਾਬ ਭਰ ਦੇ ਵਪਾਰੀਆਂ ਦੀਆਂ ਮੁਸਕਲਾਂ ਸਿਰਫ ਜੀ. ਐੱਸ. ਟੀ. ਕਾਨੂੰਨ ਅਤੇ ਮੰਦੀ ਤੱਕ ਹੀ ਸੀਮਤ ਨਹੀਂ ਹਨ, ਸਗੋਂ ਪੰਜਾਬ ਦੇ ਵਪਾਰੀਆਂ ਦੇ ਪੈਸੇ ਵੀ ਡੁੱਬ ਰਹੇ ਹਨ। ਇਸ ਦਾ ਮੁੱਖ ਕਾਰਨ ਇਹ ਹੈ ਕਿ ਪੰਜਾਬ ਤੋਂ ਇਲਾਵਾ ਚਾਰ ਹੋਰ ਸੂਬੇ ਅਜਿਹੇ ਹਨ, ਜਿੱਥੇ ਕਾਰੋਬਾਰੀਆਂ ਨਾਲ ਠੱਗੀ ਮਾਰਨ ਵਾਲਿਆਂ ਖ਼ਿਲਾਫ ਪੁਲਸ ਕਾਰਵਾਈ ਕਰਦੀ ਹੈ ਪਰ ਪੰਜਾਬ 'ਚ ਅਜਿਹਾ ਨਹੀਂ ਹੈ। ਇਸ ਕਾਰਨ ਪੰਜਾਬ ਦੇ ਵਪਾਰੀ ਇਸ ਗੱਲ ਨੂੰ ਲੈ ਕੇ ਚਿੰਤਤ ਹਨ ਕਿ ਰਕਮ ਦੀ ਮਾਰ ਪੈਣ ਤੋਂ ਬਾਅਦ ਪ੍ਰਸਾਸਨ ਉਨ੍ਹਾਂ ਦੀ ਸੁਣਵਾਈ ਨਹੀਂ ਕਰਦਾ ਅਤੇ ਕਾਨੂੰਨੀ ਰਸਤਾ ਕਈ-ਕਈ ਸਾਲਾਂ ਤੱਕ ਲੰਮਾ ਹੋ ਜਾਂਦਾ ਹੈ। ਜ਼ਿਕਰਯੋਗ ਹੈ ਕਿ 23 ਜ਼ਿਲ੍ਹਿਆਂ ਦੇ ਵਪਾਰੀਆਂ ਨੇ ਅੰਮ੍ਰਿਤਸਰ ਪਹੁੰਚ ਕੇ ਸੂਬਾ ਪੱਧਰੀ ਮੀਟਿੰਗ 'ਚ ਕਈ ਸਵਾਲ ਉਠਾਏ। ਅੱਜ ਦੀ ਮੀਟਿੰਗ ਦੌਰਾਨ ਵਪਾਰੀ ਆਗੂ ਅਤੇ ਪੰਜਾਬ ਸਟੇਟ ਕੈਮਿਸਟ ਐਸੋਸੀਏਸਨ ਦੇ ਪ੍ਰਧਾਨ ਸੁਰਿੰਦਰ ਦੁੱਗਲ, ਉਦਯੋਗਪਤੀ ਰੰਜਨ ਅਗਰਵਾਲ, ਟੀ-ਟ੍ਰੇਡ ਐਸੋਸੀਏਸਨ ਦੇ ਰਾਜਿੰਦਰ ਗੋਇਲ, ਸੀਨੀਅਰ ਮੀਤ ਪ੍ਰਧਾਨ ਮਧੂਕਰ ਤਲਵਾੜ ਅਤੇ ਦੀਪਕ ਰਾਏ ਮਹਿਰਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਵਿਚ ਮਹਾਰਾਸਟਰ, ਕਰਨਾਟਕ ਅਤੇ ਗੁਜਰਾਤ ਅੰਦਰ ਵਪਾਰੀਆਂ ਦੀ ਲੱਗੀ ਹੋਈ ਰਕਮ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਵੱਲੋਂ ਕਮਿਸਨਰੇਟ ਵਿੰਗ ਬਣਾਏ ਗਏ ਹਨ। ਇਸ ਤਹਿਤ ਜੇਕਰ ਕੋਈ ਮਾਲ ਮੰਗਵਾ ਕੇ ਪੈਸੇ ਨਹੀਂ ਦਿੰਦਾ ਤਾਂ ਡੁੱਬੀ ਹੋਈ ਰਕਮ ਨੂੰ ਪੁਲਸ ਆਪਣੇ ਜੋਰ 'ਤੇ ਦਿਵਾ ਦਿੰਦੀ ਹੈ। ਵਪਾਰੀਆਂ ਦਾ ਕਹਿਣਾ ਹੈ ਕਿ ਇੱਥੇ ਹਾਲਾਤ ਅਜਿਹੇ ਹਨ ਕਿ ਪੀੜਤ ਦੀ ਮਦਦ ਕਰਨ ਦੀ ਬਜਾਏ ਉਸ ਨੂੰ ਧਮਕਾਇਆ ਜਾਂਦਾ ਹੈ। ਜਦੋਂਕਿ ਪੈਸੇ ਕਢਵਾਉਣ ਦਾ ਕਾਨੂੰਨੀ ਰਸਤਾ ਬਹੁਤ ਲੰਬਾ ਹੈ। ਵਪਾਰੀਆਂ ਦਾ ਕਹਿਣਾ ਹੈ ਕਿ ਇਸ ਵੇਲੇ ਪੰਜਾਬ ਵਿੱਚੋਂ 40 ਫੀਸਦੀ ਤੋਂ ਵੱਧ ਯੂਨਿਟ ਘੱਟ ਹੋ ਚੁੱਕੇ ਹਨ ਅਤੇ ਅੰਮ੍ਰਿਤਸਰ ਵਿਚ 70 ਫੀਸਦੀ ਸਟੀਲ ਸਕ੍ਰਿਊ ਦੇ ਕਾਰਖਾਨੇ ਬੰਦ ਹੋ ਗਏ ਹਨ। ਵਪਾਰੀ ਆਗੂਆਂ ਅਨੁਸਾਰ ਹੋਰਨਾਂ ਸੂਬਿਆਂ ਵਾਂਗ ਪੰਜਾਬ ਵਿਚ ਵੀ ਕਮਿਸਨਰੇਟ ਪੁਲਸ ਦੀ ਟੀਮ ਬਣਾਈ ਜਾਵੇ ਤਾਂ ਜੋ ਕਿਸੇ ਵੀ ਭੋਲੇ ਭਾਲੇ ਵਪਾਰੀ ਦਾ ਪੈਸਾ ਨਾ ਡੁੱਬੇ। ਵਪਾਰੀਆਂ ਨੇ ਦੱਸਿਆ ਕਿ ਪੰਜਾਬ ਵਿਚ ਜੀ. ਐੱਸ. ਟੀ. ਵਿਭਾਗ ਵੱਲੋਂ ਵਪਾਰਕ ਅਦਾਰਿਆਂ 'ਤੇ ਘਰ-ਘਰ ਛਾਪੇਮਾਰੀ ਕੀਤੀ ਜਾ ਰਹੀ ਹੈ। ਦੀਵਾਲੀ ਤੋਂ 45 ਦਿਨ ਪਹਿਲਾਂ ਵਪਾਰਕ ਅਦਾਰਿਆਂ 'ਤੇ ਛਾਪੇਮਾਰੀ ਕੀਤੀ ਗਈ। ਇਸ ਦੇ ਨਾਲ ਹੀ ਬਾਹਰੋਂ ਸਾਮਾਨ ਲੈ ਕੇ ਆਉਣ ਵਾਲੇ ਲੋਕਾਂ ਨੂੰ ਵੀ ਧਮਕਾਇਆ ਜਾਂਦਾ ਸੀ ਕਿ ਉਹ ਮਾਲ ਕਿੱਥੋਂ ਲਿਆ ਰਹੇ ਹਨ। ਇਸ ਦਾ ਅਸਰ ਇਹ ਹੋਇਆ ਕਿ ਦੀਵਾਲੀ ਮੌਕੇ ਵਪਾਰੀਆਂ ਨੇ 30 ਤੋਂ 40 ਫੀਸਦੀ ਘੱਟ ਖਰੀਦ ਕੀਤੀ ਅਤੇ



ਕਾਰੋਬਾਰੀਆਂ ਦਾ ਦੀਵਾਲੀ ਦਾ ਸੀਜਨ ਵੀ ਡੁੱਬ ਗਿਆ ਸੀ। ਵਪਾਰੀਆਂ ਮੁਤਾਬਿਕ ਵੱਡੀ ਗਿਣਤੀ ਵਿਚ ਕਾਰੋਬਾਰੀ ਅਜਿਹੇ ਹਨ, ਜਿਨ੍ਹਾਂ ਨੂੰ ਤਿਉਹਾਰੀ ਸੀਜਨ ਪੂਰੇ ਸਾਲ ਦੀ ਕਮਾਈ ਦਿੰਦਾ ਹੈ। ਇਸ ਪ੍ਰਕਾਰ ਕਾਰੋਬਾਰੀ ਆਪਣੇ ਪੂਰੇ ਸਾਲ ਦਾ ਨੁਕਸਾਨ ਕਰ ਬੈਠੇ। ਹਾਲਾਂਕਿ ਦੀਵਾਲੀ ਦੇ 5 ਦਿਨ ਪਹਿਲਾਂ ਜੀ. ਐੱਸ. ਟੀ. ਵਿਭਾਗ ਨੇ ਵਪਾਰੀਆਂ ਨੂੰ ਰਾਹਤ ਦਿੱਤੀ ਸੀ ਪਰ ਹੁਣ ਫਿਰ ਵਪਾਰੀਆਂ ਦੇ ਮਨ ਵਿਚ ਡਰ ਹੈ ਕਿਉਂਕਿ ਪਤਾ ਲੱਗਾ ਹੈ ਕਿ ਪ੍ਰਦੇਸ਼ ਜੀ. ਐੱਸ. ਟੀ. ਵਿਭਾਗ ਦਾ ਉੱਚ ਅਧਿਕਾਰੀ ਮੁੜ ਵਪਾਰੀਆਂ 'ਤੇ ਸ਼ਕਤੀ ਦਾ ਪ੍ਰਯੋਗ ਕਰ ਕੇ ਵਪਾਰੀਆਂ ਖਿਲਾਫ ਸਕੀਮ ਬਣਾ ਰਿਹਾ ਹੈ। ਇਸ ਨਾਲ ਸਹੀ ਕੰਮ ਕਰਨ ਵਾਲੇ ਕਾਰੋਬਾਰੀਆਂ 'ਤੇ ਬੇਲੋੜਾ ਮਾਨਸਿਕ ਦਬਾਅ ਪੈਦਾ ਹੋ ਰਿਹਾ ਹੈ, ਜੋ ਕਾਰੋਬਾਰ ਦੀ ਖੁਸਹਾਲੀ ਵਿਚ ਰੁਕਾਵਟ ਬਣਦਾ ਹੈ। ਵਪਾਰ ਮੰਡਲ ਨੇ ਸੂਬੇ ਵਿਚ ਸੂਬੇ ਵਿਚ ਹੁਣੇ-ਹੁਣੇ ਲਾਗੂ 2400 ਰੁਪਏ ਸਾਲਾਨਾ 'ਪੰਜਾਬ ਡਿਵੈਲਪਮੈਂਟ ਟੈਕਸ'ਨੂੰ ਤੁਰੰਤ ਖਤਮ ਕਰਨ ਦੀ ਮੰਗ ਕਰਦੇ ਹੋਏ ਕਿਹਾ ਕਿ ਪਹਿਲਾਂ ਹੀ ਜੀ. ਐੱਸ. ਟੀ. , ਇਨਕਮ ਟੈਕਸ, ਸੰਪਤੀ ਟੈਕਸ ਦੇ ਰੂਪ ਵਿਚ ਭਾਰੀ ਟੈਕਸ ਅਦਾ ਕੀਤੇ ਜਾ ਰਹੇ ਹਨ ਅਤੇ ਇਹ ਵਾਧੂ ਟੈਕਸ ਵਪਾਰੀਆਂ 'ਤੇ ਜਬਰੀ ਟੈਕਸ ਹੈ। ਮੰਡਲ ਨੇ ਇਸ ਬਿੱਲ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕਰਦਿਆਂ ਸੰਘਰਸ ਦੀ ਚਿਤਾਵਨੀ ਵੀ ਦਿੱਤੀ ਹੈ। ਵਪਾਰੀਆਂ ਨੇ ਦੱਸਿਆ ਕਿ ਇਹ ਕਾਨੂੰਨ ਸਾਲ 2018 ਵਿਚ ਬਣਿਆ ਸੀ। ਪਰ ਇਸ ਨੂੰ ਲਾਗੂ ਨਹੀਂ ਕੀਤਾ ਗਿਆ। ਉੱਧਰ ਹੁਣ ਇਸ ਨੂੰ ਓਨਾਂ ਹਾਲਾਤਾਂ ਵਿਚ ਲਾਗੂ ਕੀਤਾ ਜਾ ਰਿਹਾ ਹੈ ਜਦੋਂਕਿ ਵਪਾਰੀਆਂ ਨੂੰ ਹੁਣ ਪਹਿਲਾਂ ਨਾਲੋਂ ਵੱਧ ਕਾਰੋਬਾਰੀ ਘਾਟਾ ਝੱਲਣਾ ਪੈ ਰਿਹਾ ਹੈ। ਮੀਟਿੰਗ ਵਿਚ ਸਾਬਕਾ ਮੰਡਲ ਪ੍ਰਧਾਨ ਸਵਰਗੀ ਅੰਮ੍ਰਿਤ ਲਾਲ ਜੈਨ ਦੇ ਜਨਮ ਦਿਨ 'ਤੇ ਉਨ੍ਹਾਂ ਦੀ ਯਾਦ ਵਿਚ ਹਰ ਸਾਲ 16 ਮਾਰਚ ਨੂੰ ਪੰਜਾਬ ਵਿਚ ਵਪਾਰੀ ਦਿਵਸ ਮਨਾਉਣ 'ਤੇ ਸਹਿਮਤੀ ਬਣੀ। ਅੰਮ੍ਰਿਤ ਲਾਲ ਜੈਨ ਇਕ ਸਕਤੀਸਾਲੀ ਨੇਤਾ ਸਨ, ਜਿਨ੍ਹਾਂ ਨੇ ਵਪਾਰੀ ਵਰਗ ਦੇ ਉਥਾਨ ਲਈ ਆਪਣੀ ਸਾਰੀ ਉਮਰ ਸੰਘਰਸ ਕੀਤਾ। ਮੀਟਿੰਗ ਵਿਚ ਸੁਰਿੰਦਰ ਦੁੱਗਲ ਨੂੰ ਪੰਜਾਬ ਪ੍ਰਦੇਸ ਵਪਾਰ ਮੰਡਲ ਦਾ ਸੂਬਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਮੰਡਲ ਮੈਂਬਰਾਂ ਨੇ ਇਸ ਨਿਯੁਕਤੀ 'ਤੇ ਖੁਸੀ ਦਾ ਇਜਹਾਰ ਕਰਦਿਆਂ ਉਨ੍ਹਾਂ ਨੂੰ ਸੁੱਭਕਾਮਨਾਵਾਂ ਦਿੱਤੀਆਂ . ਮੀਟਿੰਗ ਵਿਚ ਪ੍ਰਸਿੱਧ ਜੀ. ਐੱਸ. ਟੀ. ਵਕੀਲ ਪਵਨ ਪਾਹਵਾ ਨੇ ਜੀ. ਐੱਸ. ਟੀ./ਇਨਕਮ ਟੈਕਸ ਕਾਨੂੰਨ ਵਿਚ ਕੀਤੀਆਂ ਤਾਜਾ ਸੋਧਾਂ ਬਾਰੇ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਸੋਧਾਂ ਅਤੇ ਤਬਦੀਲੀਆਂ ਨਾਲ ਨਜਿੱਠਣ ਲਈ ਕਾਨੂੰਨੀ ਸੁਝਾਅ ਅਤੇ ਮਾਰਗਦਰਸਨ ਵੀ ਦਿੱਤਾ।

## ਮੁੰਡੇ ਨੂੰ ਮਿਲਣ ਗਈ ਕੁੜੀ ਨਾ ਆਈ ਬਾਹਰ, ਜਦੋਂ ਤੋੜਿਆ ਗਿਆ ਦਰਵਾਜਾ ਤਾਂ ਹਾਲ ਦੇਖ ਉੱਡ ਗਏ ਹੋਸ਼

ਮੋਹਾਲੀ 25 ਨਵੰਬਰ। ਮੋਹਾਲੀ ਤੋਂ ਇਕ ਦਿਲ ਦਹਿਲਾਉਣ ਵਾਲੀ ਖਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਫੇਜ਼-1 'ਚ ਸਥਿਤ ਇਕ ਘਰ ਦੀ ਉਪਰਲੀ ਮੰਜ਼ਿਲ 'ਤੇ ਕਮਰੇ 'ਚੋਂ ਇਕ ਨੌਜਵਾਨ ਤੇ ਇਕ ਕੁੜੀ ਦੀਆਂ ਲਾਸ਼ਾਂ ਮਿਲੀਆਂ ਹਨ। ਮ੍ਰਿਤਕ ਨੌਜਵਾਨ ਦੀ ਪਛਾਣ ਮੂਲ ਤੌਰ 'ਤੇ ਸਹਾਰਨਪੁਰ (ਯੂ.ਪੀ.) ਦੇ ਰਹਿਣ ਵਾਲੇ ਅਨਸ (30) ਤੇ ਕੁੜੀ ਦੀ ਪਛਾਣ ਬਿਹਾਰ ਦੇ ਛਪਰਾ ਦੀ ਰਹਿਣ ਵਾਲੀ ਨਿਧੀ (23) ਵਜੋਂ ਹੋਈ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਨਿਧੀ ਮੰਗਲਵਾਰ ਸਵੇਰੇ ਫੇਜ਼-1 ਸਥਿਤ ਅਨਸ ਦੇ ਕਮਰੇ 'ਚ ਉਸ ਨੂੰ ਮਿਲਣ ਪਹੁੰਚੀ ਸੀ ਪਰ ਕਾਫੀ ਦੇਰ ਤਕ ਕਮਰੇ ਤੋਂ ਬਾਹਰ ਨਾ ਆਉਣ 'ਤੇ ਮਕਾਨ ਮਾਲਕ ਨੇ ਦਰਵਾਜ਼ਾ ਖੜਕਾਇਆ। ਦਰਵਾਜ਼ਾ ਨਾ ਖੋਲ੍ਹਣ ਕਾਰਨ ਮਕਾਨ ਮਾਲਕ ਨੇ ਦਰਵਾਜ਼ਾ ਤੋੜਿਆ ਤਾਂ ਅੰਦਰ ਅਨਸ ਦੀ ਲਾਸ਼ ਪੱਖੇ ਨਾਲ ਲਟਕਦੀ ਮਿਲੀ, ਜਦਕਿ ਨਿਧੀ ਦੀ ਲਾਸ਼ ਜ਼ਮੀਨ 'ਤੇ ਪਈ ਸੀ। ਮਾਮਲੇ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਗਈ। ਜ਼ਿਕਰਯੋਗ ਹੈ ਕਿ ਪਿਛਲੇ ਕੁਝ ਸਮੇਂ ਤੋਂ ਅਨਸ ਕਿਰਾਏ 'ਤੇ ਰਹਿ ਰਿਹਾ ਸੀ ਤੇ ਇਹ ਦੋਵੇਂ ਜਣੇ ਕੁਝ ਸਮੇਂ ਤੋਂ ਮੋਹਾਲੀ 'ਚ ਰਹਿ ਕੇ ਪ੍ਰਾਈਵੇਟ ਨੌਕਰੀ ਕਰ ਰਹੇ ਸਨ। ਪੁਲਸ ਦਾ



ਕਹਿਣਾ ਹੈ ਕਿ ਦੋਵੇਂ ਇਕ-ਦੂਜੇ ਨੂੰ ਕਾਫੀ ਸਮੇਂ ਤੋਂ ਜਾਣਦੇ ਸਨ। ਮੁੱਢਲੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਇਕ ਵਿਅਕਤੀ, ਜਿਸ ਦਾ ਨਾਂ ਮਨੀਸ਼ ਦੱਸਿਆ ਜਾ ਰਿਹਾ ਹੈ, ਕਾਫੀ ਸਮੇਂ ਤੋਂ ਨਿਧੀ ਨੂੰ ਤੰਗ ਕਰ ਰਿਹਾ ਸੀ, ਜਿਸ ਕਾਰਨ ਅਨਸ ਤੇ ਨਿਧੀ ਵਿਚਾਲੇ ਝਗੜਾ ਹੋ ਗਿਆ ਸੀ। ਪੁਲਸ ਨੂੰ ਸ਼ੱਕ ਹੈ ਕਿ ਕਿਤੇ ਇਹ ਮਾਮਲਾ ਖੁਦਕੁਸ਼ੀ ਤੋਂ ਪਹਿਲਾਂ ਕਤਲ ਦਾ ਨਾ ਹੋਵੇ। ਪੁਲਸ ਨੂੰ ਘਟਨਾ ਵਾਲੀ ਥਾਂ ਤੋਂ ਦੋਵਾਂ ਦੇ ਸੁਸਾਈਡ ਨੋਟ ਵੀ ਬਰਾਮਦ ਹੋਏ ਹਨ। ਦੋਵਾਂ ਨੇ ਮਨੀਸ਼ ਨਾਂ ਦੇ ਵਿਅਕਤੀ ਦਾ ਨਾਂ ਲਿਖਿਆ ਹੈ। ਪੁਲਸ ਨੇ ਮੌਕੇ ਤੋਂ ਮਿਲੇ ਮੋਬਾਈਲ ਫੋਨ ਵੀ ਜ਼ਬਤ ਕਰ ਲਏ ਹਨ ਤੇ ਸੈਂਪਲ ਇਕੱਠੇ ਕਰ ਕੇ ਫੋਰੈਂਸਿਕ ਜਾਂਚ ਲਈ ਭੇਜ ਦਿੱਤੇ ਹਨ। ਪੁਲਸ ਆਸ-ਪਾਸ ਦੇ ਲੋਕਾਂ ਤੋਂ ਵੀ ਪੁੱਛਗਿੱਛ ਕਰ ਰਹੀ ਹੈ। ਇਹ ਵੀ ਪਤਾ ਲਾਇਆ ਜਾ ਰਿਹਾ ਹੈ ਕਿ ਘਟਨਾ ਵੇਲੇ ਕਮਰੇ 'ਚ ਕੋਈ ਬਾਹਰੀ ਵਿਅਕਤੀ ਮੌਜੂਦ ਸੀ ਜਾਂ ਨਹੀਂ। ਫਿਲਹਾਲ ਦੋਵਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਪੁਲਸ ਮੁਤਾਬਕ ਪੋਸਟਮਾਰਟਮ ਦੀ ਰਿਪੋਰਟ ਤੇ ਫੋਰੈਂਸਿਕ ਜਾਂਚ ਤੋਂ ਬਾਅਦ ਹੀ ਦੋਵਾਂ ਦੀ ਮੌਤ ਦਾ ਅਸਲ ਕਾਰਨ ਸਾਹਮਣੇ ਆਵੇਗਾ।

## ਮੁਰਗਾ ਫਾਰਮ 'ਚ ਲੱਗੀ ਅੱਗ

ਪੀਲੀਭੀਤ 25 ਨਵੰਬਰ। ਉੱਤਰ ਪ੍ਰਦੇਸ 'ਚ ਪੀਲੀਭੀਤ ਜ਼ਿਲ੍ਹੇ ਦੇ ਬਰਖੇੜਾ ਥਾਣਾ ਖੇਤਰ ਦੇ ਕਟਕਵਾੜਾ ਪਿੰਡ 'ਚ ਸਥਿਤ ਇਕ ਮੁਰਗਾ ਫਾਰਮ 'ਚ ਹੀਟ ਦੀ ਭੱਠੀ 'ਚ ਧਮਾਕਾ ਹੋਣ ਕਾਰਨ ਲੱਗੀ ਅੱਗ 'ਚ 4200 ਚੂਚੇ ਸੜ ਕੇ ਸੁਆਹ ਹੋ ਗਏ। ਬਰਖੇੜਾ ਥਾਣੇ ਦੇ ਅਨੁਸਾਰ ਪਿੰਡ ਕਟਕਵਾੜਾ ਦੇ ਬਾਹਰ ਸਥਿਤ ਮੁਰਗਾ ਫਾਰਮ ਵਿਚ ਚੂਚਿਆਂ ਨੂੰ ਠੰਡ ਤੋਂ ਬਚਾਉਣ ਲਈ ਭੱਠੀ ਦਾ ਇਸਤੇਮਾਲ ਕੀਤਾ ਜਾ ਰਿਹਾ ਸੀ। ਰਾਤ ਦੇ ਹਨੇਰੇ 'ਚ ਭੱਠੀ 'ਚ ਅਚਾਨਕ ਧਮਾਕਾ ਹੋਣ ਕਾਰਨ ਅੱਗ ਲੱਗ ਗਈ, ਜਿਸ ਕਾਰਨ 4200 ਚੂਚੇ ਸੜ ਕੇ ਸੁਆਹ ਹੋ ਗਏ। ਥਾਣਾ ਸਦਰ ਦੇ ਮੁਖੀ ਮੁਕੇਸ ਕੁਮਾਰ ਸੁਕਲਾ ਨੇ ਮੀਡੀਆ ਨੂੰ ਘਟਨਾ ਦੀ ਪੁਸਟੀ ਕਰਦਿਆਂ ਦੱਸਿਆ ਕਿ ਮੁਰਗਾ ਫਾਰਮ ਨੂੰ ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਪੁਲਸ ਅਤੇ ਫਾਇਰ ਬ੍ਰਿਗੇਡ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ। ਮੁਰਗਾ ਫਾਰਮ ਮਾਲਕ ਨੇ ਪੁਲਸ ਨੂੰ ਦੱਸਿਆ ਕਿ ਅੱਗ ਲੱਗਣ ਕਾਰਨ ਮੁਰਗਿਆਂ ਤੋਂ ਇਲਾਵਾ ਫਾਰਮ ਦੀ ਜਾਇਦਾਦ ਅਤੇ ਹੋਰ ਲੱਖਾਂ ਰੁਪਏ ਦੇ ਸਾਮਾਨ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ।

**ਸ਼ਰਾਬ ਨੇ ਮਰਵਾ 'ਤਾ ਮਾਪਿਆਂ ਦਾ ਸੋਹਣਾ-ਸੁਨੱਖਾ ਮੁੰਡਾ**

ਲੁਧਿਆਣਾ 25 ਨਵੰਬਰ। ਲੁਧਿਆਣਾ ਵਿਖੇ ਸਰਾਬ ਦੇ ਠੇਕੇ ਤੋਂ ਬੀਅਰ ਖਰੀਦਣ ਨੂੰ ਲੈ ਕੇ ਨੌਜਵਾਨਾਂ ਵਿਚਾਲੇ ਝਗੜਾ ਹੋ ਗਿਆ। ਮਾਮੂਲੀ ਗੱਲ ਨੂੰ ਲੈ ਕੇ ਹੋਇਆ ਝਗੜਾ ਇੰਨਾ ਵੱਧ ਗਿਆ ਕਿ ਤਿੰਨ ਨੌਜਵਾਨਾਂ ਨੇ ਮਿਲ ਕੇ ਇਕ ਨੌਜਵਾਨ ਦੀ ਬੁਰੀ ਤਰ੍ਹਾਂ ਨਾਲ ਕੁੱਟਮਾਰ ਕਰਕੇ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਕਮਲ ਦੇ ਰੂਪ ਵਿਚ ਹੋਈ ਹੈ, ਜੋ ਗੁਰੂ ਅਰਜਨ ਦੇਵ ਸਿੰਘ ਨਗਰ ਦਾ ਰਹਿਣ ਵਾਲਾ ਸੀ। ਸੂਚਨਾ ਮਿਲਣ ਤੋਂ ਬਾਅਦ ਥਾਣਾ ਕੋਤਵਾਲੀ ਪੁਲਸ ਮੌਕੇ 'ਤੇ ਪਹੁੰਚੀ ਪਰ ਉਦੋਂ ਤੱਕ ਦੋਸੀ ਫਰਾਰ ਹੋ ਚੁੱਕੇ ਸਨ।

## ਪੰਜਾਬ ਸਰਕਾਰ ਦਾ ਅਹਿਮ ਕਦਮ, ਇਨ੍ਹਾਂ 3 ਜਿਲ੍ਹਿਆਂ 'ਚ ਲਿਆਂਦਾ ਜਾ ਰਿਹੈ ਇਹ ਖਾਸ ਪ੍ਰਾਜੈਕਟ

ਚੰਡੀਗੜ੍ਹ/ਜਲੰਧਰ 25 ਨਵੰਬਰ। ਸੂਬੇ 'ਚ ਡੇਅਰੀ ਫਾਰਮਿੰਗ ਸੈਕਟਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਪੰਜਾਬ ਸਰਕਾਰ ਹੋਲਸਟਾਈਨ ਫਰੀਜੀਅਨ (ਐੱਚ. ਐੱਫ.) ਨਸਲ ਦੀਆਂ ਉੱਚਤਮ ਗਊਆਂ ਦੀ ਪਛਾਣ ਕਰਨ ਅਤੇ ਇਨ੍ਹਾਂ ਦੀ ਦੁੱਧ ਉਤਪਾਦਨ ਸਮਰੱਥਾ ਬਾਰੇ ਜਾਣਨ ਲਈ ਜਲਦੀ ਇਕ ਪ੍ਰਾਜੈਕਟ ਸੂਰੂ ਕਰਨ ਜਾ ਰਹੀ ਹੈ। 5.31 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰਾਜੈਕਟ ਬਾਰੇ ਪਸੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਪ੍ਰਾਜੈਕਟ ਦਸੰਬਰ 2024 ਦੇ ਪਹਿਲੇ ਹਫਤੇ ਸੂਰੂ ਕੀਤਾ ਜਾਵੇਗਾ। ਇਸ ਤਹਿਤ ਪ੍ਰਾਜੈਕਟ ਸੁਪਰਵਾਈਜਰਾਂ ਵੱਲੋਂ ਪਸੂ ਪਾਲਣ ਵਿਭਾਗ ਦੇ ਸਟਾਫ ਦੀ ਮਦਦ ਨਾਲ ਦੁੱਧ ਉਤਪਾਦਨ ਦੀ ਰਿਕਾਰਡਿੰਗ ਲਈ ਯੋਗ ਐੱਚ. ਐੱਫ. ਨਸਲ ਦੀਆਂ ਗਊਆਂ ਦੀ ਪਛਾਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵਿੱਤੀ ਵਰ੍ਹੇ 2024-25 ਅਤੇ 2025-26 ਦੌਰਾਨ ਤਿੰਨ ਜ਼ਿਲ੍ਹਿਆਂ ਲੁਧਿਆਣਾ, ਮੋਗਾ ਅਤੇ ਫਤਹਿਗੜ੍ਹ ਸਾਹਿਬ ਦੇ 90 ਪਿੰਡਾਂ 'ਚ ਲਗਭਗ 13,000 ਐੱਚ. ਐੱਫ. ਨਸਲ ਦੀਆਂ ਗਊਆਂ ਦੇ ਦੁੱਧ ਉਤਪਾਦਨ ਨੂੰ ਰਿਕਾਰਡ ਕੀਤਾ ਜਾਵੇਗਾ। ਕਿਸਾਨ ਇਨ੍ਹਾਂ ਚੁਣੀਆਂ ਗਈਆਂ ਗਊਆਂ ਦਾ ਆਪਣੇ ਘਰਾਂ



'ਚ ਆਮ ਵਾਂਗ ਹੀ ਦੁੱਧ ਚੋਣਗੇ। ਇਸ ਦੌਰਾਨ ਇਕ ਮਿਲਕ ਰਿਕਾਰਡਰ ਮੌਜੂਦ ਰਹੇਗਾ, ਜੋ ਜੀ. ਪੀ. ਐੱਸ. ਸਮਰੱਥ ਸਮਾਰਟ ਵੇਇੰਗ ਸਕੇਲ (ਕੰਡੇ) ਦੀ ਵਰਤੋਂ ਕਰ ਕੇ ਦੁੱਧ ਉਤਪਾਦਨ ਸਬੰਧੀ ਡਾਟਾ ਇਕੱਠਾ ਕਰੇਗਾ, ਜੋ ਆਪਣੇ-ਆਪ ਰਾਸਟਰੀ ਡੇਟਾਬੇਸ 'ਤੇ ਅਪਲੋਡ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪਸੂ ਪਾਲਕਾਂ ਨੂੰ ਉਨ੍ਹਾਂ ਦੀਆਂ ਗਾਵਾਂ ਦੀ ਜੈਨੇਟਿਕ ਸਮਰੱਥਾ ਅਤੇ ਜਰਮ ਪਲਾਜਮ ਦੀ ਪਛਾਣ ਕਰਨ ਦੇ ਨਾਲ-ਨਾਲ ਦੁੱਧ ਉਤਪਾਦਨ ਵਧਾਉਣ ਲਈ ਪ੍ਰਜਣਨ ਤੇ ਪ੍ਰਬੰਧਨ ਬਾਰੇ ਫ਼ੈਸਲੇ ਲੈਣ 'ਚ ਸਹਾਇਤਾ ਕਰੇਗੀ ਅਤੇ ਇਸ ਦੇ ਨਾਲ ਹੀ ਇਨ੍ਹਾਂ ਗਾਵਾਂ ਦੇ ਦੁੱਧ ਉਤਪਾਦਨ ਦੀ ਰਿਕਾਰਡਿੰਗ ਸਮਰੱਥਾ ਨੂੰ ਸਥਾਪਿਤ ਕਰਨ 'ਚ ਸਹਾਇਤਾ ਕਰੇਗੀ।

## ਸ਼ਹਿਰ 'ਚ ਲੱਗ ਰਹੇ ਨਿੱਤ ਦੇ ਜਾਮ ਕਾਰਨ ਪੱਟੀ ਨਿਵਾਸੀਆਂ ਨੂੰ ਹੋ ਰਹੀ ਖੱਜਲ ਖੁਆਰੀ

ਪੱਟੀ 25 ਨਵੰਬਰ। ਸ਼ਹਿਰ 'ਚ ਨਿੱਤ ਦਿਨ ਲੱਗਦੇ ਜਾਮ ਕਾਰਨ ਸ਼ਹਿਰ ਨਿਵਾਸੀਆਂ ਤੇ ਰਾਹੀਗਾਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰ ਪੈ ਰਿਹਾ ਹੈ। ਜਾਮ ਦੇ ਹੱਲ ਲਈ ਟ੍ਰੈਫਿਕ ਪੁਲਸ ਅਤੇ ਨਗਰ ਕੌਂਸਲ ਨੂੰ ਧਿਆਨ ਦੇਣ ਦੀ ਲੋੜ ਹੈ। ਇਸ ਮੌਕੇ ਸ਼ਹਿਰ ਨਿਵਾਸੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਨਿੱਤ ਦਿਨ ਸ਼ਹਿਰ 'ਚ ਲੱਗਦੇ




ਜਾਮ ਦਾ ਕਾਰਨ ਦੁਕਾਨਦਾਰਾਂ ਵੱਲੋਂ ਨਗਰ ਕੌਂਸਲ ਦੀ ਹਦੂਦ ਤੋਂ ਵੱਧ ਕੇ ਰੱਖਿਆ ਗਿਆ ਸਾਮਾਨ ਹੈ ਅਤੇ ਇਸ ਦੇ ਨਾਲ ਹੀ ਸ਼ਹਿਰ 'ਚ ਕਾਰਾਂ, ਗੱਡੀਆਂ ਆਦਿ ਬਣਦੀਆਂ ਹਨ, ਜੋ ਵੀ ਜਾਮ ਦਾ ਕਾਰਨ ਹੈ। ਇਸ ਮੌਕੇ ਸ਼ਹਿਰ ਨਿਵਾਸੀਆਂ ਨੇ ਐੱਸ.ਪੀ.ਟੈਫ੍ਰਿਕ, ਡੀ.ਐੱਸ.ਪੀ. ਪੱਟੀ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਪਾਸੋਂ ਮੰਗ ਕੀਤੀ ਕਿ ਟੈਫ੍ਰਿਕ ਕਾਰਨ ਸ਼ਹਿਰ 'ਚ ਲੱਗਦੇ ਜਾਮ ਨੂੰ ਹਟਾਉਣ ਲਈ ਹੱਲ ਕੀਤਾ ਜਾਵੇ, ਜਿਸ ਕਾਰਨ ਸ਼ਹਿਰ ਨਿਵਾਸੀਆਂ ਨੂੰ ਪੇਸ਼ ਆ ਰਹੀ ਮੁਸ਼ਕਿਲ ਤੋਂ ਨਿਜ਼ਾਤ ਮਿਲ ਸਕੇ।

## ਪੰਜਾਬ 'ਚ ਮੁੜ ਹੋਣ ਲੱਗੀਆਂ ਚੋਣਾਂ, ਜਾਰੀ ਹੋ ਗਿਆ ਨੋਟੀਫਿਕੇਸ਼ਨ

ਜਲੰਧਰ 25 ਨਵੰਬਰ। ਬੀਤੇ ਕਰੀਬ 2 ਸਾਲਾਂ ਤੋਂ ਲਟਕੀਆਂ ਹੋਈਆਂ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤੀ ਚੋਣਾਂ ਦਾ ਰਾਹ ਆਖ਼ਿਰਕਾਰ ਸਾਫ ਹੋ ਗਿਆ ਹੈ। ਇਨ੍ਹਾਂ ਚੋਣਾਂ ਨੂੰ ਲੈ ਕੇ ਸਰਕਾਰ ਨੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ ਇਹ ਚੋਣਾਂ ਦਸੰਬਰ ਮਹੀਨੇ ਦੇ ਅੰਤ 'ਚ ਕਰਵਾਈਆਂ ਜਾਣਗੀਆਂ। ਪੰਜਾਬ ਦੇ 5 ਨਗਰ-ਨਿਗਮ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਤੇ ਫਗਵਾੜਾ 'ਚ ਚੋਣਾਂ ਕਰਵਾਈਆਂ ਜਾਣਗੀਆਂ, ਜਦਕਿ ਬਠਿੰਡਾ, ਬਟਾਲਾ, ਹੁਸ਼ਿਆਰਪੁਰ ਤੇ ਅਬੋਹਰ ਨਿਗਮਾਂ 'ਚ ਜੋ ਸੀਟਾਂ ਕਿਸੇ ਵਜ੍ਹਾ ਕਾਰਨ ਖਾਲੀ ਹੋ ਗਈਆਂ ਸਨ, ਉਨ੍ਹਾਂ 'ਚ ਵੀ ਇਸ ਦੇ ਨਾਲ ਹੀ ਜ਼ਿਮਨੀ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ। ਇਸ ਤਹਿਤ ਹੁਸ਼ਿਆਰਪੁਰ 'ਚ 3, ਜਦਕਿ ਬਾਕੀਆਂ 'ਚ 1-1 ਸੀਟ 'ਤੇ ਵੋਟਾਂ ਪੈਣਗੀਆਂ। ਹਾਲਾਂਕਿ ਜਾਰੀ ਕੀਤੇ ਗਏ ਨੋਟੀਫਿਕੇਸ਼ਨ 'ਚ ਉਨ੍ਹਾਂ ਤਰੀਕਾਂ ਦਾ ਐਲਾਨ ਨਹੀਂ ਕੀਤਾ ਗਿਆ, ਜਿਨ੍ਹਾਂ ਤਰੀਕਾਂ ਨੂੰ ਪੋਲਿੰਗ ਹੋਣੀ ਹੈ, ਪਰ ਇੰਨਾ ਜ਼ਰੂਰ ਸਾਫ ਕਰ ਦਿੱਤਾ ਗਿਆ ਹੈ ਕਿ ਦਸੰਬਰ ਮਹੀਨੇ ਦੇ ਅਖੀਰ 'ਚ ਇਹ ਚੋਣਾਂ ਕਰਵਾਈਆਂ ਜਾਣਗੀਆਂ।

## ਪੰਜਾਬ ਦੇ ਸਕੂਲਾਂ ਨਾਲ ਜੁੜੀ ਅਹਿਮ ਖਬਰ, ਵਿਦਿਆਰਥੀ, ਅਧਿਆਪਕ ਤੇ ਮਾਪੇ ਜਰੂਰ ਪੜ੍ਹੋ

ਲੁਧਿਆਣਾ 25 ਨਵੰਬਰ। ਪੰਜਾਬ ਦੇ ਸਿੱਖਿਆ ਵਿਭਾਗ ਨੇ ਪ੍ਰਾਇਮਰੀ ਕਲਾਸਾਂ ਦੇ ਸਿਲੇਬਸ ਨੂੰ ਲੈ ਕੇ ਪੱਤਰ ਜਾਰੀ ਕੀਤਾ ਹੈ। ਸਿੱਖਿਆ ਵਿਭਾਗ ਨੇ ਸੈਸ਼ਨ 2024-25 ਲਈ ਪਹਿਲੀ ਤੋਂ ਪੰਜਵੀਂ ਜਮਾਤ ਦੇ ਸਿਲੇਬਸ ਦੀ ਵੰਡ ਕਰ ਦਿੱਤੀ ਹੈ। ਵਿਭਾਗ ਨੇ ਪੱਤਰ ਰਾਹੀਂ ਲਿਖਿਆ ਹੈ ਕਿ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਦੇ ਮਾਰਗਦਰਸ਼ਨ ਤੇ ਸਰਗਰਮੀਆਂ ਵਿਚ ਇਕਸਾਰਤਾ ਬਣਾਈ ਰੱਖਣ ਲਈ ਪਹਿਲੀ ਤੋਂ ਪੰਜਵੀਂ ਤਕ ਦਾ ਸਿਲੇਬਸ ਵੰਡ ਕੇ ਇਸ ਪੱਤਰ ਦੇ ਨਾਲ ਭੇਜਿਆ ਜਾ ਰਿਹਾ ਹੈ। ਦੇ ਡਾਇਰੈਕਟਰ ਅਮਨਿੰਦਰ ਕੌਰ ਵੱਲੋਂ ਜਾਰੀ ਇਸ ਪੱਤਰ ਵਿਚ ਲਿਖਿਆ ਗਿਆ ਹੈ ਕਿ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਦੇ ਮੁੱਢਲੀਆਂ ਕੁਸ਼ਲਤਾਵਾਂ ਵਿਚ ਸੁਧਾਰ ਕਰਨ ਦੇ ਉਦੇਸ਼ ਤਹਿਤ 'ਮਿਸ਼ਨ ਸਮਰੱਥ' ਤਹਿਤ ਕੰਮ ਚੱਲ ਰਿਹਾ ਹੈ। ਜਿਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਨੇ 'ਮਿਸ਼ਨ ਸਮਰੱਥ' ਤਹਿਤ ਨਿਰਧਾਰਤ ਹੁਨਰ ਪ੍ਰਾਪਤ ਕਰਨ ਦਾ ਟੀਚਾ ਸਰ ਕਰ ਲਿਆ ਹੈ, ਉਨ੍ਹਾਂ ਸਕੂਲਾਂ ਦੇ ਅਧਿਆਪਕ ਮੁੱਖ ਦਫਤਰ ਵੱਲੋਂ ਭੇਜੇ ਗਏ ਸਿਲੇਬਸ ਵੰਡ ਤੋਂ ਲੋੜ ਮੁਤਾਬਕ ਸੇਧ ਲੈ ਕੇ ਨਿਰਧਾਰਤ ਸਮੇਂ 'ਤੇ ਸਿਲੇਬਸ ਪੂਰਾ ਕਰਵਾਉਣਾ ਯਕੀਨੀ ਬਣਾਉਣਗੇ।


**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

**ਦਿੱਲੀ ਵਿਧੁਤ ਵਿਨਿਯਾਮਕ ਆਯੋਗ**
ਵਿਨਿਯਾਮਕ ਭਵਨ, ਸੀ-ਬਲੱਾਕ, ਸ਼ਿਵਾਲਿਕ, ਮਾਲਵੀਯ ਨਗਰ, ਨਵੀਂ ਦਿੱਲੀ-1100017
ਵੇਬਸਾਈਟ: www.derc.gov.in ਟੇਲੀਫੈਕਸ: 41080417

**ਭਰਤੀ ਨੋਟਿਸ**

ਦਿੱਲੀ ਵਿਧੁਤ ਵਿਨਿਯਾਮਕ ਆਯੋਗ ਨੇ ਅਨੁਬੰਧ ਦੇ ਆਧਾਰ 'ਤੇ ਵਿਧੁਤ ਲੋਕਪਾਲ ਦੇ ਦਫ਼ਤਰ 'ਚ ਹੇਠਲਿਖਿਤ ਪ੍ਰਤਿਆਸ਼ਿਤ ਪਦ ਨੂੰ ਭਰਨ ਦੇ ਲਈ ਆਵੇਦਨ ਆਮੰਤ੍ਰਿਤ ਕਰਦਾ ਹੈ:

| ਕ੍ਰ. ਸੰ. | ਪਦ ਦਾ ਨਾਮ | ਸਮੇਕਿਤ ਵੇਤਨ | ਪਦ ਦੀ ਸੰਖਿਆ |
|---|---|---|---|
| 1. | ਸਚਿਵ | ਰੁਪਏ 1,00,000/- | 1 |

- ਵਧੇਰੇ ਵੇਰਵੇ ਜਿਵੇਂ ਪਾਤ੍ਰਤਾ, ਯੋਗਤਾ, ਅਨੁਭਵ ਅਤੇ ਨਿਯੁਕਤੀ ਦੇ ਹੋਰ ਨਿਯਮਾਂ 'ਤੇ ਸ਼ਰਤਾਂ ਦੀ ਵਧੇਰੇ ਜਾਣਕਾਰੀ ਦੇ ਲਈ ਕ੍ਰਿਪਾ ਡੀਈਆਰਸੀ ਦੀ ਵੇਬਸਾਈਟ www.derc.gov.in ਦੇਖੋ।
- ਉਪਰੋਕਤ ਪਦ ਦੇ ਲਈ ਆਵੇਦਨ ਪੱਤਰ, ਸਚਿਵ, ਦਿੱਲੀ ਵਿਧੁਤ ਵਿਨਿਯਾਮਕ ਆਯੋਗ, ਵਿਨਿਯਾਮਕ ਭਵਨ, ਸੀ-ਬਲੱਾਕ, ਸ਼ਿਵਾਲਿਕ, ਮਾਲਵੀਯ ਨਗਰ, ਨਵੀਂ ਦਿੱਲੀ-110017 ਨੂੰ ਭੇਜੇ ਜਾ ਸਕਦੇ ਹਨ ਅਤੇ ਲਿਫਾਫੇ 'ਤੇ ਸਪਸ਼ਟ ਰੂਪ ਤੋਂ ਆਵੇਦਿਤ ਪਦ ਦਾ ਵੇਰਵਾ ਲਿਖਿਆ ਹੋਣਾ ਚਾਹੀਦਾ
- ਆਵੇਦਨ ਪ੍ਰਾਪਤ ਕਰਨ ਦੀ ਅੰਤਿਮ ਮਿਤੀ ਵਿਗਿਆਪਨ ਦੀ ਮਿਤੀ ਤੋਂ 30 ਦਿਨ ਹੈ।

**ਰਾਜੇਸ਼ ਦਾਂਗੀ, ਸਚਿਵ**

DIP/Shabdarth/Classified/0281/24-25

**ਦਿੱਲੀ ਵਿਧੁਤ ਵਿਨਿਯਾਮਕ ਆਯੋਗ**
ਵਿਨਿਯਾਮਕ ਭਵਨ, ਸੀ-ਬਲੱਾਕ, ਸ਼ਿਵਾਲਿਕ, ਮਾਲਵੀਯ ਨਗਰ,
ਨਵੀਂ ਦਿੱਲੀ-1100017
ਵੇਬਸਾਈਟ: www.derc.gov.in ਟੇਲੀਫੈਕਸ: 41080417

**ਜਨਤੱਕ ਸੂਚਨਾ**

**ਐਫ.** 17(333)/**ਡੀਈਆਰਸੀ/ਈਐਨਜੀਜੀ**,/2024-25/8165

**ਪੈਨਲ ਸੂਚੀ 'ਚ ਸਮਾਵੇਸ਼ ਲਈ ਤੀਜਾ-ਪੱਖ ਮੀਟਰ ਪਰੀਖਣ ਪ੍ਰਯੋਗਸ਼ਾਲਾਵਾਂ ਤੋਂ ਆਵੇਦਨ ਆਮੰਤ੍ਰਿਤ ਕਰਨ ਲਈ ਸੂਚਨਾ**

ਦਿੱਲੀ ਵਿਧੁਤ ਵਿਨਿਯਾਮਕ ਆਯੋਗ, ਵਿਧੁਤ ਅਧਿਨੀਅਮ, 2003 ਦੇ ਤਹਿਤ ਪ੍ਰਦਤ ਅਧਿਕਾਰਾਂ ਦਾ ਪ੍ਰਯੋਗ ਕਰਦੇ ਹੋਏ, ਡੀਈਆਰਸੀ (ਆਪੂਰਤੀ ਕੋਡ ਅਤੇ ਪ੍ਰਦਰਸ਼ਨ ਮਾਨਕ) ਵਿਨਿਯਮ, 2017 ਨੂੰ ਅਧਿਸੂਚਿਤ ਕੀਤਾ ਹੈ, ਜਿਸ 'ਚ ਅਨੁਗਿਅਪਤਧਾਰੀ ਅਤੇ ਉਪਭੋਗਤਾਵਾਂ ਦੇ ਇਕ-ਦੂਜੇ ਦੇ ਦਾਇਤਵਾਂ ਦਾ ਵੇਰਵਾ ਦਿੱਤਾ ਗਿਆ ਹੈ ਜੋ ਉਪਭੋਗਤਾਵਾਂ ਨੂੰ ਦਕਸ਼, ਲਾਗਤ ਪ੍ਰਭਾਵੀ ਅਤੇ ਉਪਭੋਗਤਾ ਹਿਤੈਸ਼ੀ ਸੇਵਾ ਪ੍ਰਦਾਨ ਕਰਨ ਦੇ ਲਈ ਅਨੁਗਿਅਪਤਧਾਰੀ ਵਲੋਂ ਅਪਨਾਈ ਜਾਣ ਵਾਲੀ ਮਾਨਕਾਂ ਨੂੰ ਵਿਨਿਰਦਿਸ਼ਟ ਕਰਦਾ ਹੈ।

ਉਪਭੋਗਤਾਵਾਂ ਦੇ ਹਿਤਾਂ ਦੀ ਰੱਖਿਆ ਦੇ ਲਈ, ਆਯੋਗ ਨੇ ਦਿੱਲੀ ਵਿਧੁਤ ਵਿਨਿਯਾਮਕ ਆਯੋਗ (ਆਪੂਰਤੀ ਕੋਡ ਅਤੇ ਪ੍ਰਦਰਸ਼ਨ ਮਾਨਕ) ਵਿਨਿਯਮ, 2017 ਦੇ ਵਿਨਿਯਮ 32(2) ਅਤੇ 32(8) ਦੇ ਮਾਧਿਅਮ ਤੋਂ ਉਪਭੋਗਤਾਵਾਂ ਨੂੰ ਆਪਣੇ ਮੀਟਰਾਂ ਦਾ ਤੀਜਾ ਪੱਖ ਦੀ ਪ੍ਰਯੋਗਸ਼ਾਲਾਵਾਂ 'ਚ ਪਰੀਖਣ ਕਰਾਉਣ ਦੇ ਪ੍ਰਾਵਧਾਨ ਕੀਤੇ ਹਨ।

ਉਪਭੋਗਤਾਵਾਂ ਨੂੰ ਉਨ੍ਹਾਂ ਦੇ ਖੇਤਰ ਦੇ ਅੰਦਰ ਐਨਏਬੀਐਲ ਅਨੁਮੋਦਿਤ ਤੀਜਾ-ਪੱਖ ਪਰੀਖਣ ਪ੍ਰਯੋਗਸ਼ਾਲਾਵਾਂ ਅਤੇ ਪਰੀਖਣ ਸ਼ੁਲਕ ਦੇ ਬਾਰੇ 'ਚ ਜਾਗਰੂਕ ਕਰਨ ਦੇ ਲਈ, ਆਯੋਗ ਏਸੀ ਪ੍ਰਯੋਗਸ਼ਾਲਾਵਾਂ ਤੋਂ ਸ਼ੁਲਕ ਵੇਰਵਾ ਅਤੇ ਹੋਰ ਨਿਯਮਾਂ 'ਤੇ ਸ਼ਰਤਾਂ ਦੇ ਨਾਲ ਪੈਨਲਬੱਧ ਸਚੀ ਤੇ ਵਿਚਾਰ ਅਤੇ ਅਨੁਮੋਦਨ ਦੇ ਲਈ ਆਵੇਦਨ ਆਮੰਤ੍ਰਿਤ ਕਰਨਾ ਚਾਹੁੰਦਾ ਹੈ।

ਪੈਨਲ 'ਚ ਸਮਾਵੇਸ਼ ਦੀ ਵੈਧਤਾ 2 ਸਾਲਾਂ ਦੇ ਲਈ ਜਾਂ ਐਨਏਬੀਐਲ ਪ੍ਰਮਾਣਨ ਦੀ ਵੈਧਤ੍ਹਾ ਅਵਧਿ ਤਕ, ਜੋ ਵੀ ਪਹਿਲਾਂ ਹੋਵੇ, ਸੀਮਿਤ ਹੋਵੇਗੀ।

**ਜਿਨ੍ਹਾਂ ਪ੍ਰਯੋਗਸ਼ਾਲਾਵਾਂ ਨੂੰ ਪਹਿਲਾਂ ਹੀ ਆਯੋਗ ਤੋਂ ਸਵੀਕ੍ਰਿਤੀ ਮਿਲ ਚੁੱਕੀ ਹੈ, ਉਨ੍ਹਾਂ ਵੀ ਪੈਨਲ 'ਚ ਸਮਾਵੇਸ਼ਾਂ ਲਈ ਦੁਬਾਰਾ: ਆਵੇਦਨ ਪੇਸ਼ ਕਰਨਾ ਜ਼ਰੂਰੀ ਹੈ।**

ਰਾਸ਼ਟਰੀ ਰਾਜਧਾਨੀ ਖੇਤਰ ਦੇ ਬਾਹਰ ਸਥਿਤ ਪ੍ਰਯੋਗਸ਼ਾਲਾਵਾਂ ਵੀ ਪੈਨਲ 'ਚ ਸ਼ਾਮਿਲ ਹੋਣ ਦੇ ਲਈ ਆਵੇਦਨ ਕਰ ਸਕਦੀ ਹੈ, ਲੇਕਿਨ ਸੇਵਾਵਾਂ ਸ਼ੁਰੂ ਕਰਨ ਦੇ ਲਈ ਪਾਤ੍ਰ ਹੋਣੇ ਲਈ ਉਨ੍ਹਾਂ ਪੈਨਲ 'ਚ ਸ਼ਾਮਿਲ ਹੋਣ ਦੀ ਮੰਜ਼ੂਰੀ ਦੇ 60 ਦਿਨਾਂ ਦੇ ਅੰਦਰ ਉਸ ਖੇਤਰ 'ਚ ਪ੍ਰਯੋਗਸ਼ਾਲਾਵਾਂ ਸਥਾਪਿਤ ਕਰਨੀ ਹੋਵੇਗੀ।

ਜਿਨ੍ਹਾਂ ਪ੍ਰਯੋਗਸ਼ਾਲਾਵਾਂ ਦਾ ਮੌਜੂਦਾ ਐਨਏਬੀਐਲ ਮਾਨਤਾ ਪ੍ਰਮਾਣ ਪੱਤਰ ਸਮਾਪਤ ਹੋ ਗਿਆ ਹੈ/ਸਮਾਪਤ ਹੋ ਰਿਹਾ ਹੈ ਅਤੇ ਮਾਨਤਾ ਦੇ ਲਈ ਆਵੇਦਨ ਕੀਤਾ ਹੈ, ਉਹ ਵੀ ਸੇਵਾਵਾਂ ਸ਼ੁਰੂ ਕਰਨ ਦੇ ਲਈ ਪਾਤ੍ਰ ਲਈ ਪੈਨਲ ਦੇ ਅਨੁਮੋਦਨ ਤੋਂ 60 ਦਿਨ ਦੀ ਅਵਧਿ ਦੇ ਅੰਦਰ ਐਨਏਬੀਐਲ ਪ੍ਰਮਾਣ ਪੱਤਰ ਪੇਸ਼ ਕਰਨ ਦੀ ਸ਼ਰਤ 'ਤੇ ਪੈਨਲ 'ਚ ਸ਼ਾਮਿਲ ਹੋਣ ਦੇ ਲਈ ਆਵੇਦਨ ਕਰ ਸਕਦੇ ਹਨ।

ਆਵੇਦਨ ਦਾ ਪ੍ਰਾਰੂਪ ਆਯੋਗ ਦੀ ਵੇਬਸਾਈਟ 'ਤੇ ਉਪਲਬਧ ਹੈ। ਵਿਧਿਵਤ ਭਰੇ ਗਏ ਆਵੇਦਨ ਪੱਤਰ ਸਚਿਵ, ਡੀਈਆਰਸੀ ਨੂੰ ਡਾਕ ਜਾਂ ਈਮੇਲ secyderc@nic.in ਵਲੋਂ ਮਿਤੀ 10.12.2024 ਤਕ ਅਗ੍ਰੇਸ਼ਿਤ ਕੀਤੇ ਜਾ ਸਕਦੇ ਹਨ।

**ਰਾਜੇਸ਼ ਦਾਂਗੀ, ਸਚਿਵ**

**ਮਿਤੀ :** 20/11/2024

DIP/Shabdarth/Classified/0280/24-25

# ਐਨਸੀਸੀ ਡਾਇਰੈਕਟੋਰੇਟ ਦੇ ਏ.ਡੀ.ਜੀ. ਮੇਜਰ ਜਨਰਲ ਨੇ ਐਨਸੀਸੀ ਟ੍ਰੇਨਿੰਗ ਸਕੂਲ ਰੂਪਨਗਰ ਦਾ ਦੌਰਾ ਕੀਤਾ



**ਰੂਪ ਨਗਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਐਨਸੀਸੀ ਡਾਇਰੈਕਟੋਰੇਟ ਦੇ ਏ. ਡੀ. ਜੀ. ਮੇਜਰ ਜਨਰਲ ਜਗਦੀਪ ਸਿੰਘ ਚੀਮਾ ਨੇ ਐਨਸੀਸੀ ਟ੍ਰੇਨਿੰਗ ਸਕੂਲ ਰੂਪਨਗਰ ਦਾ ਉਚੇਚੇ ਤੌਰ ਤੇ ਦੌਰਾ ਕੀਤਾ। ਮੇਜਰ ਜਨਰਲ ਜਗਦੀਪ ਸਿੰਘ ਚੀਮਾ ਦਾ ਅਕੈਡੰਮੀ ਵਿਖੇ ਪਹੁੰਚਣ ਉਤੇ ਗਰੁੱਪ ਹੇਡਕੁਆਟਰ ਪਟਿਆਲਾ ਦੇ ਕਮਾਂਡਰ ਬ੍ਰਿਗੇਡੀਅਰ ਰਾਹੁਲ ਗੁਪਤਾ, 23 ਪੰਜਾਬ ਬਟਾਲੀਅਨ ਐਨ.ਸੀ.ਸੀ. ਦੇ ਕਮਾਂਡਿੰਗ ਅਫਸਰ ਕਰਨਲ ਟੀ.ਵਾਈ. ਐਸ. ਬੇਦੀ, ਪ੍ਰਬੰਧਕੀ ਅਫਸਰ ਕਰਨਲ ਰਾਜੇਸ਼ ਚੌਧਰੀ ਅਤੇ ਸੂਬੇਦਾਰ ਮੇਜਰ ਭਗਤ ਸਿੰਘ ਵਲੋਂ ਜੋਰਦਾਰ ਸਵਾਗਤ ਕੀਤਾ ਗਿਆ ਅਤੇ ਐਨ.ਸੀ.ਸੀ. ਕੈਡਿਟਾਂ ਵਲੋਂ ਗਾਰਡ ਆਫ ਆਨਰ ਦਿੱਤਾ ਗਿਆ।

ਇਸ ਮੌਕੇ ਮੇਜਰ ਜਨਰਲ ਜਗਦੀਪ ਸਿੰਘ ਚੀਮਾ ਵਲੋਂ ਅਕੈਡਮੀ ਵਿੱਚ ਚੱਲ ਰਹੇ ਅੰਤਰ-ਗਰੁੱਪ ਮੁਕਾਬਲਿਆਂ ਦੌਰਾਨ ਚੁਣੇ ਗਏ 125 ਐਨਸੀਸੀ ਕੈਡਿਟਾਂ ਨੂੰ ਉਤਸ਼ਾਹਿਤ ਕੀਤਾ ਅਤੇ ਸਾਲ 2025 ਦਿੱਲੀ ਵਿਖੇ 26 ਜਨਵਰੀ ਗਣਤੰਤਰ ਦਿਵਸ ਪਰੇਡ ਦੇ ਆਯੋਜਨ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਉਨ੍ਹਾਂ ਏ.ਡੀ.ਜੀ ਮੇਜਰ ਜਨਰਲ ਨੇ ਐਨ.ਸੀ.ਸੀ ਦੇ ਕਮਾਂਡਿੰਗ ਅਫਸਰ ਕਰਨਲ ਬੇਦੀ ਅਤੇ ਪ੍ਰਬੰਧਕੀ ਅਫਸਰ ਕਰਨਲ ਰਾਜੇਸ਼ ਚੌਧਰੀ ਵਲੋਂ ਅਕੈਡਮੀ ਵਿਖੇ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਹਾਨਾ ਕੀਤੀ।

ਏ.ਡੀ.ਜੀ. ਵਲੋਂ ਐਨਸੀਸੀ ਕੈਡਿਟਾਂ ਨੂੰ ਕੈਪਾਂ ਦੌਰਾਨ ਸ਼ੁੱਧ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਅਕੈਡੰਮੀ ਵਿਚ ਆਰ.ਓ. ਪਲਾਂਟ ਦਾ ਉਦਘਾਟਨ ਵੀ ਕੀਤਾ। ਕਰਨਲ ਬੇਦੀ ਵਲੋਂ 'ਐਨਸੀਸੀ ਕੈਡਿਟਾਂ ਵਲੋਂ ਸਮਾਜ ਨੂੰ ਨਸ਼ਾ ਮੁਕਤੀ ਦਾ ਸੰਦੇਸ਼ ਦੇਣ ਲਈ ਕੱਢੀ ਜਾ ਰਹੀ ਸਾਇਕਲ ਯਾਤਰਾ ਬਾਰੇ ਵੀ ਜਾਣੂ ਕਰਵਾਇਆ।

ਗਰੁੱਪ ਕਮਾਂਡਰ ਬ੍ਰਿਗੇਡੀਅਰ ਰਾਹੁਲ ਗੁਪਤਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ, ਪੂਰੇ ਦੇਸ਼ ਦੇ ਵੱਖ-ਵੱਖ ਐਨਸੀਸੀ ਡਾਇਰੈਕਟੋਰੇਟਾਂ ਦੇ ਐਨਸੀਸੀ ਕੈਡਿਟ, ਮਹੀਨਾ ਭਰ ਚੱਲਣ ਵਾਲੀ ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲੈਂਦੇ ਹਨ, ਜਿੱਥੇ ਵੱਖ-ਵੱਖ ਐਨਸੀਸੀ ਕੈਡਿਟਾਂ ਵਿੱਚ ਕਈ ਅੰਤਰ-ਡਾਇਰੈਕਟੋਰੇਟ ਮੁਕਾਬਲੇ ਕਰਵਾਏ ਜਾਂਦੇ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਹਰਿਆਣਾ ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਐਨ.ਸੀ.ਸੀ. ਡਾਇਰੈਕਟੋਰੇਟ ਚੰਡੀਗੜ੍ਹ ਅਧੀਨ ਹੈਡ-ਕੁਆਟਰਾਂ ਦੇ 400 ਸੀਨੀਅਰ/ਜੂਨੀਅਰ ਵਿੰਗ ਦੇ ਲੜਕੇ ਅਤੇ ਲੜਕੀਆਂ ਨੂੰ ਵੱਖ-ਵੱਖ ਮੁਕਾਬਲਿਆਂ ਦੀ ਸਖਤ ਟ੍ਰੇਨਿੰਗ ਦਿੱਤੀ ਗਈ, ਜਿਨਾਂ ਵਿੱਚੋਂ 125 ਕੈਡਿਟ ਅੰਤਰ-ਗਰੁੱਪ ਮੁਕਾਬਲਿਆਂ ਦੌਰਾਨ ਚੁਣੇ ਗਏ ਜੋ ਕਿ ਨਵੀਂ ਦਿੱਲੀ ਵਿਖੇ ਰਿਪਲਕ ਡੇ ਕੈਂਪ ਵਿੱਚ ਭਾਗ ਲੈਣਗੇ।

23 ਪੰਜਾਬ ਬਟਾਲੀਅਨ ਐਨ.ਸੀ.ਸੀ. ਦੇ ਕਮਾਂਡਿੰਗ ਅਫਸਰ ਕਰਨਲ ਟੀ.ਵਾਈ. ਐਸ. ਬੇਦੀ ਨੇ ਦੱਸਿਆ ਕਿ ਏ.ਡੀ.ਜੀ.ਮੇਜਰ ਜਨਰਲ ਜਗਦੀਪ ਸਿੰਘ ਚੀਮਾ ਵਲੋਂ ਅੱਜ ਐਨਸੀਸੀ ਅਕੈਡਮੀ ਵਿਚ ਪਹਿਲੀ ਵਾਰ ਵਿਸ਼ੇਸ਼ ਰੂਪ ਸ਼ਿਰਕਤ ਕੀਤੀ ਗਈ, ਜੋ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਵਲੋਂ ਅਕੈਡਮੀ ਵਿੱਚ ਚੱਲ ਰਹੀਆਂ ਐਨਸੀਸੀ ਗਤੀਵਿਧੀਆਂ ਅਤੇ ਐਨਸੀਸੀ ਕੈਡਿਟਾਂ ਨੂੰ ਕੈਪਾਂ ਦੌਰਾਨ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਨਿਰੀਖਣ ਕੀਤਾ।

ਇਸ ਮੌਕੇ ਫਸਟ ਨੇਵਲ ਯੂਨਿਟ ਨੰਗਲ ਦੇ ਕੈਪਟਨ ਹਰਜੀਤ ਸਿੰਘ ਦਿਉਲ, ਸੂਬੇਦਾਰ ਮੇਜਰ ਭਗਤ ਸਿੰਘ, ਸੂਬਦਾਰ ਰਾਜੀਵ ਕੁਮਾਰ, ਸੂਬੇਦਾਰ ਆਰ. ਡੀ., ਸੂਬੇਦਾਰ ਸਰਵਨ ਸਿੰਘ, ਪੈਟੀ ਅਫਸਰ ਮਨਦੀਪ ਸਿੰਘ, ਪੈਟੀ ਅਫਸਰ ਗੁਰਦੇਵ ਸਿੰਘ, ਏ.ਐਨ.ਓ. ਪ੍ਰਿਤਪਾਲ ਸਿੰਘ, ਐਨ.ਸੀ.ਸੀ ਅਫਸਰ ਸਤਨਾਮ ਸਿੰਘ ਅਤੇ ਹੋਰ ਸਿਵਲੀਅਨ ਸਟਾਫ ਮੌਜੂਦ ਸਨ।

# ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ ਲੱਗੀ- ਕੁਲ 24 ਸ਼ਿਕਾਇਤਾਂ ਪ੍ਰਾਪਤ ਹੋਈਆਂ



**ਗੁਰਦਾਸਪੁਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾਂ- ਨਿਰਦੇਸ਼ਾ ਹੇਠ ਅੱਜ ਜ਼ਿਲਾ ਪੱਧਰ ਤੇ ਪੈਨਸ਼ਨ ਅਦਾਲਤ ਲੱਗੀ ਜਿਸ ਵਿੱਚ ਪੰਜਾਬ ਸਰਕਾਰ ਦੇ ਸੇਵਾ ਮੁਕਤ ਕਰਮਚਾਰੀ ਅਤੇ ਦੂਸਰੇ ਪੈਨਸ਼ਨਰ ਪਹੁੰਚੇ। ਇਹ ਸਬੰਧੀ ਜਾਣਕਾਰੀ ਦਿੰਦਿਆ ਆਦਿਤਿਆ ਗੁਪਤਾ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਨੇ ਦੱਸਿਆ ਕਿ ਅੱਜ ਜ਼ਿਲਾ ਰੋਜਗਾਰ ਦਫਤਰ, ਜਿਲਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 218 ਬਲਾਕ ਬੀ ਵਿੱਚ ਪੈਨਸ਼ਨ ਅਦਾਲਤ ਲੱਗੀ, ਜਿਸ ਵਿੱਚ ਸੇਵਾ ਮੁਕਤ ਪੈਨਸ਼ਨਰ ਸ਼ਾਮਲ ਹੋਏ। ਇਸ ਮੌਕੇ ਏ.ਜੀਪੰਜਾਬ ਚੰਡੀਗੜ੍ਹ ਤੋਂ ਵੇਦ ਪ੍ਰਕਾਸ਼ ਸੀਨੀਅਰ ਅਕਾਊਂਟ ਅਫਸਰ, ਮੁਹੰਮਦ ਰਿਹਾਨ ਆਲਮ ਅਸਿਸਟੈਂਟ ਅਕਾਉਟ ਅਫਸਰ ਅਤੇ ਵਰਿੰਦਰ ਸਿੰਘ ਲੁਬਾਣਇਆ ਅਕਾਉਂਟੈਟ ਵਿਸੇਸ ਤੌਰ ਤੇ ਪਹੁੰਚੇ।

ਆਦਿਤਿਆ ਗੁਪਤਾ ਸਹਾਇਕ ਕਮਿਸ਼ਨਰ (ਜ) ਨੇ ਦੱਸਿਆ ਕਿ ਅੱਜ ਪੈਨਸ਼ਨ ਅਦਾਲਤ ਵਿੱਚ ਸੇਵਾ ਮੁਕਤ ਕਰਮਚਾਰੀ ਅਤੇ ਦੂਸਰੇ ਪੈਨਸ਼ਨਰਾਂ ਵੱਲੋਂ ਆਪਣੀਆਂ ਸ਼ਿਕਾਇਤਾ ਦੱਸੀਆ ਗਈਆ। ਉਨ੍ਹਾਂ ਦੱਸਿਆ ਕਿ ਕੁਲ 24 ਸ਼ਿਕਾਇਤਾਂ ਪ੍ਰਾਪਤ ਹੋਈਆ। ਜਿਨਾਂ ਵਿਚੋਂ 7 ਸ਼ਿਕਾਇਤਾਂ ਮਹਾਲੇਖਾਕਾਰ ਪੰਜਾਬ ਚੰਡੀਗੜ੍ਹ ਨੂੰ ਭੇਜੀਆਂ ਗਈਆ। ਬਾਕੀ 17 ਸ਼ਿਕਾਇਤਾਂ ਵੱਖ-ਵੱਖ ਵਿਭਾਗਾ ਨਾਲ ਸਬੰਧਤ ਹੋਣ ਕਰਕੇ ਉਹਨਾਂ ਨੂੰ ਭੇਜੀਆਂ ਗਈਆਂ। ਉਨ੍ਹਾਂ ਸੇਵਾ ਮੁਕਤ ਕਰਮਚਾਰੀ ਅਤੇ ਦੂਸਰੇ ਪੈਨਸ਼ਨਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੁਸ਼ਕਲਾ ਪਹਿਲ ਦੇ ਅਧਾਰ ਤੇ ਹੱਲ ਕੀਤੀਆਂ ਜਾਣਗੀਆਂ।

ਇਸ ਮੌਕੇ ਐਲ.ਡੀ.ਐਮ ਕੇਵਲ ਕਲਸੀ, ਗੁਰਨਾਮ ਸਿੰਘ ਸੁਪਰਡੰਟ (ਮਾਲ), ਰਾਜ ਕੁਮਾਰ (ਸੀਨੀਅਰ ਅਸਿਸਟੈਂਟ), ਸ਼੍ਰੀਮਤੀ ਮਨਮੀਤ ਕੌਰ (ਕਲਰਕ), ਮਿਸ ਭਾਵਨਾ (ਕਲਰਕ) ਹਾਜਰ ਸਨ।

# ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੈਨਸ਼ਨਰ ਅਦਾਲਤ ਦਾ ਆਯੋਜਨ



**ਹੁਸ਼ਿਆਰਪੁਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅਸ਼ੋਕ ਚੱਕਰ ਹਾਲ ਵਿੱਚ ਅੱਜ ਆਡਿਟ ਦਿਵਸ ਦੇ ਸਬੰਧ ਵਿੱਚ ਐਸ.ਡੀ.ਐਮ. ਹੁਸ਼ਿਆਰਪੁਰ ਸੰਜੀਵ ਸ਼ਰਮਾ ਦੀ ਪ੍ਰਧਾਨਗੀ ਵਿਚ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀਆਂ ਮੁਸ਼ਕਿਲਾਂ ਦੇ ਨਿਪਟਾਰੇ ਲਈ ਵਿਸ਼ੇਸ਼ ਪੈਨਸ਼ਨਰ ਅਦਾਲਤ ਦਾ ਆਯੋਜਨ ਕੀਤਾ ਗਿਆ।

ਐਸ.ਡੀ.ਐਮ. ਸੰਜੀਵ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਕੁੱਲ 15 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 10 ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ ਜਦਕਿ 3 ਸ਼ਿਕਾਇਤਾਂ ਏ.ਜੀ.ਪੰਜਾਬ ਦੇ ਪੱਧਰ 'ਤੇ ਸਨ ਅਤੇ 2 ਸ਼ਿਕਾਇਤਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.) ਦੇ ਪੱਧਰ 'ਤੇ ਸਨ। ਏ.ਜੀ.ਪੰਜਾਬ ਨਾਲ ਜੁੜੀਆਂ ਸ਼ਿਕਾਇਤਾਂ ਨੂੰ ਉਨ੍ਹਾਂ ਕੋਲ ਅਗਲੇਰੀ ਕਾਰਵਾਈ ਲਈ ਭੇਜਿਆਂ ਜਾਂਦਾ ਹੈ ਜਦੋਂ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਇਸ ਨਾਲ ਸਬੰਧਤ ਸ਼ਿਕਾਇਤ ਦੇ ਸਬੰਧ ਵਿਚ ਨਿਰਦੇਸ਼ ਦੇ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਅਦਾਲਤ ਦਾ ਮੰਤਵ ਸੇਵਾਮੁਕਤ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਪੈਨਸ਼ਨ ਸਬੰਧੀ ਸਮੱਸਿਆਵਾਂ ਦਾ ਜਲਦੀ ਨਿਪਟਾਰਾ ਕਰਨਾ ਹੈ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਸੇਵਾਮੁਕਤ ਕਰਮਚਾਰੀਆਂ ਨੇ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਪੇਸ਼ ਕੀਤੀਆਂ, ਜਿਨ੍ਹਾਂ ਵਿੱਚ ਪੈਨਸ਼ਨ ਦੀ ਗਣਨਾ, ਅਦਾਇਗੀ ਵਿੱਚ ਦੇਰੀ, ਪਰਿਵਾਰਕ ਪੈਨਸ਼ਨ ਸਬੰਧੀ ਸਮੱਸਿਆਵਾਂ ਅਤੇ ਹੋਰ ਪ੍ਰਸ਼ਾਸਨਿਕ ਮੁਸ਼ਕਿਲਾਂ ਸ਼ਾਮਲ ਸਨ।ਐਸਡੀਐਮ ਨੇ ਕਿਹਾ ਕਿ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਪ੍ਰਸ਼ਾਸਨ ਦੀ ਤਰਜੀਹ ਹੈ।ਇਸ ਅਦਾਲਤ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਵੀ ਸ਼ਮੂਲੀਅਤ ਕੀਤੀ ਅਤੇ ਸਮੱਸਿਆਵਾਂ ਦੇ ਹੱਲ ਲਈ ਸਰਗਰਮੀ ਨਾਲ ਯੋਗਦਾਨ ਪਾਇਆ। ਪੈਨਸ਼ਨਰਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਇਸ ਨੂੰ ਆਪਣੇ ਹਿੱਤਾਂ ਦੀ ਰਾਖੀ ਲਈ ਇੱਕ ਹਾਂ-ਪੱਖੀ ਕਦਮ ਦੱਸਿਆ।

ਇਸ ਮੌਕੇ ਐਸਪੀ ਮਨੋਜ ਠਾਕੁਰ, ਸਹਾਇਕ ਲੇਖਾ ਅਧਿਕਾਰੀ ਪ੍ਰਦੀਪ ਕੁਮਾਰ, ਏ.ਏ.ਓ ਕਰਨ, ਸੀਨੀਅਰ ਲੇਖਾਕਾਰ ਨਿਤੀਸ਼ ਪੰਵਾਰ ਵੀ ਹਾਜ਼ਰ ਸਨ।

# ਲੋਕਾਂ ਨਾਲ ਆਪਸੀ ਵਿਸ਼ਵਾਸ ਨੂੰ ਮਜ਼ਬੂਤ ਕਰਨ, ਨਸ਼ਿਆਂ ਦੀ ਰੋਕਥਾਮ ਅਤੇ ਜਨਤਕ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਪੁਲਿਸ-ਪਬਲਿਕ ਪ੍ਰੋਗਰਾਮ ਕਰਵਾਇਆ



**ਬਰਨਾਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਸੁਹੇਲ ਕਾਸਿਮ ਮੀਰ, ਐਸ.ਐਸ.ਪੀ ਬਟਾਲਾ ਦੇ ਦਿਸ਼ਾ- ਨਿਰਦੇਸ਼ਾ ਹੇਠ ਅੱਜ ਥਾਣਾ ਰੰਗੜ ਨੰਗਲ ਵੱਲੋਂ ਲੋਕਾਂ ਨਾਲ ਆਪਸੀ ਵਿਸ਼ਵਾਸ ਨੂੰ ਮਜ਼ਬੂਤ ਕਰਨ, ਨਸ਼ਿਆਂ ਦੀ ਰੋਕਥਾਮ ਅਤੇ ਜਨਤਕ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ÷ਸੰਪਰਕ÷ ਪੁਲਿਸ-ਪਬਲਿਕ ਪ੍ਰੋਗਰਾਮ ਕਰਵਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀਮਤੀ ਜਸਵੰਤ ਕੌਰ ਐਸ.ਪੀ (ਐੱਚ) ਬਟਾਲਾ ਨੇ ਦੱਸਿਆ ਕਿ ਪੁਲਿਸ ਅਤੇ ਲੋਕਾਂ ਦੇ ਵਿਚਕਾਰ ਤਾਲਮੇਲ ਹੋਣਾ ਜਰੂਰੀ ਹੈ ਅਤੇ ਇਸ ਮਨਸ਼ਾ ਨਾਲ ਪੁਲਿਸ ਜ਼ਿਲ੍ਹਾ ਬਟਾਲਾ ਦੀਆਂ ਸਬ-ਡਵੀਜਨਾਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਅਤੇ ਕੀਮਤੀ ਸੁਝਾਅ ਲਏ ਜਾ ਰਹੇ ਹਨ। ਇਸ ਮੌਕੇ ਨਸ਼ਾਖੋਰੀ ਵਿਰੁੱਧ ਜਨਤਕ ਯਤਨਾਂ ਨੂੰ ਉਤਸ਼ਾਹਿਤ ਕਰਨ ਲਈ ਏ.ਐਨ.ਟੀ .ਐਫ (1©"6) ਹੈਲਪਲਾਈਨ ਨੰਬਰ 9779100200 ਸਾਂਝਾ ਕੀਤਾ ਗਿਆ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਵੇਚਣ ਵਾਲੇ ਜਾਂ ਨਸ਼ਾ ਕਰਨ ਵਾਲਿਆ ਦੀ ਸੂਚਨਾ ਇਸ ਨੰਬਰ ਤੇ ਦੇਣ। ਜਾਣਕਾਰੀ ਦੇਣ ਵਾਲਿਆ ਦੀ ਪਹਿਚਾਨ ਗੁਪਤ ਰੱਖੀ ਜਾਵੇਗੀ।

ਇਸ ਮੌਕੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਤੇ ਲੋਕਾਂ ਨੇ ਵੱਖ-ਵੱਖ ਮੁੱਦਿਆਂ ਬਾਰੇ ਵਿਚਾਰ ਵਟਾਂਦਰਾਂ ਕੀਤਾ ਅਤੇ ਆਪਣੇ ਵਿਚਾਰ ਸਾਂਝੇ ਕੀਤੇ ਲਿਆਂਦੇ ਤੇ ਕੀਮਤੀ ਸੁਝਾਅ ਵੀ ਦਿੱਤੇ।

# ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਵਿੱਚ ਹੋਈ ਸ਼ਹੀਦੀ ਸਮਾਰਕ ਵੱਡਾ ਘੱਲੂਘਾਰਾ ਮੈਮੋਰੀਅਲ ਕੁੱਪ ਰੋਹੀੜਾ ਦੀ ਗਵਰਨਿੰਗ ਬਾਡੀ ਦੀ ਮੀਟਿੰਗ



**ਮਲੇਰਕੋਟਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਸੁਖਪ੍ਰੀਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਸ਼ਹੀਦੀ ਸਮਾਰਕ ਵੱਡਾ ਘੱਲੂਘਾਰਾ ਮੈਮੋਰੀਅਲ ਕੁੱਪ ਰੋਹੀੜਾ ਦੀ ਗਵਰਨਿੰਗ ਬਾਡੀ ਦੀ ਮੀਟਿੰਗ ਅੱਜ ਦਫ਼ਤਰ ਡਿਪਟੀ ਕਮਿਸ਼ਨਰ ਦੇ ਮੀਟਿੰਗ ਹਾਲ ਵਿੱਚ ਆਯੋਜਿਤ ਕੀਤੀ ਗਈ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਹਰਬੰਸ ਸਿੰਘ, ਐਕਸ਼ੀਅਨ ਪੀ.ਡਬਲਿਊ.ਡੀ ਪਰਨੀਤ ਕੌਰ ਟਿਵਾਣਾ, ਡੀ.ਐਸ.ਪੀ (ਐਚ) ਮਾਨਵਜੀਤ ਸਿੰਘ ਸਿੱਧੂ, ਡਿਪਟੀ ਕੰਟਰੋਲਰ ਪਰਵੀਨ, ਸਹਾਇਕ ਇੰਜੀਨੀਅਰ ਦਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਹਰਜੀਤ ਸਿੰਘ, ਜੂਨੀਅਰ ਇੰਜ ਬਲਪ੍ਰੀਤ ਸਿੰਘ ਤੋਂ ਇਲਾਵਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਨੁਮਾਇੰਦੇ ਮੌਜੂਦ ਸਨ। ਉਨ੍ਹਾਂ ਸੰਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਰਕ ਦੀ ਰੱਖ ਰਖਾਓ ਲਈ ਸੁਚੱਜੇ ਪ੍ਰਬੰਧ ਕੀਤੇ ਜਾਣ ਤਾਂ ਜੋ ਬਿਨਾਂ ਰੁਕਾਵਟ ਤੋਂ ਕੰਮ ਨਿਰੰਤਰ ਚਲਦਾ ਰਹੇ। ਉਨ੍ਹਾਂ ਹੋਰ ਕਿਹਾ ਕਿ ਸ਼ਹੀਦੀ ਸਮਾਰਕ ਵੱਡਾ ਘੱਲੂਘਾਰਾ ਮੈਮੋਰੀਅਲ ਕੁੱਪ ਰੋਹੀੜਾ ਵਿਖੇ ਆਉਣ ਵਾਲੇ ਯਾਤਰੀਆਂ ਦੀ ਦਰ ਵਧਾਉਣ ਲਈ ਵਿਸ਼ੇਸ ਉਪਰਾਲੇ ਕੀਤੇ ਜਾਣ। ਉਨ੍ਹਾਂ ਹਦਾਇਤ ਕੀਤੀ ਕਿ ਮੁੱਖ ਮਾਰਗਾਂ ਤੇ ਸ਼ਹੀਦੀ ਸਮਾਰਕ ਦੇ ਸਾਈਨ ਬੋਰਡ ਲਗਾਏ ਜਾਣ ਤਾਂ ਜੋ ਯਾਤਰੀਆਂ ਨੂੰ ਸਥਾਨ ਦੀ ਦੂਰੀ ਅਤੇ ਸਹੀ ਰਸਤੇ ਦੀ ਜਾਣਕਾਰੀ ਮਿਲ ਸਕੇ।

ਉਨ੍ਹਾਂ ਮੈਮੋਰੀਅਲ ਇੰਚਾਰਜ ਨੂੰ ਹਦਾਇਤ ਕੀਤੀ ਕਿ ਸਰਧਾਲੂਆਂ ਨੂੰ ਇਸ ਮਹਾਨ ਯਾਦਗਾਰ ਵਿਖੇ ਸਿੱਖੀ ਇਤਿਹਾਸ ਦੇ ਦਸਤਾਵੇਜ਼ੀ ਫ਼ਿਲਮ ਵਿਖਾਉਂਣ ਲਈ ਸਮਾਂਬੱਧ ਤਰੀਕੇ ਨਾਲ ਫ਼ਿਲਮ ਦੇ ਸ਼ੋਅ ਕੀਤੇ ਜਾਣ ਅਤੇ ਇਤਿਹਾਸ ਨਾਲ ਸਬੰਧਿਤ ਜਾਣਕਾਰੀ ਭਰਪੂਰ ਫ਼ਿਲਮਾਂ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਅਮੀਰ ਇਤਿਹਾਸ ਨਾਲ ਜੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮਾਰਕ ਤੇ ਪੀਣ ਯੋਗ ਸਾਫ ਸੁਥਰੇ ਪਾਣੀ,ਪਖਾਨਿਆਂ ਦੀ ਸਫਾਈ ਦਾ ਵਿਸ਼ੇਸ ਧਿਆਨ ਰੱਖਿਆ ਜਾਵੇ।

# ਫਾਜਿਲਕਾ ਪੁਲਿਸ ਦੀ ਹੈਰੋਇਨ ਤਸਕਰਾਂ ਦੇ ਖਿਲਾਫ ਵੱਡੀ ਕਾਰਵਾਈ



**ਫਾਜ਼ਿਲਕਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਚੰਡੀਗੜ੍ਹ ਅਤੇ ਡਿਪਟੀ ਇੰਸਪੈਕਟਰ ਜਨਰਲ, ਫਿਰੋਜਪੁਰ ਰੇਂਜ, ਫਿਰੋਜਪੁਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸ੍ਰੀ ਵਰਿੰਦਰ ਸਿੰਘ ਬਰਾੜ ਪੀ.ਪੀ.ਐਸ ਸੀਨੀਅਰ ਕਪਤਾਨ ਪੁਲਿਸ, ਫਾਜਿਲਕਾ ਜੀ ਦੀ ਅਗਵਾਈ ਵਿੱਚ ਫਾਜਿਲਕਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।

ਇਸੇ ਮੁਹਿੰਮ ਦੇ ਤਹਿਤ ਸ੍ਰੀ ਬਲਕਾਰ ਸਿੰਘ ਪੀ.ਪੀ.ਐਸ ਉਪ ਕਪਤਾਨ ਪੁਲਿਸ (ਇੰਨਵੈ.) ਫਾਜਿਲਕਾ ਜੀ ਦੀ ਨਿਗਰਾਨੀ ਹੇਠ ਸੀ.ਆਈ.ਏ ਫਾਜ਼ਿਲਕਾ ਦੀ ਟੀਮ ਵੱਲੋਂ ਗਸ਼ਤ ਵਾ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਦੌਰਾਨ ਬੱਸ ਅੱਡਾ ਸੋਹਣਾ ਸਾਂਦੜ ਦੇ ਅੰਦਰ ਬੈਠੇ ਦੋ ਨੌਜਵਾਨਾਂ ਨੂੰ ਸ਼ੱਕ ਦੇ ਆਧਾਰ ਤੇ ਕਾਬੂ ਕੀਤਾ, ਜਿੰਨਾਂ ਪਾਸੋ ਜਤਿੰਦਰ ਸਿੰਘ ਪੀ.ਪੀ.ਐਸ ਡੀ.ਐਸ.ਪੀ ਸਬ ਡਵੀਜਨ ਜਲਾਲਾਬਾਦ ਜੀ ਦੀ ਹਾਜਰੀ ਵਿਚ 500 ਗਰਾਮ ਹੈਰੋਇਨ, ਇੱਕ ਮੋਟਰਸਾਈਕਲ ਹੀਰੋ ਸਪਲੈਂਡਰ ਪਲੱਸ ਰੰਗ ਕਾਲਾ ਨੰਬਰ ♦2-615-0691 ਅਤੇ 02 ਮੋਬਾਈਲ ਮਾਰਕਾ ਆਈ.ਫੋਨ ਬਰਾਮਦ ਕੀਤੇ ਗਏ।

ਕਾਬੂ ਕੀਤੇ ਹੈਰੋਇਨ ਤਸਕਰਾਂ ਦੀ ਪਹਿਚਾਣ ਮਨਜੀਤ ਸਿੰਘ ਪੁੱਤਰ ਬਗੀਚਾ ਸਿੰਘ ਵਾਸੀ ਪਿੰਡ ਪ੍ਰਭਾਤ ਸਿੰਘ ਵਾਲਾ ਉਰਫ ਸਬਾਜ ਕੇ ਥਾਣਾ ਸਦਰ ਜਲਾਲਾਬਾਦ ਅਤੇ ਗੁਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਪ੍ਰਭਾਤ ਸਿੰਘ ਵਾਲਾ ਉਰਫ ਸਬਾਜ ਕੇ ਥਾਣਾ ਸਦਰ ਜਲਾਲਾਬਾਦ ਵੱਜੋਂ ਹੋਈ, ਜਿਹਨਾਂ ਦੇ ਖਿਲਾਫ ਮੁਕੱਦਮਾ ਨੰਬਰ 116 ਮਿਤੀ 20-11-2024 ਜੁਰਮ 21-ਸੀ/29/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਜਲਾਲਾਬਾਦ ਦਰਜ ਰਜਿਸਟਰ ਕਰਕੇ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਦੋਨਾਂ ਦੋਸ਼ੀਆਨ ਦਾ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।ਸ੍ਰੀ ਵਰਿੰਦਰ ਸਿੰਘ ਬਰਾੜ ਐਸ.ਐਸ.ਪੀ ਫਾਜਿਲਕਾ ਦੀ ਅਗਵਾਈ ਵਿੱਚ ਜਿਲ੍ਹਾ ਫਾਜਿਲਕਾ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਨਸ਼ੇ ਦੇ ਖਾਤਮੇ ਲਈ ਫਾਜਿਲਕਾ ਪੁਲਿਸ ਵੱਲੋਂ ਜੀਰੋ ਟੋਲਰੈਂਸ ਦੀ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਫਾਜਿਲਕਾ ਪੁਲਿਸ ਨਸ਼ਿਆਂ ਦੇ ਖਾਤਮੇ ਲਈ ਲਈ ਹਮੇਸ਼ਾ ਵਚਨਬੱਧ ਹੈ।

# ਡਿਪਟੀ ਕਮਿਸ਼ਨਰ ਨੇ ਜਲ ਸਪਲਾਈ ਤੇ ਸਵੱਛ ਭਾਰਤ ਮਿਸ਼ਨ ਤਹਿਤ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ

**ਬਠਿੰਡਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਜਲ ਸਪਲਾਈ ਅਤੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਕਾਰਜਾਂ ਦੇ ਮੱਦੇਨਜ਼ਰ ਸਮੀਖਿਆ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਜ਼ਿਲ੍ਹੇ ਦੇ ਪਿੰਡਾਂ ਵਿੱਚ ਬਣਾਏ ਜਾਣ ਵਾਲੇ ਪਖਾਨਿਆ ਦੇ ਕੰਮ ਨੂੰ ਜਨਵਰੀ 2025 ਤੱਕ ਹਰ ਹਾਲਤ 'ਚ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਮੁਕੰਮਲ ਹੋਏ, ਹੋਣ ਵਾਲੇ ਵਿਕਾਸ ਤੇ ਚੱਲ ਰਹੇ ਵਿਕਾਸ ਕਾਰਜਾਂ ਤੋਂ ਇਲਾਵਾ ਡੀਐਫਐਮ, ਸੀਐਸਆਰ ਫੰਡ ਅਤੇ ਥਰਮਲ ਲੈਂਡ ਦੇ ਕੰਮਾਂ ਦਾ ਰੀਵਿਊ ਕੀਤਾ। ਇਸ ਮੌਕੇ ਉਹਨਾਂ ਸੋਇਲਡ ਬੇਸਟ, ਲਿਕਿਊਡ ਬੇਸਟ ਅਤੇ ਜਲ ਸਪਲਾਈ ਦੇ ਕਾਰਜ਼ਾ ਬਾਰੇ ਵੀ ਅਧਿਕਾਰੀਆਂ ਕੋਲੋਂ ਬਰੀਕੀ ਨਾਲ ਜਾਣਕਾਰੀ ਹਾਸਿਲ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਰਨਲ) ਮੈਡਮ ਪੂਨਮ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ਼੍ਰੀ ਨਰਿੰਦਰ ਸਿੰਘ, ਐਸਡੀਐਮ ਮੌੜ ਸ੍ਰੀ ਸੁਖਰਾਜ ਸਿੰਘ, ਕਾਰਜਕਾਰੀ ਇੰਜੀਨੀਅਰ ਸ਼੍ਰੀ ਮਨਪ੍ਰੀਤ ਸਿੰਘ ਅਰਸ਼ੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ ਗੁਰਪ੍ਰਤਾਪ ਸਿੰਘ ਗਿੱਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਹਨਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਖਰੀਦ ਏਜੰਸੀਆਂ ਨੇ ਕੀਤੀ 9,20,662 ਮੀਟ੍ਰਿਕ ਟਨ ਝੋਨੇ ਦੀ ਖਰੀਦ

**ਤਰਨ ਤਾਰਨ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਖਰੀਦ ਕੇਂਦਰਾਂ ਵਿੱਚ ਝੋਨੇ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਜਾਰੀ ਹੈ ਅਤੇ ਹੁਣ ਤੱਕ ਜ਼ਿਲ੍ਹਾ ਤਰਨ ਤਾਰਨ ਦੀਆਂ ਮੰਡੀਆਂ ਵਿੱਚ 9,23,303 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿਚੋਂ 9,20,662 ਮੀਟ੍ਰਿਕ ਟਨ ਝੋਨੇ ਦੀ ਖਰੀਦ ਵੱਖ-ਵੱਖ ਏਜੰਸੀਆਂ ਵੱਲੋਂ ਕੀਤੀ ਜਾ ਚੁੱਕੀ ਹੈ।

ਉਹਨਾਂ ਦੱਸਿਆ ਕਿ 20 ਨਵੰਬਰ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਪਨਗਰੇਨ ਵੱਲੋਂ 4,23,310 ਮੀਟਰਿਕ ਟਨ, ਮਾਰਕਫੈੱਡ ਵੱਲੋਂ 2,10,145 ਮੀਟਰਿਕ ਟਨ, ਪਨਸਪ ਵੱਲੋਂ 1,79,544 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਕਾਰਪੋਰੇਸ਼ਨ ਵੱਲੋਂ 1,06,162 ਮੀਟਰਿਕ ਟਨ ਅਤੇ ਵਪਾਰੀਆਂ ਵੱਲੋਂ 1501 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਗਈ ਫਸਲ ਦੀ ਜ਼ਿਲ੍ਹੇ ਦੇ ਕਿਸਾਨਾਂ ਨੂੰ 2024 ਕਰੋੜ 04 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚੋਂ ਖਰੀਦ ਕੀਤੇ ਗਏ ਝੋਨੇ ਦੀ ਚੁਕਾਈ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 48 ਘੰਟਿਆਂ ਵਿੱਚ ਕਰਨੀ ਯਕੀਨੀ ਬਣਾਈ ਜਾਵੇ।ਉਹਨਾਂ ਦੱਸਿਆ ਕਿ ਮੰਡੀਆਂ ਵਿੱਚੋਂ ਖਰਦੀ ਕੀਤੇ ਗਏ 8,85,651 ਮੀਟਰਿਕ ਟਨ ਝੋਨੇ ਦੀ ਚੁਕਾਈ ਮੰਡੀਆਂ ਵਿੱਚੋਂ ਕੀਤੀ ਜਾ ਚੁੱਕੀ ਹੈ।

ਉਹਨਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਅਲਾਟ ਕੀਤੇ ਗਏ ਖਰੀਦ ਕੇਂਦਰਾਂ ਵਿੱਚ ਹਾਜ਼ਰ ਰਹਿਣ ਅਤੇ ਸਰਕਾਰੀ ਖਰੀਦ ਦੇ ਮਾਪਦੰਡਾਂ 'ਤੇ ਪੂਰੇ ਉੱਤਰਦੇ ਝੋਨੇ ਦੀ ਤੁਰੰਤ ਖਰੀਦ ਯਕੀਨੀ ਬਣਾਉਣ।ਉਹਨਾਂ ਕਿਹਾ ਕਿ ਮੰਡੀਆਂ ਵਿੱਚੋਂ ਖਰੀਦ ਕੀਤੇ ਗਏ ਝੋਨੇ ਦੀ ਚੁਕਾਈ ਨਾਲ ਦੀ ਨਾਲ ਕੀਤੀ ਜਾਵੇ ਅਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕੋਈ ਪਰੇਸ਼ਾਨੀ ਨਾ ਆਵੇ।

ਉਹਨਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕੇਵਲ ਪੂਰੇ ਪੱਕੇ ਹੋਏ ਝੋਨੇ ਦੀ ਹੀ ਕਟਾਈ ਕਰਵਾਉਣ, ਹਰਾ ਅਤੇ ਨਮੀ ਵਾਲਾ ਝੋਨਾ ਨਾ ਕਟਾਉਣ ਤਾਂ ਕਿ ਉਹਨਾਂ ਨੂੰ ਮੰਡੀਆਂ ਵਿੱਚ ਆਪਣਾ ਝੋਨਾ ਵੇਚਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

ਉਹਨਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਦਿੱਕਤ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚੋਂ ਖਰੀਦ ਕੀਤੇ ਗਏ ਝੋਨੇ ਦੀ ਚੁਕਾਈ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 48 ਘੰਟਿਆਂ ਆਉਣ ਦਿੱਤੀ ਜਾਵੇਗੀ।

# ਪ੍ਰਧਾਨ ਮੰਤਰੀ ਵਿਸ਼ਵਕਰਮਾ ਸਕੀਮ ਸਬੰਧੀ ਹੋਈ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ

**ਤਰਨ ਤਾਰਨ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਵਿਸ਼ਵਕਰਮਾ ਸਕੀਮ ਸਬੰਧੀ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਅੱਜ ਵਧੀਕ ਡਿਪਟੀ ਕਮਿਸ਼ਨਰ (ਜ) ਸੀ? ਰਾਜਦੀਪ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇਸ ਸਕੀਮ ਅਧੀਨ ਜ਼ਿਲ੍ਹਾ ਪੱਧਰ 'ਤੇ ਪ੍ਰਾਪਤ ਅਰਜ਼ੀਆਂ ਨੂੰ ਵਿਚਾਰਿਆ ਗਿਆ ਅਤੇ ਕਮੇਟੀ ਵੱਲੋਂ ਅਰਜ਼ੀਆਂ ਨੂੰ ਰਾਜ ਪੱਧਰ ਤੇ ਮਨਜ਼ੂਰੀ ਲਈ ਭੇਜਣਾ ਮਨਜ਼ੂਰ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਦੱਸਿਆ ਗਿਆ ਕਿ ਇਹਨਾਂ ਅਰਜ਼ੀਆਂ ਨੂੰ ਲੈਵਲ 3 'ਤੇ ਮੰਜ਼ੂਰੀ ਮਿਲਣ ਉਪਰੰਤ ਲਾਭਪਾਤਰੀਆਂ ਦੀ 2 ਤਰੀਕੇ ਦੀ ਟ੍ਰੇਨਿੰਗ 5 ਦਿਨ (ਬੇਸਿਕ) ਅਤੇ 15 ਦਿਨ (ਅਡਵਾਂਸ) ਟ੍ਰੇਨਿੰਗ ਹੋਵੇਗੀ, ਜਿਸ ਦੌਰਾਨ ਲਾਭਪਾਤਰੀਆਂ ਨੂੰ ਵਜੀਫਾ ਵੀ ਮਿਲੇਗਾ। ਟ੍ਰੇਨਿੰਗ ਮੁਕੰਮਲ ਹੋਣ ਉਪਰੰਤ ਲਾਭਪਾਤਰੀਆਂ ਨੂੰ ਆਪਣੇ ਕੰਮ ਨਾਲ ਸਬੰਧਤ ਔਜਾਰਾਂ ਲਈ 15000 ਰੁਪਏ ਦਾ ਵਾਊਚਰ ਵੀ ਮਿਲੇਗਾ। ਸਕੀਮ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਓਹਨਾ ਦੱਸਿਆ ਕਿ ਇਸ ਸਕੀਮ ਅਧੀਨ 18 ਵੱਖ ਵੱਖ ਤਰਾਂ ਤੇ ਕਿੱਤਿਆਂ ਦਾ ਜੱਦੀ ਪੁਸ਼ਤੀ ਜਾਂ ਗੁਰੂ ਚੇਲਾ ਪ੍ਰੰਪਰਾ ਅਧੀਨ ਹੀ ਕੰਮ ਕਰਨ ਵਾਲੇ ਹੁਨਰਮੰਦ ਜਿਵੇ ਕਿ ਤਰਖਾਣ, ਘੁਮਿਆਰ, ਨਾਈ, ਧੋਬੀ, ਦਰਜੀ, ਲੁਹਾਰ, ਮਾਲਾਕਾਰ, ਰਾਜ ਮਿਸਤਰੀ, ਮੋਚੀ, ਮੂਰਤੀਕਾਰ ਆਦਿ ਟ੍ਰੇਨਿੰਗ, ਟੂਲ ਕਿੱਟ ਅਤੇ ਰਿਆਇਤੀ ਵਿਆਜ ਦਰਾਂ (5 ਪ੍ਰਤੀਸ਼ਤ) ਤੇ ਪਹਿਲਾਂ 1 ਲੱਖ ਰੁਪਏ ਅਤੇ ਕਰਜਾ ਵਾਪਿਸ ਕਰਨ ਉਪਰੰਤ 2 ਲੱਖ ਰੁਪਏ ਦਾ ਲਾਭ ਉਠਾ ਸਕਦੇ ਹਨ। ਅਤੇ ਆਪਣੇ ਹੁਨਰ ਵਿੱਚ ਨਿਖਾਰ ਲਿਆਉਂਦੇ ਹੋਏ ਕੰਮ ਨੂੰ ਵਧਾ ਸਕਦੇ ਹਨ। ਇਸ ਸਕੀਮ ਦਾ ਲਾਭ ਉਠਾਉਣ ਦੇ ਇੱਛੁਕ ਵਿਅਕਤੀ ਆਪਣੇ ਨਜ਼ਦੀਕੀ ਸੀ.ਐੱਸ.ਸੀ. (ਕਾਮਨ ਸਰਵਿਸ ਸੈਂਟਰ) ਵਿਖੇ ਜਾ ਕੇ ਪੀ.ਐੱਮ ਵਿਸ਼ਵਕਰਮਾ ਪੋਰਟਲ https://pmvishwakarma.gov.in/ 'ਤੇ ਰਜਿਸਟਰੇਸ਼ਨ ਕਰਵਾ ਸਕਦੇ ਹਨ। ਮੀਟਿੰਗ ਵਿੱਚ ਸ਼੍ਰੀ ਕਰਨਜੀਤ ਸਿੰਘ ਫੰਕਸ਼ਨਲ ਮੈਨੇਜਰ, ਦਫਤਰ ਜ਼ਿਲ੍ਹਾ ਉਦਯੋਗ ਕੇਂਦਰ ਤਰਨ ਤਾਰਨ, ਸ਼੍ਰੀ ਹਰਜਿੰਦਰ ਸਿੰਘ ਡੀ.ਡੀ.ਪੀ.ਓ. ਤਰਨ ਤਾਰਨ, ਸ਼੍ਰੀ ਕੰਵਲ ਕੁਮਾਰ ਲੀਡ ਜ਼ਿਲ੍ਹਾ ਮੈਨੇਜਰ ਤਰਨ ਤਾਰਨ, ਸ਼੍ਰੀ ਸੁਰਜੀਤ ਸਿੰਘ ਸਾਗਰ ਡੋਮੇਨ ਐਕਸਪਰਟ, ਸ਼੍ਰੀ ਮਨਜਿੰਦਰ ਸਿੰਘ ਬੀ.ਐੱਮ.ਐੱਮ ਪੰਜਾਬ ਸਕਿੱਲ ਡਵੈਲਪਮੈਂਟ ਮਿਸ਼ਨ ਹਾਜ਼ਰ ਰਹੇ

# ਵਰਧਮਾਨ ਸਪੈਸ਼ਲ ਸਟੀਲਜ਼ ਨੇ ਨਵਾਂ ਹੁਨਰ ਵਿਕਾਸ ਕੇਂਦਰ ਸਥਾਪਤ ਕਰਨ ਲਈ 12 ਲੱਖ ਰੁਪਏ ਦਾਨ ਕੀਤੇ



**ਲੁਧਿਆਣਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ) ਨੇ ਆਪਣੀ ਸੀ.ਐਸ.ਆਰ ਪਹਿਲਕਦਮੀ ਤਹਿਤ ਨਾਰੀ ਸ਼ਕਤੀ ਪ੍ਰੋਜੈਕਟ ਤਹਿਤ ਲੁਧਿਆਣਾ ਵਿੱਚ ਨਵਾਂ ਹੁਨਰ ਵਿਕਾਸ ਕੇਂਦਰ ਸਥਾਪਤ ਕਰਨ ਲਈ 12 ਲੱਖ ਰੁਪਏ ਦੀ ਸਹਾਇਤਾ ਦਿੱਤੀ।

ਵਰਧਮਾਨ ਤੋਂ ਸੀਨੀਅਰ ਮੈਨੇਜਰ ਐਡਮਿਨ/ਹੈੱਡ ਸੀ.ਐਸ.ਆਰ ਸ੍ਰੀ ਅਮਿਤ ਧਵਨ ਨੇ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੂੰ 12 ਲੱਖ ਰੁਪਏ ਦਾ ਚੈੱਕ ਭੇਟ ਕੀਤਾ।

ਸ੍ਰੀ ਅਮਿਤ ਧਵਨ ਨੇ ਕਿਹਾ ਕਿ ਇਹ ਤੀਜਾ ਹੁਨਰ ਵਿਕਾਸ ਕੇਂਦਰ ਹੋਵੇਗਾ ਜੋ ਲੁਧਿਆਣਾ ਵਿੱਚ ਵੀ.ਐਸ.ਐਸ.ਐਲ ਦੁਆਰਾ ਸਮਰਥਿਤ ਹੋਵੇਗਾ।ਡਿਪਟੀ ਕਮਿਸ਼ਨਰ ਨੇ ਵਰਧਮਾਨ ਸਟੀਲਜ਼ ਦੀ ਸਮੁੱਚੀ ਮੈਨੇਜਮੈਂਟ ਅਤੇ ਵੀ.ਐਸ.ਐਸ.ਐਲ ਦੇ ਵਾਈਸ ਚੇਅਰਮੈਨ ਸ੍ਰੀ ਸਚਿਤ ਜੈਨ ਅਤੇ ਕਾਰਜਕਾਰੀ ਨਿਰਦੇਸ਼ਕ ਸ੍ਰੀ ਆਰ.ਕੇ.ਰੇਵਾੜੀ ਅਤੇ ਸ੍ਰੀ ਸੌਮਿਆ ਜੈਨ ਦਾ ਇਸ ਤਰ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

# ਚੇਅਰਮੈਨ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਪਰਮਿੰਦਰ ਸਿੰਘ ਗੋਲਡੀ ਵੱਲੋਂ ਪੰਜਾਬ ਰਾਜ ਅੰਤਰਵਰਸਿਟੀ ਯੁਵਕ ਮੇਲੇ ਦਾ ਪੋਸਟਰ ਰੀਲੀਜ ਕੀਤਾ

**ਲੁਧਿਆਣਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਸ੍ਰੀ ਪਰਮਿੰਦਰ ਸਿੰਘ ਗੋਲਡੀ ਵੱਲੋਂ ਵੀਰਵਾਰ ਨੂੰ ਬੋਰਡ ਦੇ ਦਫਤਰ ਵਿਖੇ ਯੁਵਕ ਸੇਵਾਵਾਂ ਵਿਭਾਗ, ਪੰਜਾਬ ਵੱਲੋਂ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਸਰਪ੍ਰਸਤੀ ਹੇਠ ਕਰਵਾਏ ਜਾ ਰਹੇ ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲਾ-2024 ਦਾ ਪੋਸਟਰ ਰੀਲੀਜ ਕੀਤਾ ਗਿਆ। ਇਹ ਯੁਵਕ ਮੇਲਾ 29 ਨਵੰਬਰ ਤੋਂ 2 ਦਸੰਬਰ ਤੱਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ), ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਰਾਜ ਦੀ ਸਿਰਮੌਰ ਯੂਨੀਵਰਸਿਟੀਆਂ ਦੀਆ ਟੀਮਾਂ ਵੱਲੋਂ 51 ਵੱਖ-ਵੱਖ ਕਲਚਰਲ ਅਤੇ ਵਿਰਾਸਤੀ ਮੁਕਾਬਲਿਆਂ ਵਿੱਚ ਹਿੱਸਾ ਲਿਆ ਜਾ ਰਿਹਾ ਹੈ।

ਇਸ ਮੌਕੇ ਚੇਅਰਮੈਨ ਸ੍ਰੀ ਪਰਮਿੰਦਰ ਸਿੰਘ ਗੋਲਡੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਨੌਜਵਾਨਾਂ ਨੂੰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਅਤੇ ਨਿਖਾਰਨ ਦਾ ਇੱਕ ਵੱਡਾ ਮੰਚ ਵਿਭਾਗ ਵੱਲੋਂ ਇਸ ਮੇਲੇ ਰਾਹੀਂ ਦਿੱਤਾ ਜਾ ਰਿਹਾ ਹੈ। ਇਸ ਯੁਵਕ ਮੇਲੇ ਵਿੱਚ ਪਹਿਲੇ ਸਥਾਨ ਤੇ ਰਹਿਣ ਵਾਲੀਆਂ ਟੀਮਾਂ ਨੂੰ ਨੈਸ਼ਨਲ ਪੱਧਰ ਤੇ ਰਾਜ ਦੀ ਨੁਮਾਇੰਦਗੀ ਕਰਨ ਦਾ ਮੌਕਾ ਵੀ ਪ੍ਰਦਾਨ ਕੀਤਾ ਜਾਂਦਾ ਹੈ। ਇਸ 4 ਰੋਜਾਂ ਯੁਵਕ ਮੇਲੇ ਦੌਰਾਨ ਗਿੱਧਾ, ਭੰਗੜਾ ਕਵੀਸ਼ਰੀ, ਵਾਰ-ਗਾਇਨ, ਕਲੀ, ਗਜ਼ਲ, ਨਾਟਕ (ਥੀਏਟਰ), ਵਿਰਾਸਤੀ ਕਲਾਵਾਂ ਅਤੇ ਹੋਰ ਸੱਭਿਆਚਾਰਕ ਮੁਕਾਬਲੇ ਕਰਵਾਏ ਜਾਣਗੇ। ਜਿਨ੍ਹਾਂ ਵਿੱਚ 2000 ਤੋਂ ਵੱਧ ਨੌਜਵਾਨ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ।



ਇਸ ਯੁਵਕ ਮੇਲੇ ਦੌਰਾਨ ਰੋਜਾਨਾ ਰਾਤ ਨੂੰ ਕਲਚਰਲ ਨਾਈਟ ਪ੍ਰੋਗਰਾਮ ਵਿੱਚ ਪੰਜਾਬ ਦੇ ਨਾਮੀ ਕਲਾਕਾਰ ਆਪਣੀ ਗਾਇਕੀ ਦੀ ਪੇਸ਼ਕਾਰੀ ਕਰਨਗੇ।

ਯੁਵਕ ਸੇਵਾਵਾਂ ਵਿਭਾਗ ਵੱਲੋਂ ਇਹ ਚਾਰ ਰੋਜਾ ਯੁਵਕ ਮੇਲਾ ਸ੍ਰੀ ਸਰਵਜੀਤ ਸਿੰਘ ਵਿਸ਼ੇਸ਼ ਮੁੱਖ ਸਕੱਤਰ, ਅਤੇ ਡਾਇਰੈਕਟਰ ਹਰਪ੍ਰੀਤ ਸਿੰਘ ਸੂਦਨ ਦੀ ਦੇਖ ਰੇਖ ਵਿੱਚ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਵਾਈਸ ਚਾਂਸਲਰ ਸਤਿਬੀਰ ਸਿੰਘ ਗੋਸਲ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਵਿੱਚ ਇਸ ਯੁਵਕ ਮੇਲੇ ਨੂੰ ਲੈ ਕੇ ਬੜਾ ਉਤਸ਼ਾਹ ਪਾਇਆ ਜਾ ਰਿਹਾ ਹੈ।

ਯੁਵਕ ਮੇਲਾ 2024 ਦਾ ਪੋਸਟਰ ਰੀਲੀਜ ਕਰਨ ਮੌਕੇ ਚੇਅਰਮੈਨ ਸ੍ਰੀ ਪਰਮਿੰਦਰ ਸਿੰਘ ਗੋਲਡੀ ਤੋਂ ਇਲਾਵਾਂ ਵਿਭਾਗ ਦੇ ਡਿਪਟੀ ਡਾਇਰੈਕਟਰ ਸ੍ਰੀ ਕੁਲਵਿੰਦਰ ਸਿੰਘ, ਸਹਾਇਕ ਡਾਇਰੈਕਟਰ ਸ੍ਰੀਮਤੀ ਰੁਪਿੰਦਰ ਕੌਰ ਅਤੇ ਡਾਇਰੈਕਟਰ ਯੂਥ ਵੈਲਫੇਅਰ (ਪੰਜਾਬ ਐਗਰੀਕਲਚਰਲ ਯੂਨੀਵਰਸਿਟੀ) ਸ੍ਰੀ ਨਿਰਮਲ ਜੌੜਾ ਵੀ ਹਾਜ਼ਰ ਸਨ।

# ਪਿੰਡ ਟਾਹਲੀਵਾਲਾ ਜੱਟਾ ਦਾ ਸਰਕਾਰੀ ਮਿਡਲ ਸਕੂਲ ਹਾਈ ਸਕੂਲ ਵਿਚ ਹੋਇਆ ਅਪਗ੍ਰੇਡ, ਵਿਧਾਇਕ ਵੱਲੋਂ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ

**ਫਾਜ਼ਿਲਕਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਸਿੰਘ ਗੋਲਡੀ ਕੰਬੋਜ਼ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿਚ ਨਵੇਂ—ਨਵੇਂ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਇਕ ਹੋਰ ਪਹਿਲਕਦਮੀਆਂ ਕਰਦਿਆਂ ਸਰਕਾਰੀ ਮਿਡਲ ਸਕੂਲ ਟਾਹਲੀਵਾਲਾ ਜੱਟਾਂ ਨੂੰ ਹਾਈ ਸਕੂਲ ਦੇ ਪੱਧਰ ਤੱਕ ਅਪਗ੍ਰੇਡ ਕੀਤਾ ਗਿਆ ਹੈ। ਉਨ੍ਹਾਂ ਪਿੰਡ ਦੇ ਬਚਿਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਹੈ ਤਾਂ ਜ਼ੋ ਬਚਿਆਂ ਨੂੰ ਮਿਡਲ ਤੱਕ ਦੀ ਸਿਖਿਆ ਤੋਂ ਬਾਅਦ ਉਚੇਰੀ ਪੜ੍ਹਾਈ ਲਈ ਦੂਸਰੇ ਸਕੂਲ ਨਹੀਂ ਜਾਣਾ ਪਵੇਗਾ।

ਵਿਧਾਇਕ ਸ੍ਰੀ ਗੋਲਡੀ ਕੰਬੋਜ਼ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੱਲੋਂ ਸਿਖਿਆ ਦੇ ਖੇਤਰ ਵਿਚ ਅਥਾਹ ਕ੍ਰਾਂਤੀ ਲਿਆਂਦੀ ਗਈ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਵਿਚ ਆਧੁਨਿਕ ਤਕਨੀਕ ਦਾ ਬੁਨਿਆਦੀ ਢਾਂਚਾ ਸਥਾਪਿਤ ਕਰਕੇ ਵੀ ਸਕੂਲਾਂ ਦਾ ਪੱਧਰ ਪ੍ਰਾਈਵੇਟ ਸਕੂਲਾਂ ਨਾਲੋਂ ਕਿਤੇ ਵਧੇਰੇ ਉਚਾ ਹੋ ਗਿਆ ਹੈ॥ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਲਾਲਾਬਾਦ ਹਲਕੇ ਨੂੰ ਦੋ ਸਕੂਲ ਆਫ਼ ਐਮੀਨੈਂਸ ਵੀ ਦਿੱਤੇ ਹਨ ਜੋ ਕਿ ਹਲਕਾ ਨਿਵਾਸੀਆਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਬਹੁਤ ਧੰਨਵਾਦ ਕਰਦੇ ਹਨ ਜੋ ਜਲਾਲਾਬਾਦ ਹਲਕੇ ਨੂੰ ਵਿਕਾਸ ਦੀ ਪ੍ਰਗਤੀ ਵੱਲ ਲਿਜਾ ਰਹੇ ਹਨ।

ਵਿਧਾਇਕ ਜ਼ਲਾਲਾਬਾਦ ਨੇ ਕਿਹਾ ਕਿ ਬਚਿਆਂ ਦੀ ਪੜ੍ਹਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਜਿਥੇ ਅਨੇਕਾਂ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਉਥੇ ਅਧਿਆਪਕਾਂ ਨੂੰ ਤਕਨੀਕ ਯੁਗ ਵਿਚ ਸਿਖਲਾਈ ਲਈ ਵਿਦੇਸ਼ਾਂ ਤੱਕ ਭੇਜਿਆ ਗਿਆ ਹੈ ਤਾਂ ਜ਼ੋ ਨਵੀ ਤਕਨੀਕ ਦੀ ਸਿਖਲਾਈ ਹਾਸਲ ਕਰਕੇ ਅਗੇ ਬਚਿਆਂ ਨੂੰ ਗਿਆਨ ਦੀ ਵੰਡ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਿਖਿਆ ਤੇ ਸਿਹਤ ਪੰਜਾਬ ਸਰਕਾਰ ਦੀ ਮੁਢਲੀ ਤਰਜੀਹ ਸਨ ਜਿਨ੍ਹਾਂ *ਤੇ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਸਹੂਲਤਾਂ ਨਾਲ ਲੈਸ ਸਰਕਾਰੀ ਸਕੂਲਾਂ ਵਿਚ ਦਾਖਲਾ ਕਰਵਾਉਣ ਨੂੰ ਬਚੇ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦੇ ਅਪਗ੍ਰੇਡ ਹੋਣ ਨਾਲ ਬਚਿਆਂ ਦੀ ਖਜਲ-ਖੁਆਰੀ ਘਟੇਗੀ ਤੇ ਬਚੇ ਮਨ ਲਗਾ ਕੇ ਇਕ ਸਾਰ ਇਕੋ ਸਕੂਲ ਵਿਚ ਆਪਣੀ ਪੜ੍ਹਾਈ ਜਾਰੀ ਰੱਖ ਸਕਣਗੇ, ਬਚਿਆਂ ਦੇ ਨਾਲ-ਨਾਲ ਮਾਪਿਆਂ ਦਾ ਵੀ ਸਕੂਲ ਬਦਲਣ ਵਾਲਾ ਬੋਝ ਘਟੇਗਾ।

# ਡਾਕਟਰਾਂ ਵੱਲੋਂ ਮ੍ਰਿਤਕ ਐਲਾਨੇ ਵਿਅਕਤੀ ਨੇ ਅੰਤਿਮ ਸਸਕਾਰ ਮੌਕੇ ਕੀਤੀ ਹਿੱਲਜੁੱਲ, 4 ਡਾਕਟਰ ਮੁਅੱਤਲ

**ਜੈਪੁਰ, 23 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਸਥਾਨ ਦੇ ਝੁੰਝੁਨੂ ਜ਼ਿਲ੍ਹੇ ਵਿੱਚ ਇਕ ਹੈਰਾਨੀਜਨਕ ਘਟਨਾ ਸਾਹਮਣੇ ਆਈ ਹੈ, ਜਿੱਥੇ ਡਾਕਟਰਾਂ ਵੱਲੋਂ ਮ੍ਰਿਤਕ ਐਲਾਨੇ ਗਏ ਇੱਕ ਵਿਅਕਤੀ ਨੇ ਅੰਤਿਮ ਸਸਕਾਰ ਲਈ ਚਿਤਾ 'ਤੇ ਲਿਟਾਉਣ ਮੌਕੇ ਹਿੱਲਜੁੱਲ ਕੀਤੀ। ਜਾਣਕਾਰੀ ਦਿੰਦਿਆਂ ਇਕ ਅਧਿਕਾਰੀ ਨੇ ਦੱਸਿਆ ਕਿ ਅੰਤਿਮ ਸੰਸਕਾਰ ਤੋਂ ਕੁਝ ਪਲ ਪਹਿਲਾਂ ਸ਼ਮਸ਼ਾਨਘਾਟ ਵਿਚ ਚਿਤਾ 'ਤੇ ਪਿਆ ਵਿਅਕਤੀ ਸਾਹ ਲੈ ਰਿਹਾ ਸੀ ਅਤੇ ਹਿੱਲ ਰਿਹਾ ਸੀ। ਇਸ ਦੌਰਾਨ ਤੁਰੰਤ ਐਂਬੂਲੈਂਸ ਬੁਲਾਈ ਗਈ ਅਤੇ ਉਸ ਨੂੰ ਜ਼ਿਲ੍ਹਾ ਹਸਪਤਾਲ ਭੇਜਿਆ ਗਿਆ ਜਿੱਥੇ ਉਸ ਵਿਅਕਤੀ ਦਾ ਆਈਸੀਯੂ ਵਿੱਚ ਇਲਾਜ ਚੱਲ ਰਿਹਾ ਹੈ। ਉਸ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ।

**ਮ੍ਰਿਤਕ ਐਲਾਨੇ ਜਾਣ ਤੋਂ ਬਾਅਦ ਮੁਰਦਾਘਰ ਵਿਚ ਵੀ ਰੱਖਿਆ ਗਿਆ**

ਅਧਿਕਾਰੀਆਂ ਦੇ ਅਨੁਸਾਰ ਰੋਹਿਤਸ਼ (25) ਨੂੰ ਕੁਝ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨ ਤੋਂ ਬਾਅਦ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਹ ਇੱਕ ਅਨਾਥ, ਬੋਲ਼ਾ, ਗੂੰਗਾ ਹੈ ਅਤੇ ਅਨਾਥ ਆਸ਼ਰਮ ਕੇਂਦਰ ਵਿੱਚ ਰਹਿ ਰਿਹਾ ਹੈ। ਬੀਮਾਰ ਹੋਣ ਤੋਂ ਬਾਅਦ ਉਸ ਨੂੰ ਝੁੰਝੁਨੂ ਦੇ ਬੀਡੀਕੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਜਿੱਥੇ ਉਸ ਨੂੰ ਦੁਪਹਿਰ 2 ਵਜੇ ਦੇ ਕਰੀਬ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਫਿਰ ਉਸ ਦੀ ਲਾਸ਼ ਨੂੰ ਮੁਰਦਾਘਰ ਵਿਚ ਰੱਖਿਆ ਗਿਆ ਅਤੇ ਰਸਮੀ ਕਾਰਵਾਈਆਂ ਪੂਰੀਆਂ ਕਰਨ ਤੋਂ ਬਾਅਦ ਐਂਬੂਲੈਂਸ ਵਿਚ ਸ਼ਮਸ਼ਾਨਘਾਟ ਲਿਜਾਇਆ ਗਿਆ। ਜਦੋਂ ਰੋਹਤਾਸ਼ ਦੀ ਲਾਸ਼ ਨੂੰ ਇੱਥੇ ਚਿਖਾ 'ਤੇ ਰੱਖਿਆ ਗਿਆ ਤਾਂ ਉਸ ਦਾ ਸਾਹ ਚੱਲਣ ਲੱਗਾ ਅਤੇ ਉਸ ਦਾ ਸਰੀਰ ਹਿੱਲਣ ਲੱਗਾ। ਇਹ ਦੇਖ ਕੇ ਉਥੇ ਮੌਜੂਦ ਲੋਕ ਡਰ ਗਏ। ਤੁਰੰਤ ਐਂਬੂਲੈਂਸ ਬੁਲਾਈ ਗਈ ਅਤੇ ਰੋਹਿਤਸ਼ ਨੂੰ ਹਸਪਤਾਲ ਲਿਜਾਇਆ ਗਿਆ।

**ਮੈਡੀਕਲ ਅਫ਼ਸਰ ਸਮੇਤ ਤਿੰਨ ਡਾਕਟਰਾਂ ਨੂੰ ਮੁਅੱਤਲ ਕੀਤਾ**

ਕਲੈਕਟਰ ਦੇ ਹੁਕਮਾਂ 'ਤੇ ਦੇਰ ਸ਼ਾਮ ਤਹਿਸੀਲਦਾਰ ਮਹਿੰਦਰ ਮੂੰਡ, ਸਮਾਜਿਕ ਨਿਆਂ ਵਿਭਾਗ ਦੇ ਡਿਪਟੀ ਡਾਇਰੈਕਟਰ ਪਵਨ ਪੂਨੀਆ ਵੀ ਹਸਪਤਾਲ ਪੁੱਜੇ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਅੱਜ ਹਸਪਤਾਲ ਵਿੱਚ ਮੈਡੀਕਲ ਅਫ਼ਸਰ ਡਾਕਟਰ ਸੰਦੀਪ ਪਾਚਰ ਦੀ ਮੌਜੂਦਗੀ ਵਿੱਚ ਡਾਕਟਰਾਂ ਦੀ ਮੀਟਿੰਗ ਹੋਈ। ਕੁਲੈਕਟਰ ਨੇ ਡਾਕਟਰ ਸੰਦੀਪ ਪਾਚਰ, ਸਮਾਜਿਕ ਨਿਆਂ ਵਿਭਾਗ ਦੇ ਡਿਪਟੀ ਡਾਇਰੈਕਟਰ ਪਵਨ ਪੂਨੀਆ ਅਤੇ ਹੋਰ ਅਧਿਕਾਰੀਆਂ ਨੂੰ ਰਾਤ ਕਰੀਬ 10.30 ਵਜੇ ਆਪਣੇ ਬੰਗਲੇ 'ਤੇ ਬੁਲਾਇਆ।

ਜ਼ਿਲ੍ਹਾ ਕੁਲੈਕਟਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਲਈ ਇੱਕ ਕਮੇਟੀ ਬਣਾਈ ਗਈ ਹੈ। ਇਸ ਸਬੰਧੀ ਪ੍ਰਿੰਸੀਪਲ ਮੈਡੀਕਲ ਅਫਸਰ ਤੋਂ ਵੀ ਰਿਪੋਰਟ ਮੰਗੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੈਡੀਕਲ ਵਿਭਾਗ ਦੇ ਸਕੱਤਰ ਨੂੰ ਪੂਰੇ ਮਾਮਲੇ ਦੀ ਜਾਣਕਾਰੀ ਦੇ ਦਿੱਤੀ ਗਈ ਹੈ। ਰਾਤ ਨੂੰ ਜ਼ਿਲ੍ਹਾ ਕੁਲੈਕਟਰ ਨੇ ਜੀਂਦ ਦੇ ਨੌਜਵਾਨ ਨੂੰ ਮ੍ਰਿਤਕ ਐਲਾਨਣ ਵਾਲੇ ਡਾਕਟਰ ਯੋਗੇਸ਼ ਜਾਖੜ, ਡਾਕਟਰ ਨਵਨੀਤ ਮੀਲ ਅਤੇ ਡਾਕਟਰ ਸੰਦੀਪ ਪਾਚਰ ਨੂੰ ਮੁਅੱਤਲ ਕਰ ਦਿੱਤਾ ਸੀ।

# ਆਮ ਆਦਮੀ ਪਾਰਟੀ' ਨੇ ਹਿੰਦੂ ਚਿਹਰੇ ਅਮਨ ਅਰੋੜਾ ਨੂੰ 'ਆਪ' ਪੰਜਾਬ ਦਾ ਪ੍ਰਧਾਨ ਕੀਤਾ ਨਿਯੁਕਤ

## ➢ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਬਣਾਇਆ ਕਾਰਜਕਾਰੀ ਪ੍ਰਧਾਨ ➢ ਅਰਵਿੰਦ ਕੇਜਰੀਵਾਲ ਨੇ ਅਮਨ ਅਰੋੜਾ ਅਤੇ ਸ਼ੈਰੀ ਕਲਸੀ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਦਿੱਤੀ ਵਧਾਈ

**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਕ ਅਹਿਮ ਜਥੇਬੰਦਕ ਫੇਰਬਦਲ ਕਰਦਿਆਂ ਆਮ ਆਦਮੀ ਪਾਰਟੀ (ਆਪ) ਨੇ ਅਮਨ ਅਰੋੜਾ ਨੂੰ ਪੰਜਾਬ ਪਾਰਟੀ ਦਾ ਪ੍ਰਧਾਨ ਅਤੇ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਹੈ। ਆਪ ਦਾ ਇਹ ਫੈਸਲਾ ਪੰਜਾਬ ਵਿੱਚ ਆਪਣੀ ਲੀਡਰਸ਼ਿਪ ਨੂੰ ਮਜ਼ਬੂਤ ਕਰਨ ਅਤੇ ਭਵਿੱਖ ਦੀਆਂ ਚੋਣ ਚੁਣੌਤੀਆਂ ਲਈ ਤਿਆਰੀ ਕਰਨ ਲਈ 'ਆਪ' ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਅਮਨ ਅਰੋੜਾ, ਸੁਨਾਮ ਤੋਂ ਵਿਧਾਇਕ ਅਤੇ ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਹਨ, ਇੱਕ ਪ੍ਰਮੁੱਖ ਹਿੰਦੂ ਨੇਤਾ ਹਨ ਜੋ ਆਪਣੀ ਸਮਾਵੇਸ਼ੀ ਪਹੁੰਚ ਅਤੇ ਗਤੀਸ਼ੀਲ ਲੀਡਰਸ਼ਿਪ ਲਈ ਜਾਣੇ ਜਾਂਦੇ ਹਨ।2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਵਿੱਚ ਸਭ ਤੋਂ ਵੱਧ ਫਰਕ ਨਾਲ ਆਪਣੀ ਸੀਟ ਹਾਸਲ ਕਰਨ ਤੋਂ ਬਾਅਦ, ਅਰੋੜਾ ਨੇ ਜ਼ਮੀਨੀ ਪੱਧਰ 'ਤੇ ਮਜ਼ਬੂਤ ਸਮਰਥਨ ਅਤੇ ਵਿਆਪਕ ਅਪੀਲ ਦਾ ਪ੍ਰਦਰਸ਼ਨ ਕੀਤਾ ਹੈ।

ਬਟਾਲਾ ਤੋਂ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੀ ਪਾਰਟੀ ਨੂੰ ਸਮਰਪਿਤ ਆਗੂ ਵਜੋਂ ਉਭਰੇ ਹਨ। ਕਾਰਜਕਾਰੀ ਪ੍ਰਧਾਨ ਵਜੋਂ ਉਨ੍ਹਾਂ ਦੀ ਨਿਯੁਕਤੀ ਹਰ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਊਰਜਾਵਾਨ ਅਤੇ ਨਤੀਜਾ-ਮੁਖੀ ਨੇਤਾਵਾਂ ਨੂੰ ਲਿਆਉਣ 'ਤੇ 'ਆਪ' ਦੇ ਫੋਕਸ ਨੂੰ ਉਜਾਗਰ ਕਰਦੀ ਹੈ।

ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅਮਨ ਅਰੋੜਾ ਅਤੇ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਕ੍ਰਮਵਾਰ ਪੰਜਾਬ ਪਾਰਟੀ ਪ੍ਰਧਾਨ ਅਤੇ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਵਧਾਈ ਦਿੱਤੀ। ਕੇਜਰੀਵਾਲ ਨੇ ਪੰਜਾਬ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਦੇ ਸਮਰਪਣ ਅਤੇ ਯੋਗਤਾ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਦੀ ਲੀਡਰਸ਼ਿਪ ਵਿੱਚ ਭਰੋਸਾ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਮੈਨੂੰ ਭਰੋਸਾ ਹੈ ਕਿ ਅਮਨ ਅਰੋੜਾ ਅਤੇ ਸ਼ੈਰੀ ਕਲਸੀ ਲੋਕਾਂ ਦੇ ਮਸਲਿਆਂ ਨੂੰ ਹੱਲ ਕਰਨ ਅਤੇ ਪਾਰਟੀ ਨੂੰ ਹੋਰ ਉਚਾਈਆਂ 'ਤੇ ਲਿਜਾਣ ਲਈ ਅਣਥੱਕ ਮਿਹਨਤ ਕਰਨਗੇ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇੱਕ ਬਿਆਨ ਰਾਹੀਂ ਨਵ-ਨਿਯੁਕਤ ਆਗੂਆਂ 'ਤੇ ਭਰੋਸਾ ਜਤਾਉਂਦਿਆਂ ਕਿਹਾ, ਅਮਨ ਅਰੋੜਾ ਅਤੇ ਸ਼ੈਰੀ ਕਲਸੀ ਕਾਬਲ ਆਗੂ ਹਨ, ਜੋ ਸੰਗਠਨ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਗੇ। ਉਹ ਇਹ ਯਕੀਨੀ ਬਣਾਉਣਗੇ ਕਿ 'ਆਪ' ਪੰਜਾਬ ਵਿੱਚ ਲਗਾਤਾਰ ਮਜ਼ਬੂਤ ਹੁੰਦੀ ਰਹੇ।

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਅਮਨ ਅਰੋੜਾ ਨੇ ਆਪ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਰਾਜ ਸਭਾ ਮੈਂਬਰ ਅਤੇ ਕੌਮੀ ਜਨਰਲ ਸਕੱਤਰ ਸੰਦੀਪ ਪਾਠਕ ਅਤੇ ਪਾਰਟੀ ਦੀ ਸਮੂਚੀ ਲੀਡਰਸ਼ਿਪ ਅਤੇ ਬਟਾਲਾ ਤੋਂ ਵਿਧਾਇਕ ਅਮਨਸ਼ੇਰ ਨੂੰ ਜ਼ਿੰਮੇਵਾਰੀ ਸੌਂਪਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਅਰੋੜਾ ਨੇ ਪੰਜਾਬ ਵਿੱਚ ਪਾਰਟੀ ਦੀ ਅਗਵਾਈ ਕਰਨ ਦੇ ਮਾਣ ਨੂੰ ਸਵੀਕਾਰ ਕੀਤਾ ਅਤੇ ਲੀਡਰਸ਼ਿਪ ਅਤੇ ਪਾਰਟੀ ਵਰਕਰਾਂ ਲਈ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਆਪਣੀ ਅਟੱਲ ਵਚਨਬੱਧਤਾ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਕੇਜਰੀਵਾਲ ਦੀ ਅਗਵਾਈ ਹੇਠ ਪਾਰਟੀ ਦੇ ਸਿਧਾਂਤਾਂ ਅਤੇ ਦ੍ਰਿਸ਼ਟੀਕੋਣ ਨੂੰ ਕਾਇਮ ਰੱਖਦੇ ਹੋਏ ਭਗਵੰਤ ਮਾਨ ਦੀ ਟੀਮ ਦੇ ਹਿੱਸੇ ਵਜੋਂ ਕੰਮ ਕਰਨ ਦੇ ਆਪਣੇ ਇਰਾਦੇ 'ਤੇ ਜ਼ੋਰ ਦਿੱਤਾ।

ਆਪ' ਵਿੱਚ ਵਿਲੱਖਣ ਲੀਡਰਸ਼ਿਪ ਸ਼ੈਲੀ ਨੂੰ ਉਜਾਗਰ ਕਰਦੇ ਹੋਏ, ਅਰੋੜਾ ਨੇ ਇਸ ਨਵੀਂ ਲੀਡਰਸ਼ਿਪ ਲਈ ਰਾਹ ਪੱਧਰਾ ਕਰਦੇ ਹੋਏ ਸਵੈ-ਇੱਛਾ ਨਾਲ ਸੂਬਾ ਪਾਰਟੀ ਪ੍ਰਧਾਨ ਦਾ ਅਹੁਦਾ ਛੱਡਣ ਦੀ ਇੱਛਾ ਜ਼ਾਹਰ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਪਹਿਲਾਂ ਹੀ ਸਥਾਪਿਤ ਕੀਤੀ ਮਜ਼ਬੂਤ ਜਥੇਬੰਦਕ ਨੀਂਹ 'ਤੇ ਖੜ੍ਹ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਅਹਿਦ ਲਿਆ। 'ਆਪ' ਦੀ ਏਕਤਾ ਅਤੇ ਫੋਕਸ 'ਤੇ ਜ਼ੋਰ ਦਿੰਦੇ ਹੋਏ, ਅਰੋੜਾ ਨੇ ਇਸ ਦੇ ਅਨੁਸ਼ਾਸਿਤ ਸੰਗਠਨ ਦੀ ਦੂਜੀਆਂ ਪਾਰਟੀਆਂ ਦੇ ਖੰਡਿਤ ਢਾਂਚੇ ਨਾਲ ਤੁਲਨਾ ਕੀਤੀ। ਉਨ੍ਹਾਂ ਪਾਰਟੀ ਦੀ ਲੋਕ ਸੇਵਾ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਹਾਲ ਹੀ ਵਿੱਚ ਜਲੰਧਰ ਜ਼ਿਮਨੀ ਚੋਣ ਵਿੱਚ ਹੋਈ 'ਆਪ' ਦੀ ਜਿੱਤ ਲੋਕਾਂ ਲਈ ਕੰਮ ਕਰਨ ਦਾ ਨਤੀਜਾ ਹੈ ਹੈ।

ਅਰੋੜਾ ਨੇ ਪਾਰਟੀ ਅੰਦਰ ਸਹਿਯੋਗੀ ਭਾਵਨਾ ਨੂੰ ਵੀ ਉਤਸ਼ਾਹਿਤ ਕੀਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ 'ਆਪ' ਇੱਕ ਪਰਿਵਾਰ ਵਾਂਗ ਕੰਮ ਕਰਦੀ ਹੈ। ਉਨ੍ਹਾਂ ਨੇ ਦਿੱਲੀ ਮੁਹਿੰਮਾਂ ਵਿੱਚ ਪੰਜਾਬ ਦੇ ਵਰਕਰਾਂ ਦੀ ਸਰਗਰਮ ਸ਼ਮੂਲੀਅਤ ਨੂੰ ਭੂਗੋਲਿਕ ਹੱਦਾਂ ਤੋਂ ਪਾਰ ਹੋਣ ਵਾਲੀ ਸਮੂਹਿਕ ਵਚਨਬੱਧਤਾ ਦੀ ਇੱਕ ਉਦਾਹਰਣ ਵਜੋਂ ਦਰਸਾਇਆ। ਮੈਰਿਟ ਅਧਾਰਤ ਸ਼ਾਸਨ ਅਤੇ ਵਿਕਾਸ 'ਤੇ ਪਾਰਟੀ ਦੇ ਫੋਕਸ ਨੂੰ ਦੁਹਰਾਉਂਦੇ ਹੋਏ, ਉਨ੍ਹਾਂ ਨੇ ਭਰੋਸਾ ਦਿਵਾਇਆ ਕਿ 'ਆਪ' ਪੰਜਾਬ ਦੇ ਲੋਕਾਂ ਲਈ ਅਣਥੱਕ ਮਿਹਨਤ ਕਰਦੀ ਰਹੇਗੀ।

'ਆਪ' ਪੰਜਾਬ ਦੇ ਨਵੇਂ ਨਿਯੁਕਤ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਇਸ ਅਹਿਮ ਭੂਮਿਕਾ ਲਈ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ ਅਤੇ ਸੰਦੀਪ ਪਾਠਕ ਦਾ ਧੰਨਵਾਦ ਕੀਤਾ। ਕਲਸੀ ਨੇ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਪ੍ਰਭਾਵਸ਼ਾਲੀ ਨਤੀਜੇ ਦੇਣ ਲਈ ਅਣਥੱਕ ਯਤਨ ਕਰਨ ਲਈ ਵਚਨਬੱਧਤਾ ਨੂੰ ਜਾਹਰ ਕੀਤਾ। ਉਨ੍ਹਾਂ ਕਿਹਾ ਸਾਡਾ ਫੋਕਸ ਪਾਰਟੀ ਦੀ ਸਫ਼ਲਤਾ ਅਤੇ ਲੋਕਾਂ ਦੇ ਮੁੱਦਿਆਂ ਨੂੰ ਹੱਲ ਕਰਨਾ ਹੈ।

ਕਲਸੀ ਨੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਰਪਣ ਅਤੇ ਫੋਕਸ ਨਾਲ ਨਿਭਾਉਣ ਦੇ ਆਪਣੇ ਇਰਾਦੇ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਸੀਂ ਆਪ 'ਪੰਜਾਬ ਦੇ ਸੀਨੀਅਰ ਨੇਤਾਵਾਂ ਨਾਲ ਮਿਲ ਕੇ ਕੰਮ ਕਰਾਂਗੇ ਤਾਂ ਜੋ ਪ੍ਰਭਾਵਸ਼ਾਲੀ ਫੈਸਲੇ ਲੈਣ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਪਾਰਟੀ ਲੀਡਰਸ਼ਿਪ ਅਤੇ ਵਰਕਰਾਂ ਨੂੰ ਪੰਜਾਬ ਦੇ ਲੋਕਾਂ ਲਈ ਸਾਰਥਕ ਨਤੀਜੇ ਲਿਆਉਣ ਦਾ ਭਰੋਸਾ ਦਿੱਤਾ।

ਲੀਡਰਸ਼ਿਪ ਦੀ ਇਹ ਫੇਰਬਦਲ 'ਆਪ' ਦੇ ਲੀਡਰਾਂ ਦੀ ਤਾਕਤ ਦਾ ਲਾਭ ਉਠਾ ਕੇ ਪੰਜਾਬ 'ਚ ਆਪਣੀ ਗਤੀ ਬਰਕਰਾਰ ਰੱਖਣ ਦੀ ਰਣਨੀਤੀ ਨੂੰ ਦਰਸਾਉਂਦੀ ਹੈ। ਸ਼ਾਸਨ ਅਤੇ ਚੋਣ ਸਫਲਤਾ ਦੇ ਟਰੈਕ ਰਿਕਾਰਡ ਦੇ ਨਾਲ, ਨਵੀਂ ਲੀਡਰਸ਼ਿਪ ਟੀਮ ਤੋਂ ਉਮੀਦ ਹੈ ਕਿ ਉਹ ਪਾਰਟੀ ਨੂੰ ਹੋਰ ਵੀ ਵੱਡੀਆਂ ਪ੍ਰਾਪਤੀਆਂ ਵੱਲ ਲੈ ਕੇ ਜਾਵੇਗੀ।

# ਕੇਅਰ ਕੰਪੈਨੀਅਨ ਪ੍ਰੋਗਰਾਮ ਬਾਰੇ ਸੈਮੀਨਾਰ ਕਰਵਾਇਆ



**ਤਰਨ ਤਾਰਨ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲਾ ਤਰਨ ਤਰਨ ਦੇ ਕਾਰਜਕਾਰੀ ਸਿਵਲ ਸਰਜਨ ਡਾਕਟਰ ਵਰਿੰਦਰ ਪਾਲ ਕੌਰ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੋਇਆਂ ਜ਼ਿਲਾ ਨੋਡਲ ਅਫਸਰ ਡਾਕਟਰ ਸੁਖਜਿੰਦਰ ਸਿੰਘ ਵੱਲੋਂ ਸਿਵਿਲ ਹਸਪਤਾਲ ਤਰਨ ਵਿਖੇ ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਹਸਪਤਾਲ ਵਿਖੇ ਆਏ ਮਰੀਜ਼ਾਂ ਦੇ ਪਰਿਵਾਰਿਕ ਮੈਂਬਰਾਂ ਅਤੇ ਨਰਸਿੰਗ ਦੀਆਂ ਵਿਦਿਆਰਥਨਾਂ ਨੂੰ ਇਸ ਪ੍ਰੋਗਰਾਮ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਡਾਕਟਰ ਅਨੰਇਆ ਨੇ ਵੀ ਮੌਜੂਦ ਰਹੇ।

ਇਸ ਮੌਕੇ ਡਾਕਟਰ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਮਰੀਜ਼ਾਂ ਜੀ ਜਲਦ ਤੋਂ ਜਲਦ ਤੰਦਰੁਸਤੀ ਨੂੰ ਧਿਆਨ ਵਿੱਚ ਰੱਖਦਿਆਂ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਕਿਹਾ ਕਿ ਸੈਮੀਨਾਰ ਦੌਰਾਨ ਸਿਹਤ ਕਰਮੀਆਂ ਅਤੇ ਮਰੀਜ਼ ਦੇ ਪਰਿਵਾਰਕ ਮੈਂਬਰਾਂ ਦੀਆਂ ਮਰੀਜ਼ ਪ੍ਰਤੀ ਬਣਦੀਆਂ ਜਿੰਮੇਵਾਰੀਆਂ ਬਾਰੇ ਦੱਸਿਆ ਗਿਆ ਹੈ ਤਾਂ ਜੋ ਮਰੀਜ਼ ਵਿਅਕਤੀ ਸਿਹਤਯਾਬ ਹੋਵੇ।

ਡਾਕਟਰ ਸੁਖਜਿੰਦਰ ਨੇ ਦੱਸਿਆ ਕਿ ਇਸ ਸੈਮੀਨਾਰ ਮੌਕੇ ਗਰਭਵਤੀ ਮਹਿਲਾਵਾਂ ਦੀ ਚੰਗੀ ਸਿਹਤ ਬਾਰੇ ਵੀ ਜਾਣਕਾਰੀ ਮੁਹਈਆ ਕਰਵਾਈ ਗਈ ਉਹਨਾਂ ਕਿਹਾ ਕਿ ਗਰਵ ਦੌਰਾਨ ਮਹਿਲਾਵਾਂ ਨੂੰ ਸਭ ਤੋਂ ਵੱਧ ਦੇਖਭਾਲ ਦੀ ਜਰੂਰਤ ਹੁੰਦੀ ਹੈ ਅਤੇ ਇਸ ਸਮੇਂ ਪਰਿਵਾਰ ਅਤੇ ਸਿਹਤ ਕਰਮੀਆਂ ਦੀ ਉਸ ਪ੍ਰਤੀ ਜ਼ਿਮੇਵਾਰੀ ਬਹੁਤ ਲਾਜ਼ਮੀ ਹੈ ਤਾਂ ਜੋ ਉਸ ਦੀ ਸਿਹਤ ਅਤੇ ਉਸਦੇ ਆਉਣ ਵਾਲੇ ਬੱਚੇ ਦੀ ਤੰਦਰੁਸਤੀ ਕਾਇਮ ਰਹੇ।

ਇਸ ਤੋਂ ਇਲਾਵਾ ਡਾਕਟਰ ਸੁਖਜਿੰਦਰ ਨੇ ਦੱਸਿਆ ਕਿ ਕੇਅਰ ਕੰਪੈਨੀਅਨ ਪ੍ਰੋਗਰਾਮ ਦੇ ਵਿੱਚ ਜੱਚਾ ਬੱਚਾ ਸਿਹਤ ਸੰਭਾਲ ਤੋਂ ਇਲਾਵਾ ਜਨਰਲ, ਸਰਜੀਕਲ ਵਾਰਡ ਅਤੇ ਗ਼ੈਰ ਸੰਚਾਰੀ ਰੋਗਾਂ ਦੇ ਮਰੀਜ਼ਾਂ ਪ੍ਰਤੀ ਸੇਵਾਵਾਂ ਤੋਂ ਜਾਣੂ ਕਰਵਾਇਆ। ਉਹਨਾਂ ਦੱਸਿਆ ਕਿ ਮਰੀਜ਼ ਨੂੰ ਇਲਾਜ ਦੇ ਨਾਲ ਨਾਲ ਸਹੀ ਵਤੀਰਾ ਤੂੰ ਵੀ ਤੰਦਰੁਸਤ ਹੋਣ ਲਈ ਹਲਾਸ਼ਰੀ ਮਿਲਦੀ ਹੈ।

ਡਾਕਟਰ ਸੁਖਜਿੰਦਰ ਨੇ ਦੱਸਿਆ ਕਿ ਭਵਿੱਖ ਦੇ ਵਿੱਚ ਕੇਅਰ ਕੰਪੈਨੀਅਨ ਪ੍ਰੋਗਰਾਮ ਬਾਰੇ ਸੈਮੀਨਾਰ ਜਿਲੇ ਦੇ ਵੱਖ-ਵੱਖ ਬਲਾਕਾਂ ਦੇ ਵਿੱਚ ਲਗਾਈ ਜਾਣਗੀਆਂ।

# ਵਿਦਿਆਰਥੀਆਂ ਨੂੰ ਮੋਟਰ ਵਹੀਕਲ ਐਕਟ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਬਾਰੇ ਦਿੱਤੀ ਜਾਣਕਾਰੀ



**ਗੁਰਦਾਸਪੁਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਸੈਕਟਰੀ ਸ਼੍ਰੀਮਤੀ ਰਮਨੀਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਵੱਲੋਂ ਆਦਰਸ਼ ਵਿਦਿਆ ਮੰਦਿਰ ਹਾਈ ਸਕੂਲ ਧਾਰੀਵਾਲ ਦੇ ਡਾਇਰੈਕਟਰ ਸ਼੍ਰੀ ਕੁਲਭੂਸ਼ਨ ਅਤੇ ਪ੍ਰਿੰਸੀਪਲ ਸਵਿਤਾ ਮਹਾਜਨ ਦੇ ਸਹਿਯੋਗ ਨਾਲ ਅਤੇ ਸ਼੍ਰੀ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਧਾਰੀਵਾਲ ਦੇ ਪ੍ਰਿੰਸੀਪਲ ਸ਼੍ਰੀਮਤੀ ਬਰਿੰਦਰ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਦੇ ਸਹਿਯੋਗ ਨਾਲ ਸੈਮੀਨਾਰ ਲਗਾਏ ਗਏ ।

ਸੈਮੀਨਾਰਾਂ ਵਿੱਚ ਐਡਵੋਕੇਟ ਵਿਕਰਮ ਕਪਿਲ ਅਤੇ ਟਰੈਫਿਕ ਐਜੂਕੇਸ਼ਨ ਸੈਲ ਵੱਲੋਂ ਏ.ਐਸ.ਆਈ ਸੰਜੀਵ ਕੁਮਾਰ ਏ.ਐਸ.ਆਈ ਅਮਨਦੀਪ ਸਿੰਘ ਮੌਜੂਦ ਸਨ।

ਸੈਮੀਨਾਰਾਂ ਵਿੱਚ ਵਿੱਚ ਐਡਵੋਕੇਟ ਸ੍ਰੀ ਵਿਕਰਮ ਕਪਿਲ ਨੇ ਬੱਚਿਆਂ ਨੂੰ ਲੀਗਲ ਸਰਵਿਸ ਅਥਾਰਟੀ ਵੱਲੋਂ ਮਿਲਣ ਵਾਲੀਆਂ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਔਰਤਾਂ ਦੀ ਰੱਖਿਆ ਸਬੰਧੀ ਕਾਨੂੰਨਾਂ ਬਾਰੇ ਦੱਸਿਆ ਅਤੇ ਇਸ ਦੇ ਨਾਲ ਨਾਲ ਹੈਲਪਲਾਈਨ ਨੰਬਰ 15100 ਬਾਰੇ ਵੀ ਜਾਣਕਾਰੀ ਦਿੱਤੀ ਗਈ।

ਏ.ਐਸ.ਆਈ ਸੰਜੀਵ ਕੁਮਾਰ ਅਤੇ ਏ.ਐਸ.ਆਈ ਅਮਨਦੀਪ ਸਿੰਘ ਨੇ ਬੱਚਿਆਂ ਨੂੰ ਰੋਡ ਸੇਫਟੀ ਬਾਰੇ ਜਾਣਕਾਰੀ ਦਿੰਦੇ ਹੋਏ ਦੋ ਪਹੀਆ ਵਾਹਨ ਚਲਾਉਂਦੇ ਹੋਏ ਤਿੰਨ ਤਿੰਨ ਸਵਾਰੀਆਂ ਨਾ ਬੈਠਣ ਅਤੇ ਚਾਰ ਪਈਆ ਵਾਹਨ ਚਲਾਉਂਦੇ ਹੋਏ ਸੀਟ ਬੈਲਟ ਦੀ ਅਹਿਮੀਅਤ ਬਾਰੇ ਦੱਸਿਆ।

ਇਸ ਦੇ ਨਾਲ ਨਾਲ ਡਰਾਈਵਿੰਗ ਲਾਈਸੰਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੋਟਰ ਵਹੀਕਲ ਐਕਟ ਦੇ ਅਨੁਸਾਰ ਨਬਾਲਗ ਬੱਚਿਆਂ ਨੂੰ ਕੋਈ ਵੀ ਵਾਹਨ ਚਲਾਉਣ ਦੀ ਆਗਿਆ ਨਹੀਂ ਹੈ ਜੇਕਰ ਕਿਸੇ ਵੀ ਨਾਬਾਲਗ ਬੱਚੇ ਦਾ ਵਾਹਨ ਚਲਾਉਂਦੇ ਹੋਏ ਮੋਟਰ ਵਹੀਕਲ ਐਕਟ ਦੇ ਅਨੁਸਾਰ ਚਲਾਨ ਹੁੰਦਾ ਹੈ ਤਾਂ ਉਸ ਨੂੰ 25 ਹਜਾਰ ਰੁਪਆ ਜੁਰਮਾਨਾ ਅਤੇ ਉਸ ਦੇ ਮਾਂ ਬਾਪ ਨੂੰ ਤਿੰਨ ਸਾਲ ਤੱਕ ਦੀ ਸਜ਼ਾ ਹੋ ਸਕਦੀ ਹੈ। ਇਸ ਦੇ ਨਾਲ ਨਾਲ ਬੱਚਿਆਂ ਨੂੰ ਟਰੈਫਿਕ ਤੇ ਚਲਾਨਾਂ ਅਤੇ ਉਹਨਾਂ ਦੇ ਜੁਰਮਾਨਿਆਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਇਸ ਦੇ ਨਾਲ ਨਾਲ ਸਕੂਲ ਦੀ ਟਰਾਂਸਪੋਰਟ ਮੈਨੇਜਮੈਂਟ ਕਮੇਟੀ ਨੂੰ ਸੇਫ ਸਕੂਲ ਵਾਹਨ ਪਾਲਸੀ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਸੈਮੀਨਾਰਾਂ ਵਿੱਚ ਹਾਜ਼ਰ ਸਕੂਲਾਂ ਦੇ ਡਾਇਰੈਕਟਰ ਕਲਬੂਸ਼ਨ ਅਤੇ ਪ੍ਰਿੰਸੀਪਲ ਸਵਿਤਾ ਮਹਾਜਨ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਪ੍ਰਿੰਸੀਪਲ ਬਰਿੰਦਰ ਕੌਰ ਨੇ ਬੱਚਿਆਂ ਨੂੰ ਲੀਗਲ ਸਰਵਿਸ ਅਥਾਰਟੀ ਵੱਲੋਂ ਮਿਲਣ ਵਾਲੀਆਂ ਸੇਵਾਵਾਂ ਬਾਰੇ ਜਾਣਕਾਰੀ ਦੇਣ ਤੇ ਆਏ ਹੋਏ ਸਾਰੇ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਸੁਪਰ ਸੀਡਰਾਂ ਨੇ ਫਾਜ਼ਿਲਕਾ ਦੇ ਕਿਸਾਨਾਂ ਨੂੰ ਬਣਾਇਆ ਸਮਾਰਟ ਕਿਸਾਨ

**ਫਾਜ਼ਿਲਕਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨ ਹਰ ਨਵੀਂ ਤਕਨੀਕ ਨੂੰ ਅਪਨਾਉਣ ਵਿਚ ਮੋਹਰੀ ਰਹਿੰਦੇ ਹਨ। ਫਸਲੀ ਵਿਭਿੰਨਤਾ ਦੇ ਰੰਗ ਵੀ ਸਭ ਤੋਂ ਵੱਧ ਇਸੇ ਜ਼ਿਲ੍ਹੇ ਵਿਚ ਵਿਖਾਈ ਦਿੰਦੇ ਹਨ। ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਅਪਨਾ ਕੇ ਪਾਣੀ ਦੀ ਬਚਤ ਕਰਨ ਵਿਚ ਵੀ ਇਸ ਸਰਹੱਦੀ ਜ਼ਿਲ੍ਹੇ ਦੀ ਪੰਜਾਬ ਵਿਚ ਝੰਡੀ ਹੈ। ਹੁਣ ਪਰਾਲੀ ਨੂੰ ਬਿਨ੍ਹਾਂ ਸਾੜੇ ਨਵੀਂਆਂ ਮਸ਼ੀਨਾਂ ਨਾਲ ਕਣਕ ਦੀ ਬਿਜਾਈ ਵਿਚ ਵੀ ਇਹ ਜ਼ਿਲ੍ਹਾ ਆਪਣੀ ਵੱਖਰੀ ਪਹਿਚਾਣ ਬਣਾ ਰਿਹਾ ਹੈ।

ਪਿੰਡ ਭੰਬਾ ਵੱਟੂ ਵਿਚ ਸੁਪਰ ਸੀਡਰ ਨਾਲ ਕਣਕ ਦੀ ਬਿਜਾਈ ਕਰ ਰਹੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ: ਸੰਦੀਪ ਰਿਣਵਾਂ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨਾਂ ਦੀ ਇਹੀ ਖਾਸੀਅਤ ਹੈ ਕਿ ਹਰ ਨਵੀਂ ਤਕਨੀਕ ਨੂੰ ਅਪਨਾਉਣ ਵਿਚ ਝਿਜਕ ਨਹੀਂ ਕਰਦੇ ਹਨ ਅਤੇ ਇਸੇ ਕਾਰਨ ਇਹ ਨਵੀਂਆਂ ਤਕਨੀਕਾਂ ਨਾਲ ਆਪਣੀ ਖੇਤੀ ਨੂੰ ਨਵੇਂ ਮੁਕਾਮਾਂ ਤੇ ਲੈ ਕੇ ਜਾਂਦੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਇਸ ਜ਼ਿਲ੍ਹੇ ਦੇ ਕਿਸਾਨਾਂ ਨੇ ਪਰਾਲੀ ਪ੍ਰਬੰਧਨ ਸਬੰਧੀ ਜਿਲ਼ ?ਹਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਕੇ ਐਕਸ ਸੀਟੂ ਅਤੇ ਇਨ ਸੀਟੂ ਦੋਨਾਂ ਤਰੀਕਿਆਂ ਨਾਲ ਪਰਾਲੀ ਸੰਭਾਲੀ ਹੈ। ਐਕਸ ਸੀਟੂ ਤੋਂ ਬਾਅਦ ਹੁਣ ਕਿਸਾਨ ਇਨ ਸੀਟੂ ਤਰੀਕੇ ਨੂੰ ਤਰਜੀਹ ਦੇਣ ਲੱਗੇ ਹਨ ਕਿਉਂਕਿ ਇਸ ਤਰੀਕੇ ਵਿਚ ਪੋਸ਼ਕ ਤੱਤਾਂ ਨਾਲ ਭਰਪੂਰ ਪਰਾਲੀ ਖੇਤ ਵਿਚ ਰਹਿ ਜਾਂਦੀ ਹੈ ਅਤੇ ਮਸ਼ੀਨਾਂ ਨਾਲ ਇਸਨੂੰ ਮਿੱਟੀ ਵਿਚ ਮਿਲਾ ਕੇ ਕਣਕ ਦੀ ਬਿਜਾਈ ਕੀਤੀ ਜਾਂਦੀ ਹੈ। ਇਸ ਦੇ ਨਤੀਜੇ ਵਜੋਂ ਜਮੀਨ ਦੀ ਉਪਜਾਊ ਸ਼ਕਤੀ ਵੱਧ ਰਹੀ ਹੈ ਅਤੇ ਜਮੀਨ ਵਿਚ ਪਰਾਲੀ ਮਿਲਾਉਣ ਨਾਲ ਜਮੀਨ ਵਿਚ ਕਾਰਬਨਿਕ ਮਾਦੇ ਵਿਚ ਵਾਧਾ ਹੋ ਰਿਹਾ ਹੈ ਜੋ ਕਿ ਸਿਹਤਮੰਦ ਜਮੀਨ ਦੀ ਵੱਡੀ ਨਿਸਾਨੀ ਹੈ।

# ਆਵਰ ਲੇਡੀ ਆਫ ਫਾਤਮਾ ਕਾਨਵੈਂਟ ਸਕੂਲ ਪਟਿਆਲਾ ਵਿਖੇ ਦੋ ਰੋਜਾ ਸਲਾਨਾ ਸਮਾਗਮ ਆਯੋਜਿਤ

## ਸਾਨੂੰ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣੇ ਚਾਹੀਦੇ ਹਨ: ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ




ਅਵਰ ਲੇਡੀ ਆਫ ਫਾਤਮਾ ਕਾਨਵੈਂਟ ਸਕੂਲ ਪਟਿਆਲਾ ਵਿੱਚ ਹੋਏ ਸੱਭਿਆਚਾਰਕ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਪ੍ਰਿੰਸੀਪਲ ਸਿਸਟਰ ਇਮੈਕੂਲੇਟ ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ।

**ਪਟਿਆਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦਿਆ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਅਵਰ ਲੇਡੀ ਆਫ ਫ਼ਾਤਮਾ ਕਾਨਵੈਂਟ ਸਕੂਲ ਪਟਿਆਲਾ ਵੱਲੋਂ ਦੋ ਰੋਜਾ ਸਲਾਨਾ ਵਿਦਿਆਰਥੀਆਂ ਦਾ ਸੱਭਿਆਚਾਰ ਸਮਾਰੋਹ ਅੱਜ ਪਹਿਲੇ ਦਿਨ ਸ਼ੁਰੂ ਕੀਤਾ ਗਿਆ। ਇਸ ਸਲਾਨਾ ਸਮਾਗਮ ਦੀ ਸ਼ੁਰੂਆਤ ਪਟਿਆਲਾ ਦੇ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਵੱਲੋਂ ਦੀਪ ਮਾਲਾ ਜਗਾ ਕੇ ਕੀਤੀ ਗਈ। ਡਿਪਟੀ ਕਮਿਸ਼ਨਰ ? ਪਟਿਆਲਾ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣ ਦੇ ਨਾਲ ਨਾਲ ਵਿਦਿਆ ਦਾ ਗਿਆਨ ਦੇਣਾ ਵੀ ਜਰੂਰੀ ਹੈ। ਉਹਨਾਂ ਵਿਦਿਆਰਥੀਆਂ ਵੱਲੋਂ ਕੀਤੇ ਸੱਭਿਆਚਾਰਕ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕੀਤੀ। ਸ. ਕਿਰਪਾਲਵੀਰ ਸਿੰਘ (ਸਬ ਡਿਵੀਜ਼ਨਲ ਮੈਜਿਸਟਰੇਟ) ਫਾਦਰ ਡੋਮਿਨਿਕ ਬੋਸਕੋ ਅਤੇ ਸ. ਸ਼ਿਵਦੁਲਾਰ ਸਿੰਘ (ਆਈ.ਏ.ਐਸ, ਸਾਬਕਾ) ਮੁੱਖ ਮਹਿਮਾਨ ਦੇ ਤੌਰ ਤੇ ਹਾਜ਼ਰ ਹੋਏ। ਸਕੂਲ ਦੇ ਪ੍ਰਿੰਸੀਪਲ ਸਿਸਟਰ ਇਮੈਕੂਲੇਟ ਦੀ ਪ੍ਰਧਾਨਗੀ ਹੇਠ ਸਮਾਗਮ ਨੂੰ ਭਰਪੂਰ ਜਸ਼ਨਾਂ, ਸਕੂਲ ਸਟਾਫ ਵੱਲੋਂ ਸਲਾਨਾ ਸਕੂਲ ਦੀ ਰਿਪੋਰਟ ਪੇਸ਼ ਕੀਤੀ ? ਗਈ ਅਤੇ ਦਸਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਵੀ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ ਸਮਾਗਮ ਚ ਵਿਦਿਆਰਥੀਆਂ ਨੇ ਵਾਤਾਵਰਨ ਦੀ ਸੰਭਾਲ ਅਨੁਸ਼ਾਸਨ ਸਿੱਖਿਆ ਚੰਗੇ ਅਤੇ ਬੁਰੇ ਚ ਫਰਕ ਸਮਾਜ ਸੇਵਾ ਦੇਸ਼ ਭਗਤੀ ਵਾਲੇ ਪ੍ਰੋਗਰਾਮ ਪੇਸ਼ ਕਰਕੇ ਸਭ ਨੂੰ ਪ੍ਰਭਾਵਿਤ ਕੀਤਾ ਅਖੀਰ ਚ ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਮੁੱਖ ਮਹਿਮਾਨਾਂ ਅਤੇ ਬੱਚਿਆਂ ਦੇ ਮਾਤਾ ਪਿਤਾ ਨੂੰ ਸਮਾਗਮ ਸ਼ਾਮਲ ਹੋਣ ਲਈ ਧੰਨਵਾਦ ਕੀਤਾ ਗਿਆ।

# ਸਰਕਾਰੀ ਕਾਲਜ ਰੋਪੜ ਦੇ ਖਿਡਾਰੀਆਂ ਨੇ ਅੰਤਰ ਕਾਲਜ ਕਰਾਟੇ ਖੇਡ ਮੁਕਾਬਲਿਆਂ 'ਚ ਕੀਤੀ ਪ੍ਰਾਪਤੀ

**ਰੂਪ ਨਗਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਕਾਲਜ ਕਰਾਟੇ (ਲੜਕੇ/ਲੜਕੀਆਂ) ਖੇਡ ਮੁਕਾਬਲੇ ਯੂਨੀਵਰਸਿਟੀ ਕੈਂਪਸ ਵਿਖੇ ਕਰਵਾਏ ਗਏ, ਜਿਸ ਵਿੱਚ ਸਰਕਾਰੀ ਕਾਲਜ ਰੋਪੜ ਦੇ ਖਿਡਾਰੀਆਂ ਨੇ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ 1 ਸਿਲਵਰ ਅਤੇ 3 ਬ੍ਰਾਊਂਜ ਮੈਡਲ ਹਾਸਲ ਕਰਕੇ ਸ਼ਾਨਦਾਰ ਪ੍ਰਾਪਤੀ ਕੀਤੀ। ਕਾਲਜ ਪ੍ਰਿੰਸੀਪਲ ਜਤਿੰਦਰ ਸਿੰਘ ਗਿੱਲ ਨੇ ਖਿਡਾਰੀਆਂ ਨੂੰ ਇਸ ਪ੍ਰਾਪਤੀ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਖਿਡਾਰੀ ਅੱਗੇ ਵਧਣ ਲਈ ਅਨੁਸਾਸ਼ਨ ਵਿੱਚ ਰਹਿ ਕੇ ਹੋਰ ਵੱਡੀਆਂ ਪ੍ਰਾਪਤੀਆਂ ਕਰਨ। ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਹਰਜੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਖਿਡਾਰੀ ਜਤਿੰਦਰ ਸਿੰਘ ਨੇ -75 ਕਿ.ਗ੍ਰਾ ਭਾਰ ਵਰਗ ਵਿੱਚ ਸਿਲਵਰ ਮੈਡਲ, ਆਜ਼ਿਮ ਰਜ਼ਾ ਨੇ +75 ਕਿ.ਗ੍ਰਾ ਭਾਰ ਵਰਗ ਵਿੱਚ ਬ੍ਰਾਊਂਜ ਮੈਡਲ, ਨਵਜੋਤ ਸਿੰਘ +85 ਕਿ.ਗ੍ਰਾ ਭਾਰ ਵਰਗ ਵਿੱਚ ਬ੍ਰਾਊਂਜ ਮੈਡਲ ਅਤੇ ਤਰੁਨਪ੍ਰੀਤ ਕੌਰ ਨੇ -50 ਕਿ.ਗ੍ਰਾ. ਭਾਰ ਵਰਗ ਵਿੱਚ ਬ੍ਰਾਊਂਜ ਮੈਡਲ ਹਾਸਲ ਕੀਤਾ ਅਤੇ ਕਾਲਜ ਦਾ ਮਾਣ ਵਧਾਇਆ ਹੈ।

# ਸਰਕਾਰੀ ਸਕੂਲਾਂ ਦੇ ਵਿਦਿਆਰਥੀ ਪੰਜਾਬ ਦੇ ਸੱਭਿਆਚਾਰ ਲੋਕ ਨਾਚਾਂ ਅਤੇ ਲੋਕ ਗੀਤਾਂ ਨਾਲ ਕਰ ਰਹੇ ਨੇ ਭਰਪੂਰ ਮਨੋਰੰਜਨ



**ਪਟਿਆਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ 68ਵੀਂ ਨੈਸ਼ਨਲ ਸਕੂਲ ਖੇਡਾਂ ਦੇ ਬਾਸਕਟਬਾਲ ਟੂਰਨਾਮੈਂਟ ਜੋ ਕਿ ਪਟਿਆਲਾ ਵਿਖੇ ਚੱਲ ਰਹੀਆਂ ਹਨ ਵਿੱਚ ਮਹਿਮਾਨ ਖਿਡਾਰੀ ਅਤੇ ਕੋਚ ਗਿੱਧਾ, ਲੁੱਡੀ, ਭੰਗੜਾ, ਮਲਵਈ ਗਿੱਧਾ ਅਤੇ ਲੋਕ ਗੀਤਾਂ ਦਾ ਅਨੰਦ ਮਾਣ ਰਹੇ ਹਨ। ਸੱਭਿਆਚਾਰ ਪ੍ਰੋਗਰਾਮ ਕੋਆਰਡੀਨੇਟਰ ਪ੍ਰਿੰਸੀਪਲ ਡਾ: ਕਰਮਜੀਤ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਨੌਰ ਅਤੇ ਪ੍ਰਿੰਸੀਪਲ ਮਨਦੀਪ ਕੌਰ ਅੰਟਾਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਓਲਡ ਪੁਲਿਸ ਲਾਈਨ ਪਟਿਆਲਾ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਸ਼ਰਮਾ ਦੀ ਨਿਗਰਾਨੀ ਅਧੀਨ ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਸਕੂਲ ਦੇ ਬੱਚਿਆਂ ਨੇ ਬਾਹਰਲੇ ਰਾਜਾਂ ਤੋਂ ਆਏ ਖਿਡਾਰੀਆਂ ਦਾ ਪੰਜਾਬ ਦੇ ਸੱਭਿਆਚਾਰ ਲੋਕ ਨਾਚਾਂ ਅਤੇ ਲੋਕ ਗੀਤਾਂ ਨਾਲ ਭਰਪੂਰ ਮਨੋਰੰਜਨ ਕੀਤਾ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਓਲਡ ਪੁਲਿਸ ਲਾਈਨ, ਸਰਕਾਰੀ ਸੀਨੀਅਰ ਸੈਕੰਡਰੀ ਸਿਵਲ ਲਾਇਨਜ਼ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਡਲ ਟਾਊਨ ਦੀਆਂ ਕੁੜੀਆਂ ਨੇ ਮਿਲ ਕੇ ਲੋਕ ਗੀਤ 'ਮਿਰਜ਼ਾ' ਤੇ ਕੋਰੀਓਗ੍ਰਾਫੀ ਕੀਤੀ ਅਤੇ 'ਮਿਰਜ਼ਾ' ਲੋਕ ਗੀਤ ਬਲਜੀਤ ਕੌਰ ਨੇ ਉੱਚੀ ਹੇਕ ਨਾਲ ਗਾਇਆ। ਪ੍ਰਿੰਸੀਪਲ ਡਾ: ਰਜਨੀਸ਼ ਗੁਪਤਾ ਦੀ ਅਗਵਾਈ ਅਤੇ ਸੰਗੀਤ ਅਧਿਆਪਕ ਪਰਗਟ ਸਿੰਘ ਦੀ ਦੇਖ ਰੇਖ ਹੇਠ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਦੇ ਬੱਚਿਆਂ ਨੇ ਪੰਜਾਬੀ ਲੋਕ ਨਾਚ ਮਲਵਈ ਗਿੱਧਾ ਪਾ ਕੇ ਬਾਹਰੀ ਰਾਜਾਂ ਦੇ ਬੱਚਿਆਂ ਨੂੰ ਵੀ ਝੂਮਣ ਲਾ ਦਿੱਤਾ। ਸਰਕਾਰੀ ਸੀਨੀਅਰ ਸੈਕੰਡਰੀ ਸਨੌਰ ਦੀਆਂ ਕੁੜੀਆਂ ਨੇ ਪੰਜਾਬੀ ਲੋਕ ਨਾਚ 'ਲੁੱਡੀ' ਦੀ ਪੇਸ਼ਕਾਰੀ ਬਾ-ਕਮਾਲ ਕੀਤੀ ਜਿਸ ਨਾਲ ਖਿਡਾਰਨਾਂ ਅਤੇ ਅਤੇ ਮਹਿਲਾ ਕੋਚਾਂ ਦੇ ਵੀ ਪੈਰ ਨੱਚਣ ਲਈ ਆਪਣੇ-ਆਪ ਉੱਠ ਗਏ। ਇਹਨਾਂ ਪੇਸ਼ਕਾਰੀਆਂ ਦੀ ਤਿਆਰੀ ਲਈ ਕਿਰਨ ਸ਼ਰਮਾ ਲੈਕਚਰਾਰ, ਲੈਕਚਰਾਰ ਸਰਬਜੀਤ ਕੌਰ ਓਪੀਐਲ ਸਕੂਲ, ਲੈਕਚਰਾਰ ਰਜਨੀ ਓਪੀਐਲ ਸਕੂਲ, ਲੈਕਚਰਾਰ ਪੁਸ਼ਪਿੰਦਰ ਕੌਰ ਸਿਵਲ ਲਾਇਨਜ਼ ਸਕੂਲ, ਲੈਕਚਰਾਰ ਸੁਖਦੀਪ ਸਿੰਘ ਸਿਵਲ ਲਾਇਨਜ਼ ਸਕੂਲ, ਕਮਲਜੀਤ ਕੌਰ ਮਿਊਜ਼ਿਕ ਟੀਚਰ ਮਾਡਲ ਟਾਊਨ ਸਕੂਲ, ਸੰਦੀਪ ਕੌਰ ਡੀਪੀਈ ਸਕੱਸਸਸ ਸਨੌਰ, ਨਵਕੀਰਤ ਕੌਰ ਡਾਂਸ ਟੀਚਰ ਸਕੱਸਸਸ ਸਨੌਰ, ਵਰਿੰਦਰਜੀਤ ਕੌਰ ਮਿਊਜ਼ਿਕ ਟੀਚਰ ਸਕੱਸਸਸ ਸਨੌਰ, ਗਗਨਦੀਪ ਕੌਰ ਜ਼ਿਲ੍ਹਾ ਸਾਇੰਸ ਮੈਂਟਰ ਸਿਵਲ ਲਾਇਨਜ਼ ਸਕੂਲ ਨੇ ਵਡਮੁੱਲਾ ਸਹਿਯੋਗ ਦਿੱਤਾ। ਇਸ ਮੌਕੇ ਟੂਰਨਾਮੈਂਟ ਆਰਗੇਨਾਈਜ਼ਿੰਗ ਇੰਚਾਰਜ ਜਸਪਾਲ ਸਿੰਘ ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ ਮੰਡੌਰ, ਪ੍ਰਿੰਸੀਪਲ ਡਾ: ਰਜਨੀਸ਼ ਗੁਪਤਾ ਆਬਜ਼ਰਵਰ, ਮਨਮੋਹਨ ਸਿੰਘ ਬਾਠ, ਅਮਿਤ ਕੁਮਾਰ ਹੈੱਡ ਮਾਸਟਰ, ਰਾਜਿੰਦਰ ਸਿੰਘ ਚਾਨੀ, ਜਸਵਿੰਦਰ ਸਿੰਘ ਗੱਜੂਮਾਜਰਾ, ਪ੍ਰਵੇਸ਼, ਹਰੀਸ਼ ਕੁਮਾਰ ਵੀ ਮੌਜੂਦ ਸਨ।

# ਬੱਚਿਆਂ ਨੂੰ ਮੈਚ ਖਿਡਾ ਕੇ ਖੇਡ ਅਧਿਆਪਕਾਂ ਅਤੇ ਕੋਚਾਂ ਨੂੰ ਥਕਾਵਟ ਘੱਟ ਅਤੇ ਸਕੂਨ ਜ਼ਿਆਦਾ ਮਿਲਦਾ ਹੈ: ਕੋਚ ਅਮਰਜੋਤ

## ਸਵੇਰ ਤੋਂ ਸ਼ਾਮ ਤੱਕ ਚੱਲਦੇ ਮੈਚਾਂ ਵਿੱਚ ਖਿਡਾਰੀਆਂ ਦੇ ਨਾਲ ਨਾਲ ਮੈਚ ਆਫੀਸ਼ੀਅਲ ਵੀ ਸਾਰਾ ਦਿਨ ਰੁੱਝੇ ਰਹੇ: ਜਸਪਾਲ ਸਿੰਘ

**ਪਟਿਆਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਪਟਿਆਲਾ ਸ਼ਹਿਰ ਦੇ ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਾਸੀ ਰੋਡ ਅਤੇ ਮਿਡਲ ਬ੍ਰਾਂਚ ਪੰਜਾਬੀ ਬਾਗ ਵਿੱਚ ਕੌਮੀ ਪੰਜਾਬ ਸਕੂਲ ਖੇਡਾਂ 2024-25 ਦੇ ਬਾਸਕਟਬਾਲ ਲੜਕੇ ਅਤੇ ਲੜਕੀਆਂ ਅੰਡਰ-19 ਦੇ ਲੀਗ ਮੁਕਾਬਲੇ ਤੀਜੇ ਦਿਨ ਵੀ ਜਾਰੀ ਰਹੇ। ਡਾ: ਰਵਿੰਦਰਪਾਲ ਸਿੰਘ ਡਿਪਟੀ ਡੀਈਓ ਸੈਕੰਡਰੀ ਸਿੱਖਿਆ ਪਟਿਆਲਾ ਨੇ ਕਿਹਾ ਕਿ ਸੰਜੀਵ ਸ਼ਰਮਾ ਡੀਈਓ ਸੈਕੰਡਰੀ ਸਿੱਖਿਆ ਪਟਿਆਲਾ ਦੀ ਦੇਖ-ਰੇਖ ਹੇਠ ਨੈਸ਼ਨਲ ਸਕੂਲ ਖੇਡਾਂ ਦੇ ਬਾਸਕਟਬਾਲ ਮੁਕਾਬਲਿਆਂ ਦਾ ਨਿਰਧਾਰਤ ਸ਼ਡਿਊਲ ਅਨੁਸਾਰ ਚੱਲ ਰਿਹਾ ਹੈ।



ਕੋਚ ਅਮਰਜੋਤ ਸਿੰਘ ਪਟਿਆਲਾ ਨੇ ਕਿਹਾ ਕਿ ਵੱਖ-ਵੱਖ ਰਾਜਾਂ ਤੋਂ ਆਏ ਅੰਡਰ-19 ਖਿਡਾਰੀ ਬਾਸਕਟਬਾਲ ਖੇਡ ਦੇ ਮੈਦਾਨਾਂ ਵਿੱਚ ਮੈਚ ਦੌਰਾਨ ਪੂਰੀ ਖੇਡ ਭਾਵਨਾ ਨਾਲ ਖੇਡ ਰਹੇ ਹਨ। ਇਹਨਾਂ ਦੇ ਨਾਲ ਹੀ ਮੈਚ ਆਫੀਸ਼ੀਅਲ ਵੀ ਆਪਣੇ ਕੌਸ਼ਲ ਅਤੇ ਯੋਗਤਾ ਦਾ ਪ੍ਰਗਟਾਵਾ ਕਰਦਿਆਂ ਸਾਰਾ ਦਿਨ ਵਿਅਸਤ ਰਹਿੰਦੇ ਹਨ। ਇਸ ਮਹੱਤਵਪੂਰਨ ਡਿਊਟੀ ਦੌਰਾਨ ਬੱਚਿਆਂ ਨੂੰ ਮੈਚ ਖਿਡਾ ਕੇ ਥਕਾਵਟ ਘੱਟ ਅਤੇ ਸਕੂਨ ਜ਼ਿਆਦਾ ਮਿਲਦਾ ਹੈ। ਜਸਪਾਲ ਸਿੰਘ ਟੂਰਨਾਮੈਂਟ ਆਰਗੇਨਾਈਜ਼ਿੰਗ ਇੰਚਾਰਜ ਨੇ ਦੱਸਿਆ ਕਿ ਇਸ ਮੌਕੇ ਰਾਜੀਵ ਪੁਰੀ ਬਾਸਕਟਬਾਲ ਖਿਡਾਰੀ ਅਤੇ ਸਾਬਕਾ ਸਹਾਇਕ ਕਮਿਸ਼ਨਰ ਆਮਦਨ ਕਰ ਨੇ ਟੂਰਨਾਮੈਂਟ ਦੌਰਾਨ ਆ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ। ਇਸ ਮੌਕੇ ਆਬਜ਼ਰਵਰ ਅਜੀਤਪਾਲ ਗਿੱਲ, ਦਲਜੀਤ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਸਪੋਰਟਸ, ਪ੍ਰਿੰਸੀਪਲ ਜਸਪਾਲ ਸਿੰਘ ਸਕੂਲ ਆਫ਼ ਐਮੀਨੈਂਸ ਮੰਡੌਰ ਟੂਰਨਾਮੈਂਟ ਆਰਗੇਨਾਈਜ਼ਰ, ਪ੍ਰਿੰਸੀਪਲ ਵਿਜੈ ਕਪੂਰ, ਆਬਜ਼ਰਵਰ ਪ੍ਰਿੰਸੀਪਲ ਡਾ: ਰਜਨੀਸ਼ ਗੁਪਤਾ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ, ਪ੍ਰਿੰਸੀਪਲ ਮਨਮੋਹਨ ਸਿੰਘ ਬਾਠ, ਹੈੱਡ ਮਾਸਟਰ ਜੀਵਨ ਕੁਮਾਰ, ਲਲਿਤ ਸਿੰਗਲਾ ਹੈੱਡ ਮਾਸਟਰ, ਸ਼ੈਲੀ ਸ਼ਰਮਾ ਸਹਸ ਖੇੜੀ ਮੁਸਲਮਾਨੀਆਂ, ਮਿੰਨੀ ਜੋਸ਼ੀ ਹੈੱਡ ਮਿਸਟ੍ਰੈਸ ਸਹਸ ਦੂਧਨ ਸਾਧਾਂ, ਜਗਜੀਤ ਸਿੰਘ ਵਾਲੀਆ, ਕੰਵਲਦੀਪ ਸਿੰਘ ਕੋਚ ਪਟਿਆਲਾ, ਭਵਖੰਡਨ ਸਿੰਘ ਕੋਚ ਜਲੰਧਰ, ਜਸਪਾਲ ਸਿੰਘ ਕੋਚ ਫ਼ਰੀਦਕੋਟ, ਗੁਰਪ੍ਰੀਤ ਸਿੰਘ ਕੋਚ ਪਟਿਆਲਾ, ਸ਼ਾਹਬਾਜ਼, ਪਰਮਜੀਤ ਕੌਰ ਪਟਿਆਲਾ, ਰਾਜਵਿੰਦਰ ਕੌਰ ਜਲੰਧਰ, ਸਵੀਟੀ ਮੋਹਾਲੀ, ਅਨੂਪ ਕੌਰ ਜਲੰਧਰ, ਸੰਜੇ ਠਾਕੁਰ ਹਿਮਾਚਲ ਪ੍ਰਦੇਸ਼ ਬੀ ਐਫ ਆਈ ਰੈਫਰੀ, ਰਾਜ ਕੁਮਾਰ ਪਾਲ ਹਿਮਾਚਲ ਪ੍ਰਦੇਸ਼ ਬੀਐਫਆਈ ਰੈਫਰੀ, ਸਨੀ ਬਹਿਲ ਦਿੱਲੀ ਬੀਐਫਆਈ ਰੈਫਰੀ, ਸਹਿਜਦੀਪ ਸਿੰਘ ਪਟਿਆਲਾ ਬੀਐਫਆਈ ਰੈਫਰੀ, ਜਤਿੰਦਰ ਵਰਮਾ ਕੋਚ ਐਸਏਐਸ ਨਗਰ, ਮੁਕੇਸ਼ ਦਿੱਲੀ, ਬਲਵਿੰਦਰ ਸਿੰਘ ਜੱਸਲ ਪਟਿਆਲਾ, ਸੰਦੀਪ ਖਾਨ ਫ਼ਰੀਦਕੋਟ ਬੀਐਫਆਈ ਰੈਫਰੀ, ਰਣਜੀਤ ਸਿੰਘ ਫ਼ਰੀਦਕੋਟ ਬੀਐਫਆਈ ਰੈਫਰੀ, ਕੰਵਰਦੀਪ ਹਰਿਆਣਾ, ਰਮਨੀਕ ਕੋਚ ਪਟਿਆਲਾ, ਗੁਰਮੀਤ ਸਿੰਘ ਕੋਚ ਪਟਿਆਲਾ, ਦਲਜਿੰਦਰ ਸਿੰਘ ਕੋਚ ਸਨਾਵਰ ਸਕੂਲ, ਮਨਜੀਤ ਇੰਡੀਅਨ ਰੇਲਵੇ, ਵਿਜੇ ਇੰਡੀਅਨ ਰੇਲਵੇ, ਜਸਵਿੰਦਰ ਸੋਢੀ ਬੀਐਫਆਈ ਰੈਫਰੀ ਕਪੂਰਥਲਾ, ਹਰਦੀਪ ਰਾਜ ਗੁਰਦਾਸਪੁਰ, ਹਰਦੀਪ ਹੁਸ਼ਿਆਰਪੁਰ, ਰਾਕੇਸ਼ ਕਪੂਰਥਲਾ, ਵਿਨੇ ਪਟਿਆਲਾ, ਹਰਜਿੰਦਰ ਸਿੰਘ ਹੁਸ਼ਿਆਰਪੁਰ, ਗੁਰਿੰਦਰ ਸਿੰਘ ਖੱਟੜਾ, ਅਮਿਤ ਕੁਮਾਰ ਹੈੱਡ ਮਾਸਟਰ, ਅਮਨਿੰਦਰ ਸਿੰਘ ਬਾਬਾ, ਰਾਜਿੰਦਰ ਸਿੰਘ ਚਾਨੀ ਟੂਰਨਾਮੈਂਟ ਮੀਡੀਆ ਕੋਆਰਡੀਨੇਟਰ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ ਪਟਿਆਲਾ, ਜਸਵਿੰਦਰ ਸਿੰਘ ਗੱਜੂਮਾਜਰਾ ਅਤੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਸੈਲਫ ਮੈਡੀਕੇਸ਼ਨ ਤੋਂ ਪਰਹੇਜ਼ ਕਰਨਾ ਚਾਹੀਦਾ ਸਿਵਲ ਸਰਜਨ ਡਾਕਟਰ ਤਰਸੇਮ ਸਿੰਘ

**ਰੂਪ ਨਗਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਰੂਪਨਗਰ ਡਾਕਟਰ ਤਰਸੇਮ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਿਹਤ ਵਿਭਾਗ ਹਮੇਸ਼ਾ ਹੀ ਲੋਕਾਂ ਦੀ ਨਰੋਈ ਸਿਹਤ ਲਈ ਵਚਨਬੱਧ ਹੈ। ਇਸ ਟੀਚੇ ਦੀ ਪੂਰਤੀ ਲਈ ਸਿਹਤ ਵਿਭਾਗ ਵੱਲੋਂ 18 ਤੋਂ 24 ਨਵੰਬਰ ਤੱਕ ਵਿਸ਼ਵ ਐਂਟੀ ਮਾਈਕਰੋ ਬਿਅਲ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਦਿਨ ਦਾ ਉਦੇਸ਼ ਲੋਕਾਂ ਨੂੰ ਐਂਟੀ ਬਾਇਓਟਿਕ ਦਵਾਈਆਂ ਅਤੇ ਐਂਟੀ-ਮਾਈਕ੍ਰੋਬਾਇਲ ਰਜਿਸਟੈਂਸ ਦਵਾਈਆਂ ਬਾਰੇ ਜਾਗਰੂਕ ਕਰਨਾ ਹੈ।ਅੱਜ ਦੇ ਸਮੇਂ 'ਚ ਬੈਕਟੀਰੀਆ ਨੂੰ ਖਤਮ ਕਰਨ ਵਾਲੀਆਂ ਦਵਾਈਆਂ ਦਾ ਅਸਰ ਕਾਫ਼ੀ ਘਟ ਹੋ ਰਿਹਾ ਹੈ। ਇਸ ਸਥਿਤੀ ਨੂੰ ਮਾਈਕਰੋਬਾਇਲ ਪ੍ਰਤੀਰੋਧ ਕਿਹਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਸੈਲਫ ਮੈਡੀਕੇਸ਼ਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਕਿਉਂਕਿ ਆਮ ਦੇਖਿਆ ਜਾਂਦਾ ਹੈ ਕਿ ਲੋਕ ਬਿਨਾਂ ਮਾਹਿਰ ਡਾਕਟਰਾਂ ਦੀ ਸਲਾਹ ਤੇ ਆਪਣੀ ਮਰਜ਼ੀ ਨਾਲ ਬਹੁਤ ਸਾਰੀਆਂ ਦਵਾਈਆਂ ਦੀ ਵਰਤੋਂ ਕਰ ਲੈਂਦੇ ਹਨ ਇਸ ਨਾਲ ਦਵਾਈਆਂ ਦੀ ਮਾਤਰਾ ਅਧੂਰੀ ਤੇ ਕੋਰਸ ਵੀ ਅਧੂਰਾ ਰਹਿ ਜਾਂਦਾ ਹੈ। ਜਿਸ ਨਾਲ ਉਨਾਂ ਦੇ ਸਰੀਰ ਵਿੱਚ ਇਹਨਾਂ ਦਵਾਈਆਂ ਪ੍ਰਤੀ ਰਜਿਸਟੈਂਸ ਪੈਦਾ ਹੋ ਜਾਂਦੀ ਹੈ ਅਤੇ ਦਵਾਈਆਂ ਅਸਰ ਕਰਨੀਆਂ ਬੰਦ ਕਰ ਦਿੰਦੀਆਂ ਹਨ। ਜਿਸ ਨਾਲ ਸਰੀਰ ਬਹੁਤ ਸਾਰੇ ਵਿਕਾਰਾਂ ਤੇ ਰੋਗਾਂ ਦਾ ਘਰ ਬਣ ਜਾਂਦਾ ਹੈ।ਐਂਟੀ-ਮਾਈਕ੍ਰੋਬਾਇਲ ਦਵਾਈਆਂ ਦਾ ਅਸਰ ਘਟ ਜਾਂਦਾ ਹੈ, ਜਿਸ ਕਰਕੇ ਬਿਮਾਰੀਆਂ ਦਾ ਇਲਾਜ਼ ਕਰਨਾ ਮੁਸ਼ਕਿਲ ਹੋ ਜਾਂਦਾ ਹੈ ਅਤੇ ਬਿਮਾਰੀ ਫੈਲਣ ਦਾ ਖਤਰਾ ਵੀ ਵਧ ਜਾਂਦਾ ਹੈ। ਐਂਟੀ-ਬਾਇਓਟਿਕ ਦਵਾਈਆਂ ਦਾ ਇਸਤੇਮਾਲ ਬਿਨਾਂ ਡਾਕਟਰ ਦੀ ਸਲਾਹ ਦੇ ਕਰਨਾ ਕਿਸੇ ਵੀ ਸਥਿਤੀ 'ਚ ਨੁਕਸਾਨਦੇਹ ਹੋ ਸਕਦਾ ਹੈ।

## ਸੰਪਾਦਕੀ

### .ਗੈਰ-ਲਾਇਸੈਂਸੀ ਹਥਿਆਰ ਤੇ ਅਸਲਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਵਰਕਸ਼ਾਪਾਂ

ਦੇਸ਼ 'ਚ ਖੁੰਭਾਂ ਵਾਂਗ ਪੈਦਾ ਹੋ ਰਹੀਆਂ .ਗੈਰ-ਲਾਇਸੈਂਸੀ ਹਥਿਆਰ ਤੇ ਅਸਲਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਵਰਕਸ਼ਾਪਾਂ ਵੱਖ-ਵੱਖ ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਪ੍ਰਸ਼ਾਸਕੀ ਇਕਾਈਆਂ ਦੀ ਡਿਊਟੀ 'ਚ ਗੰਭੀਰ ਲਾਪਰਵਾਹੀ ਦਾ ਨਤੀਜਾ ਹਨ। ਹੱਤਿਆ ਤੇ ਹੋਰ ਅਪਰਾਧਾਂ ਵਿੱਚ ਇਨ੍ਹਾਂ ਹਥਿਆਰਾਂ ਦੀ ਹੁੰਦੀ ਵਰਤੋਂ ਨਾ ਕੇਵਲ ਕਾਨੂੰਨੀ ਏਜੰਸੀਆਂ ਲਈ ਸਿਰਦਰਦੀ ਬਣਦੀ ਹੈ ਬਲਕਿ ਆਮ ਲੋਕਾਂ ਲਈ ਵੀ ਇਹ ਚਿੰਤਾ ਦਾ ਵਿਸ਼ਾ ਹੈ। ਆਰਮਜ਼ ਐਕਟ-1959 ਤੇ ਆਰਮਜ਼ ਰੂਲਜ਼-2016 ਪ੍ਰਤੀ ਆਮ ਤੌਰ 'ਤੇ ਰੱਖੀ ਜਾਂਦੀ 'ਢਿੱਲੀ' ਪਹੁੰਚ ਦੀ ਨਿੰਦਾ ਕਰਦਿਆਂ ਸੁਪਰੀਮ ਕੋਰਟ ਨੇ ਹਰ ਰਾਜ ਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਮੁੱਖ ਸਕੱਤਰ ਦੀ ਅਗਵਾਈ 'ਚ ਪੰਜ ਮੈਂਬਰੀ ਕਮੇਟੀ ਬਣਾ ਦਿੱਤੀ ਹੈ ਤਾਂ ਕਿ ਇਸ ਸਮੱਸਿਆ ਨਾਲ ਨਜਿੱਠਿਆ ਜਾ ਸਕੇ। ਹਰੇਕ ਕਮੇਟੀ ਨੂੰ ਕਾਨੂੰਨ ਤੇ ਨਿਯਮ ਲਾਗੂ ਕਰਨ ਵਾਸਤੇ ਕਾਰਵਾਈ ਲਈ 10 ਹਫ਼ਤਿਆਂ ਦਾ ਸਮਾਂ ਦਿੱਤਾ ਗਿਆ ਹੈ। ਸੁਭਾਵਿਕ ਸਵਾਲ ਹੈ: ਇਹ ਯੋਜਨਾ ਪਹਿਲਾਂ ਹੀ ਲਾਗੂ ਕਿਉਂ ਨਹੀਂ ਹੈ ਜਦੋਂਕਿ ਇਸ ਬਾਰੇ ਪੂਰੀ ਤਰ੍ਹਾਂ ਪਰਿਭਾਸ਼ਿਤ ਇੱਕ ਰੈਗੂਲੇਟਰੀ ਢਾਂਚਾ ਮੌਜੂਦ ਹੈ ?

.ਗੈਰ-ਕਾਨੂੰਨੀ ਹਥਿਆਰਾਂ ਦੇ ਨਿਰਮਾਣ, ਵਿਕਰੀ ਤੇ ਵਰਤੋਂ ਦੇ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਗੰਭੀਰ ਅੰਜਾਮ ਹੋ ਸਕਦੇ ਹਨ। ਪਿਛਲੇ ਹਫ਼ਤੇ ਰਾਸ਼ਟਰੀ ਜਾਂਚ ਏਜੰਸੀ (ਐੱਨਆਈਏ) ਨੇ ਮਿਜ਼ੋਰਮ ਦੇ ਇੱਕ ਵਾਸੀ ਨੂੰ ਗੜਬੜ ਵਾਲੇ ਮਨੀਪੁਰ ਤੇ ਹੋਰ ਰਾਜਾਂ ਵਿੱਚ ਹਥਿਆਰ/ਅਸਲੇ ਦੀ ਕਥਿਤ ਤਸਕਰੀ ਦੇ ਦੋਸ਼ ਵਿੱਚ ਚਾਰਜਸ਼ੀਟ ਕੀਤਾ ਹੈ। ਮਨੀਪੁਰ ਵਿੱਚ ਅਤਿਵਾਦੀ ਪੁਲੀਸ ਅਸਲਾਖਾਨਿਆਂ ਤੋਂ ਲੁੱਟੇ ਹਥਿਆਰ ਵਰਤਣ ਦੇ ਨਾਲ-ਨਾਲ .ਗੈਰ-ਲਾਇਸੈਂਸੀ ਹਥਿਆਰ ਵੀ ਵਰਤ ਰਹੇ ਹਨ। ਬਰਾਮਦ ਕੀਤੇ ਗਏ ਹਥਿਆਰਾਂ 'ਚੋਂ ਜਾਂਚ ਏਜੰਸੀਆਂ ਨੂੰ ਇਸ ਤਰ੍ਹਾਂ ਦੇ .ਗੈਰ-ਕਾਨੂੰਨੀ ਹਥਿਆਰ ਵੀ ਮਿਲੇ ਹਨ। ਇਸ ਨੇ ਕਰੜੀ ਨਿਗਰਾਨੀ ਦੀ ਲੋੜ ਨੂੰ ਉਭਾਰਿਆ ਹੈ ਜਿਸ ਲਈ ਹੁਣੇ ਕਦਮ ਚੁੱਕਣੇ ਪੈਣਗੇ।

.ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਉੱਪਰ ਕੁੰਡਾ ਲਾਉਣਾ ਉੱਤਰ ਪੂਰਬ ਦੇ ਸੂਬੇ ਅੰਦਰ ਅਮਨ ਬਹਾਲ ਕਰਨ ਲਈ ਬਹੁਤ ਅਹਿਮ ਹੈ। ਕੌਮੀ ਅਪਰਾਧ ਬਿਊਰੋ (ਐੱਨਸੀਆਰਬੀ) ਦੀ ਰਿਪੋਰਟ ਮੁਤਾਬਿਕ 2022 ਵਿੱਚ ਆਰਮਜ਼ ਐਕਟ ਅਧੀਨ 80118 ਕੇਸ ਦਰਜ ਕੀਤੇ ਗਏ ਸਨ ਜਿਨ੍ਹਾਂ ਵਿੱਚ 1.04 ਲੱਖ ਹਥਿਆਰ ਬਰਾਮਦ ਕੀਤੇ ਗਏ ਜਿਨ੍ਹਾਂ 'ਚੋਂ 95 ਫ਼ੀਸਦੀ .ਗੈਰ-ਕਾਨੂੰਨੀ ਅਤੇ .ਗੈਰ-ਮਿਆਰੀ ਸਨ। ਇਨ੍ਹਾਂ ਨਾਜਾਇਜ਼ ਹਥਿਆਰਾਂ ਦਾ ਸਭ ਤੋਂ ਵੱਡਾ ਸਰੋਤ ਉੱਤਰ ਪ੍ਰਦੇਸ਼ ਹੈ ਅਤੇ ਇਸ ਵਿੱਚ ਕੋਈ ਲੁਕੀ ਛੁਪੀ ਗੱਲ ਨਹੀਂ ਹੈ ਕਿ ਕੌਮੀ ਰਾਜਧਾਨੀ ਖੇਤਰ ਜਾਂ ਉਸ ਤੋਂ ਪਰ੍ਹੇ ਤੱਕ ਹੋਣ ਵਾਲੀਆਂ ਅਪਰਾਧਿਕ ਵਾਰਦਾਤਾਂ ਵਿੱਚ ਇਹੋ ਜਿਹੇ ਹਥਿਆਰਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ। .ਗੈਰ-ਕਾਨੂੰਨੀ ਹਥਿਆਰ ਬਣਾਉਣ ਵਾਲਿਆਂ ਨਾਲ ਰਲ਼ੇ ਹੋਏ ਪੁਲੀਸ ਅਫਸਰਾਂ ਅਤੇ ਸਿਆਸਤਦਾਨਾਂ ਨੂੰ ਬੇਨਕਾਬ ਕਰ ਕੇ ਇਨ੍ਹਾਂ ਖ਼ਿਲਾਫ਼ ਕੇਸ ਦਰਜ ਕੀਤੇ ਜਾਣੇ ਚਾਹੀਦੇ ਹਨ। ਇਸ ਦਿਸ਼ਾ ਵਿੱਚ ਪਹਿਲਾ ਕਦਮ ਇਹ ਹੋਣਾ ਚਾਹੀਦਾ ਹੈ ਕਿ ਲਾਇਸੈਂਸੀ ਜਾਂ ਬਿਨਾਂ ਲਾਇਸੈਂਸੀ ਸਾਰੀਆਂ ਫੈਕਟਰੀਆਂ ਅਤੇ ਵਰਕਸ਼ਾਪਾਂ ਦਾ ਵਿਆਪਕ ਆਡਿਟ ਛੇਤੀ ਸ਼ੁਰੂ ਕਰਵਾਇਆ ਜਾਵੇ।

### ਇਹ ਕੋਈ ਮਜ਼ਾਕ ਨਹੀਂ

ਲੰਮੇ ਅਰਸੇ ਤੋਂ ਹਾਸਾ ਠੱਠਾ ਲੋਕਾਂ ਨੂੰ ਆਪੋ ਵਿੱਚ ਜੋੜਨ, ਅੜਿੱਕੇ ਤੋੜਨ ਅਤੇ ਰੋਜ਼ਮੱਰਾ ਜ਼ਿੰਦਗੀ ਦੇ ਬੋਝ ਲਾਹੁਣ ਦਾ ਜ਼ਰੀਆ ਬਣਿਆ ਰਿਹਾ ਹੈ ਪਰ ਜਦੋਂ ਹਾਸਾ ਠੱਠਾ ਕਿਸੇ ਭਾਈਚਾਰੇ ਨੂੰ ਜਿੱਚ ਕਰਨ ਅਤੇ ਉਸ ਦੀ ਹੈਸੀਅਤ ਨੂੰ ਦੁਤਕਾਰਨ ਤੇ ਦੂਜੇ ਲੋਕਾਂ ਦੇ ਮਨਾਂ ਵਿੱਚ ਉਸ ਪ੍ਰਤੀ ਮੈਲ ਭਰਨ ਦਾ ਸਾਧਨ ਬਣ ਜਾਂਦਾ ਹੈ ਤਾਂ ਹਾਸਾ ਠੱਠਾ ਸੰਵੇਦਨਸ਼ੀਲਤਾ ਦੀ ਰੇਖਾ ਉਲੰਘ ਦਿੰਦਾ ਹੈ। ਸਿੱਖ ਭਾਈਚਾਰੇ ਬਾਰੇ ਚੁਟਕਲਿਆਂ ਉੱਪਰ ਰੋਕ ਲਾਉਣ ਬਾਰੇ ਸੁਪਰੀਮ ਕੋਰਟ ਵਿੱਚ ਚੱਲ ਰਹੇ ਕੇਸ ਨੇ ਇਸੇ ਹੱਦ ਨੂੰ ਮੁੜ ਘੋਖਣ ਦੀ ਲੋੜ ਦਰਸਾਈ ਹੈ। ਦਹਾਕਿਆਂ ਤੋਂ 'ਸਰਦਾਰਾਂ ਬਾਰੇ ਚੁਟਕਲੇ' ਸਾਡੇ ਭਾਰਤੀ ਹਾਸੇ ਠੱਠੇ ਦੀ ਖ਼ੁਰਾਕ ਬਣੇ ਹੋਏ ਹਨ ਜਿਨ੍ਹਾਂ ਵਿੱਚ ਆਮ ਹੀ ਸਿੱਖਾਂ ਨੂੰ ਘੱਟ ਬੁੱਧੀ ਵਾਲੇ ਲੋਕ ਦਰਸਾਇਆ ਜਾਂਦਾ ਰਿਹਾ ਹੈ। ਹਾਲਾਂਕਿ ਕਈ ਲੋਕ ਅਜਿਹੇ ਚੁਟਕਲਿਆਂ ਨੂੰ ਨਜ਼ਰਅੰਦਾਜ਼ ਕਰਦੇ ਹਨ ਪਰ ਇਨ੍ਹਾਂ ਦਾ ਸਮਾਜਿਕ ਅਸਰ ਕਾਫ਼ੀ ਗਹਿਰਾ ਹੁੰਦਾ ਹੈ। ਜਦੋਂ ਅਜਿਹੇ ਚੁਟਕਲੇ ਆਮ ਵਰਤਾਰਾ ਬਣਾ ਦਿੱਤੇ ਜਾਂਦੇ ਹਨ ਤਾਂ ਇਸ ਨਾਲ ਸਕੂਲਾਂ ਅਤੇ ਪੇਸ਼ਾਵਰ ਥਾਵਾਂ 'ਤੇ ਰੈਗਿੰਗ ਜਿਹੀਆਂ ਘਟਨਾਵਾਂ ਵਧਣੀਆਂ ਸ਼ੁਰੂ ਹੋ ਜਾਂਦੀਆਂ ਹਨ ਅਤੇ ਖਾਸਕਰ ਬੱਚਿਆਂ ਦੇ ਮਨਾਂ ਵਿੱਚ ਆਪਣੀ ਪਛਾਣ ਅਤੇ ਵਿਰਾਸਤ ਬਾਰੇ ਸਵਾਲ ਖੜ੍ਹੇ ਹੋਣ ਲਗਦੇ ਹਨ। ਬਰਤਾਨੀਆ ਵਿੱਚ ਇਸੇ ਤਰ੍ਹਾਂ ਦੇ ਨਸਲੀ ਦੁਰਵਿਹਾਰ ਤੋਂ ਤੰਗ ਆ ਕੇ ਸਿੱਖ ਨੌਜਵਾਨ ਵੱਲੋਂ ਖ਼ੁਦਕੁਸ਼ੀ ਕਰ ਲੈਣ ਦੀ ਘਟਨਾ ਦਰਸਾਉਂਦੀ ਹੈ ਕਿ ਜਿਨ੍ਹਾਂ ਗੱਲਾਂ ਨੂੰ ਅਸੀਂ ਮਹਿਜ਼ ਮਜ਼ਾਕ ਕਹਿ ਕੇ ਦਰਕਿਨਾਰ ਕਰਨ ਦੀ ਕੋਸ਼ਿਸ਼ ਕਰਦੇ ਹਾਂ, ਉਨ੍ਹਾਂ ਦਾ ਮਾਨਸਿਕ ਸਿਹਤ ਉੱਪਰ ਅਸਰ ਕਿੰਨਾ ਘਾਤਕ ਹੋ ਸਕਦਾ ਹੈ।

ਸਿੱਖ ਭਾਈਚਾਰਾ ਆਪਣੇ ਸਿਦਕ, ਸੇਵਾ ਅਤੇ ਘਾਲਣਾ ਲਈ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਹੈ। ਬਹੁਤੇ ਸਿੱਖ ਆਪਣੀ ਸੱਭਿਆਚਾਰਕ ਅਤੇ ਧਾਰਮਿਕ ਪਛਾਣ ਉੱਪਰ ਮਾਣ ਕਰਦੇ ਹਨ ਪਰ ਉਨ੍ਹਾਂ ਨੂੰ ਮਜ਼ਾਕ ਦਾ ਨਿਸ਼ਾਨਾ ਵੀ ਬਣਾਇਆ ਜਾਂਦਾ ਹੈ। ਇਹ ਸਮਾਜਿਕ ਵਿਰੋਧਾਭਾਸ ਦੀ ਸਥਿਤੀ ਹੈ ਜਿਸ ਵਿੱਚ ਸਤਹੀ ਤੌਰ 'ਤੇ ਵੰਨ-ਸਵੰਨਤਾ ਦਾ ਜਸ਼ਨ ਮਨਾਇਆ ਜਾਂਦਾ ਹੈ ਪਰ ਅਮਲ ਵਿੱਚ ਇਸ ਦੀ ਖਿੱਲੀ ਉਡਾਈ ਜਾਂਦੀ ਹੈ।

ਪਟੀਸ਼ਨ ਕਰਤਾ ਹਰਵਿੰਦਰ ਚੌਧਰੀ ਨੇ ਬਿਲਕੁਲ ਸਹੀ ਢੰਗ ਨਾਲ ਸੰਵਿਧਾਨ 'ਚ ਦਰਜ ਮਾਣ-ਮਰਿਆਦਾ ਦੇ ਬੁਨਿਆਦੀ ਹੱਕ ਵੱਲ ਧਿਆਨ ਦਿਵਾਇਆ ਹੈ। ਬੱਚਿਆਂ 'ਚ ਇਸ ਤਰ੍ਹਾਂ ਦੀ ਰੂੜ੍ਹੀਵਾਦੀ ਸੋਚ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨ ਤੇ ਅਜਿਹੇ ਵਰਗੀਕਰਨ 'ਤੇ ਲਗਾਮ ਕੱਸਣ ਲਈ ਸੁਪਰੀਮ ਕੋਰਟ ਵੱਲੋਂ ਦਿੱਤਾ ਜ਼ੋਰ ਦਰਸਾਉਂਦਾ ਹੈ ਕਿ ਸਮਾਜਿਕ ਮੁੱਦਿਆਂ ਨੂੰ ਸਿੱਖਿਆ ਰਾਹੀਂ ਹੱਲ ਕਰਨ ਲਈ ਲੋੜੀਂਦੀ ਤਬਦੀਲੀ ਲਿਆਂਦੀ ਜਾ ਰਹੀ ਹੈ ਹਾਲਾਂਕਿ ਇਹ ਸਮੱਸਿਆ ਸਕੂਲੀ ਜਮਾਤਾਂ ਤੱਕ ਸੀਮਤ ਨਹੀਂ ਹੈ। ਸੋਸ਼ਲ ਮੀਡੀਆ ਵੀ ਅਜਿਹੀ ਸਮੱਗਰੀ ਨਾਲ ਭਰਿਆ ਪਿਆ ਹੈ ਜਿਸ ਲਈ ਵੱਖ-ਵੱਖ ਪਲੈਟਫਾਰਮਾਂ ਤੋਂ ਸਖ਼ਤ ਨਿਯਮਾਂ ਲਾਗੂ ਕਰਨ ਤੇ ਜਵਾਬਦੇਹੀ ਤੈਅ ਕਰਨ ਦੀ ਆਸ ਕੀਤੀ ਜਾਂਦੀ ਹੈ। ਹਾਸਰਸ 'ਚੋਂ ਇਸ ਤਰ੍ਹਾਂ ਦੇ ਸਮਾਜ ਦੀ ਝਲਕ ਪੈਣੀ ਚਾਹੀਦੀ ਹੈ ਜੋ ਆਜ਼ਾਦ ਪ੍ਰਗਟਾਵੇ ਦੇ ਨਾਲ-ਨਾਲ ਸਤਿਕਾਰ ਦੀ ਕੀਮਤ ਨੂੰ ਵੀ ਸਮਝੇ। ਕਲਾਤਮਕ ਪ੍ਰਗਟਾਵੇ ਦਾ ਮਤਲਬ ਇਹ ਨਹੀਂ ਹੈ ਕਿ ਇੱਕ ਭਾਈਚਾਰੇ ਨੂੰ ਨੀਵਾਂ ਦਿਖਾਇਆ ਜਾਵੇ। ਜਾਗਰੂਕਤਾ ਮੁਹਿੰਮਾਂ, ਡਿਜੀਟਲ ਵਿਸ਼ਾ-ਵਸਤੂ ਦੀ ਛਾਂਟੀ ਤੇ ਅਪਮਾਨਜਨਕ ਸਮੱਗਰੀ 'ਤੇ ਜੁਰਮਾਨੇ ਲਾ ਕੇ ਵੱਧ ਸਾਜ਼ਗਾਰ ਮਾਹੌਲ ਸਿਰਜਿਆ ਜਾ ਸਕਦਾ ਹੈ।

## ਤਰਕਸ਼ੀਲਾਂ ਨੇ ਇਕਾਈ ਸੰਗਰੂਰ ਦਾ ਚੇਤਨਾ ਪਰਖ ਪ੍ਰੀਖਿਆ ਨਤੀਜਾ ਐਲਾਨਿਆ

ਸੰਗਰੂਰ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਦਿਆਰਥੀਆਂ ਵਿਚ ਵਿਗਿਆਨਕ ਚੇਤਨਾ ਵਿਕਸਤ ਕਰਨ ਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੇ ਵਹਿਮਾਂ ਭਰਮਾਂ ਤੋਂ ਮੁਕਤ ਤੇ ਜਾਗਰੂਕ ਕਰਨ ਦੇ ਮਕਸਦ ਨੂੰ ਲੈਕੇ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਹਰ ਸਾਲ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਜਾਂਦੀ ਹੈ,ਐਤਕੀ ਵੀ ਛੇਵੀਂ ਸੂਬਾ ਪੱਧਰੀ ਪਰਖ਼ ਪ੍ਰੀਖਿਆ ਕਰਵਾਈ ਗਈ ।




ਤਰਕਸ਼ੀਲ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੁਰਿੰਦਰ ਪਾਲ,ਸੀਤਾ ਰਾਮ, ਪ੍ਰਗਟ ਸਿੰਘ ਬਾਲੀਆਂ,ਕ੍ਰਿਸ਼ਨ ਸਿੰਘ, ਗੁਰਦੀਪ ਸਿੰਘ ਲਹਿਰਾ, ਸੁਖਦੇਵ ਸਿੰਘ ਕਿਸ਼ਨਗੜ੍ਹ,ਜਸਦੇਵ ਸਿੰਘ, ਗੁਰਜੰਟ ਸਿੰਘ,ਪਰਮਿੰਦਰ ਸਿੰਘ, ਕਰਤਾਰ ਸਿੰਘ ਤੇ ਪ੍ਰਲਾਦ ਸਿੰਘ ਆਧਾਰਿਤ ਤਰਕਸ਼ੀਲ ਟੀਮ ਨੇ ਨਤੀਜਾ ਘੋਸ਼ਿਤ ਕਰਦਿਆਂ ਦੱਸਿਆ ਕਿ ਸੂਬੇ ਵੱਲੋਂ ਹਰੇਕ ਜਮਾਤ ਦੇ ਪਹਿਲੇ ਤਿੰਨ ਵਿਦਿਆਰਥੀਆਂ ਆਧਾਰਿਤ ਸੂਬਾ ਪੱਧਰੀ ਮੈਰਿਟ ਬਣਾਈ ਗਈ ਹੈ,ਅਗਲੇ ਹਰੇਕ ਜਮਾਤ ਦੇ ਦੋ ਵਿਦਿਆਰਥੀ ਜ਼ੋਨ ਪੱਧਰੀ ਮੈਰਿਟ ਸੂਚੀ ਵਿੱਚ ਹਨ ਤੇ ਉਸ ਤੋਂ ਬਾਅਦ ਇਕਾਈ ਪੱਧਰੀ ਮੈਰਿਟ ਸੂਚੀ ਬਣਾਈ ਗਈ ਹੈ। ਇਕਾਈ ਸੰਗਰੂਰ ਵੱਲੋਂ ਇਕਾਈ ਪੱਧਰ ਤੇ ਪਹਿਲੇ 100 ਵਿਦਿਆਰਥੀਆਂ ,ਸਹਿਯੋਗ ਕਰਨ ਵਾਲੇ ਸਕੂਲ ਮੁਖੀਆਂ, ਅਧਿਆਪਕਾਂ ਤੇ ਹਮਦਰਦਾਂ ਨੂੰ ਇੱਕ ਵਿਸ਼ੇਸ਼ ਸਮਾਗਮ ਕਰਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਇਕਾਈ ਦੀ ਸਮੂਚੀ ਮੈਰਿਟ ਲਿਸਟ ਛੇਤੀ ਹੀ ਪ੍ਰਕਾਸ਼ਤ ਕਰ ਦਿੱਤੀ ਜਾਵੇਗੀ। ਉਨ੍ਹਾਂ ਸੰਗਰੂਰ ਇਕਾਈ ਦੇ ਸੂਬਾ ਤੇ ਜੋਨ ਪੱਧਰੀ ਮੈਰਿਟ ਸੂਚੀ ਵਿੱਚ ਰਹੇ ਤੇ ਇਕਾਈ ਪੱਧਰੀ ਮੈਰਿਟ ਸੂਚੀ ਵਿੱਚ ਆਏ ਵਿਦਿਆਰਥੀਆਂ ਬਾਰੇ ਦੱਸਦਿਆਂ ਕਿਹਾ ਕਿ ਖੁਸ਼ੀ ਗਿੱਲ ਬਨਾਰਸੀ ਅਪਰ ਸੈਕੰਡਰੀ ਵਿੱਚ 92 ਅੰਕ ਪ੍ਰਾਪਤ ਕਰਕੇ ਤੇ ਗਾਗਾ ਹਾਈ ਸਕੂਲ ਦਾ ਵਿਦਿਆਰਥੀ ਮਨਪ੍ਰੀਤ ਸਿੰਘ ਦਸਵੀਂ ਜਮਾਤ ਵਿੱਚੋਂ 92 ਅੰਕ ਪ੍ਰਾਪਤ ਕਰਕੇ ਸੂਬਾ ਪੱਧਰੀ ਮੈਰਿਟ ਵਿੱਚ ਤੀਜੇ ਸਥਾਨ ਤੇ ਰਹੇ,ਬਚਪਨ ਸਕੂਲ ਦੀ ਛੇਵੀਂ ਜਮਾਤ ਦੀ ਵਿਦਿਆਰਥਣ ਵਾਨੀ ਨੇ 8 ਇਕਾਈਆਂ ਵਾਲੇ ਜੋਨ ਸੰਗਰੂਰ - ਬਰਨਾਲਾ ਵਿੱਚ 86 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ,ਸਸਸਸ ਸਕੂਲ ਥਲੇਸ ਦੀ ਸਤਵੀਂ ਜਮਾਤ ਦੀ ਪ੍ਰਭਜੋਤ ਕੌਰ 91 ਅੰਕ ਪ੍ਰਾਪਤ ਕਰਕੇ ਜੋਨ ਵਿਚ ਪਹਿਲਾ ਸਥਾਨ 'ਤੇ ਅਤੇ ਹੋਲੀ ਮਿਸ਼ਨ ਸਕੂਲ ਖਾਈ ਦੀ ਅਰਪਣ ਜੋਤ ਕੌਰ 90 ਅੰਕ ਪ੍ਰਾਪਤ ਕਰਕੇ ਜੋਨ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ , ਸਸਸਸ ਸਕੂਲ ਮਹਿਲਾਂ ਦੀ ਗਿਆਰਵੀਂ ਜਮਾਤ ਦੀ ਮਹਿਕ 89 ਅੰਕ ਪ੍ਰਾਪਤ ਕਰਕੇ ਜੋਨ ਵਿੱਚ ਪਹਿਲੇ ਸਥਾਨ ਤੇ ਰਹੀ । ਇਸੇ ਤਰ੍ਹਾਂ 40 ਸਕੂਲਾਂ ਦੇ ਆਧਾਰਿਤ 17 ਪ੍ਰੀਖਿਆ ਕੇਂਦਰਾਂ ਵਿੱਚ 1903 ਵਿਦਿਆਰਥੀਆਂ ਨੇ ਦਿੱਤੀ ਪ੍ਰੀਖਿਆ ਵਿੱਚ ਇੱਕਾਈ ਪੱਧਰ 'ਤੇ ਵਿਦਿਆਰਥੀਆਂ ਦੀ ਸਥਾਨ ਪ੍ਰਾਪਤੀ ਇਸ ਤਰ੍ਹਾਂ ਰਹੀ । ਛੇਵੀਂ ਜਮਾਤ ਦੇ ਵਿਦਿਆਰਥੀ ਸਹਿਜਵੀਰ ਸਪਰਿੰਗਡੇਲਜ਼(79) ਨੇ ਪਹਿਲਾ, ਅਮਨਪ੍ਰੀਤ ਕੌਰ ਆਧਾਰ ਪਬਲਿਕ ਬਡਰੁੱਖਾਂ (76) ਦੂਜਾ, ਮਨਿੰਦਰ ਸਿੰਘ ਸੰਗਤਪੁਰਾ(75) ਤੀਜਾ ਸਥਾਨ, ਸਤਵੀਂ ਜਮਾਤ ਅਰਸ਼ਦੀਪ ਕੌਰ ਸੀਬਾ ਲਹਿਰਾ (81) ਪਹਿਲਾ ,ਹਰਜੋਤ ਕੌਰ ਸੀਬਾ ਲਹਿਰਾ (77) ਦੂਜਾ ,ਅਭੀ ਗੋਇਲ ਡਾ. ਦੇਵਰਾਜ ਡੀਏਵੀ ਲਹਿਰਾ (74) ਤੀਜਾ ਅੱਠਵੀਂ ਜਮਾਤ ਕੁਸ਼ਲ ਗਰਗ ਬਚਪਨ(87) ਪਹਿਲਾ, ਧਨਵੀਰ ਸ਼ਰਮਾ ਸੀਬਾ ਲਹਿਰਾ (83)ਦੂਜਾ,ਰੰਕੀਤਾ ਡਾ ? ਦੇਵਰਾਜ ਡੀਏਵੀ (82)ਤੀਜਾ, ਸੁਖਮਨ ਜੋਤ ਕੌਰ ਬਚਪਨ( 79)ਚੌਥਾ ਨੌਵੀਂ ਜਮਾਤ ਜਪਲੀਨ ਕੌਰ ਬਚਪਨ ਪਹਿਲਾ(82),ਮਨਜੋਤ ਕੌਰ ਡਾ. ਦੇਵਰਾਜ ਡੀਏਵੀ ਲਹਿਰਾ ਪਹਿਲਾ,ਆਸੀਨ ਗਾਗਾ(78) ਦੂਜਾ, ਮਨਪ੍ਰੀਤ ਕੌਰ ਮਹਿਲਾਂ (76) ਤੀਜਾ,ਪਾਰਸ ਉੱਪਲ ਬਚਪਨ (73) ਚੌਥਾ ਦਸਵੀਂ ਜਮਾਤ , ਗੁਰਜੋਤ ਸਿੰਘ ਗਾਗਾ(82) ਪਹਿਲਾ ,ਮਨਜੀਤ ਕੌਰ ਗਾਗਾ(81) ਦੂਜਾ, ਕਸ਼ਿਸ਼ ਬਚਪਨ (80) ਤੀਜਾ, ਜਸਵੀਨ ਕੌਰ ਡਾ. ਦੇਵਰਾਜ ਡੀਏਵੀ ਲਹਿਰਾ (79)ਚੌਥਾ ਗਿਆਰਵੀਂ ਜਮਾਤ ਵਿੱਚ ਯਸ਼ਵਿੰਦਰ ਗਿੱਲ ਬਾਲ ਸਿਖਿਆ ਬਨਾਰਸੀ(83) ਪਹਿਲਾ, ਮਨਪ੍ਰੀਤ ਕੌਰ ਬਡਰੁੱਖਾਂ (78) ਦੂਜਾ, ਹਰਪ੍ਰੀਤ ਕੌਰ ਮਹਿਲਾਂ (78) ਦੂਜਾ, ਮਨਪ੍ਰੀਤ ਕੌਰ ਭਵਾਨੀਗੜ੍ਹ (77) ਤੀਜਾ ਬਾਰਵੀਂ ਜਮਾਤ ਜਸ਼ਨਪ੍ਰੀਤ ਕੌਰ ਮਹਿਲਾਂ (82)ਪਹਿਲਾ, ਰਵਨੀਤ ਕੌਰ ਸੀਬਾ ਲਹਿਰਾ (74)ਦੂਜਾ, ਖੁਸ਼ਪ੍ਰੀਤ ਕੌਰ ਭਵਾਨੀਗੜ੍ਹ(73) ਤੀਜਾ, ਮਨਜੋਤ ਕੌਰ ਸੀਬਾ (73)ਲਹਿਰਾ ਚੌਥਾ,ਪ੍ਰੀਯਾ ਸ਼ਰਮਾ ਸੀਬਾ ਲਹਿਰਾ(68) ਚੌਥਾ ,ਅਪਰ ਸੈਕੰਡਰੀ ਵਿੱਚ ਮੰਜੂ ਰਾਇਕਾ ਰਣਬੀਰ ਕਾਲਜ਼(73) ਜੋਨ ਵਿੱਚ ਦੂਜਾ ਤਰਕਸ਼ੀਲ ਆਗੂਆਂ ਨੇ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਸਿਰੇ ਚੜ੍ਹਾਉਣ ਵਿੱਚ ਸਹਿਯੋਗ ਕਰਨ ਵਾਲੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਲੇ ਮਹੀਨੇ ਜੇਤੂ ਵਿਦਿਆਰਥੀਆਂ ਦਾ ਸੂਬਾ, ਜੋਨ, ਇਕਾਈ ਪੱਧਰ 'ਤੇ ਵਿਗਿਆਨਕ ਵਿਚਾਰਾਂ ਦੀਆਂ ਪੁਸਤਕਾਂ, ਪੜ੍ਹਨ ਸਮੱਗਰੀ ਤੇ ਸਨਮਾਨ ਪੱਤਰ ਦੇ ਕੇ ਸਨਮਾਨ ਕੀਤਾ ਜਾਵੇਗਾ। ਸੂਬਾ ਪੱਧਰੀ ਮੈਰਿਟ ਵਾਲਿਆਂ ਨੂੰ ਨਕਦ ਰਾਸ਼ੀ ਵੀ ਦਿਤੀ ਜਾਵੇਗੀ ਤੇ ਸਹਿਯੋਗੀਆਂ ਦਾ ਵੀ ਸਨਮਾਨ ਕੀਤਾ ਜਾਵੇਗਾ।

## ਮਨੀਪਾਲਸਿਗਨਾ ਨੇ ਲਾਂਚ ਕੀਤਾ 'ਸਰਵ' : ਭਾਰਤ ਦੇ ਮਿਸਿੰਗ ਮਿਡਲ 'ਤੇ ਵਿਸ਼ੇਸ਼ ਧਿਆਨ ਦੇਣ ਵਾਲੀ ਸੰਪੂਰਨ ਸਿਹਤ ਬੀਮਾ ਯੋਜਨਾ

ਜਲੰਧਰ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਭ ਤੋਂ ਤੇਜ਼ੀ ਨਾਲ ਵੱਧ ਰਹੀ ਸਟੈਂਡੈਲੋਨ ਸਿਹਤ ਬੀਮਾ ਕੰਪਨੀ ਮਨੀਪਾਲਸਿਗਨਾ ਹੈਲਥ ਇੰਸ਼ੋਰੈਂਸ ਨੇ ਆਪਣੀ ਨਵੀਂ ਸਿਹਤ ਬੀਮਾਪੇਸ਼ਕਸ਼ 'ਮਨੀਪਾਲਸਿਗਨਾ ਸਰਵ ' ਨੂੰ ਲਾਂਚ ਕਰਨ ਦਾ ਐਲਾਨ ਕੀਤਾ ਹੈ। ਇੱਕ ਸੰਪੂਰਨ ਸਿਹਤ ਬੀਮਾ ਹੱਲ ਦੀ ਪੇਸ਼ਕਸ਼ ਕਰਨ ਲਈ ਤਿਆਰ ਕੀਤਾ ਗਿਆ, 'ਸਰਵ '-ਜਿਸਦਾ ਅਰਥ ਹੈ ਸਾਰਿਆਂ ਦੇ ਲਈ, , ਵਿਆਪਕ ਗਾਹਕ ਵਰਗਾਂ ਦੇ ਲਈ ਕਿਫਾਇਤੀ ਅਤੇ ਸਮਾਵੇਸ਼ੀ ਸਿਹਤ ਕਵਰੇਜ ਪ੍ਰਦਾਨ ਕਰਦਾ ਹੈ, ਜਿਸ ਵਿਚਭਾਰਤ ਦੀ ਲਾਪਤਾ ਮੱਧ ਆਬਾਦੀ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ । ਭਾਰਤ ਲਗਾਤਾਰ ਸੰਚਾਰੀ, .ਗੈਰ-ਸੰਚਾਰੀ ਅਤੇ ਜੀਵਨ ਸ਼ੈਲੀ ਨਾਲ ਸਬੰਧਤ ਬਿਮਾਰੀਆਂ ਦੇ ਤਿੰਨ ਗੁਣਾਂ ਬੋਝ ਨਾਲ ਜੂਝ ਰਿਹਾ ਹੈ। ਨੀਤੀ ਆਯੋਗ ਦੀ 'ਹੈਲਥਇੰਸ਼ੋਰੈਂਸ ਫਾਰ ਇੰਡੀਆਜ਼ ਮਿਸਿੰਗ ਮਿਡਲ ' ਰਿਪੋਰਟ ਦੇ ਅਨੁਸਾਰ, ਘੱਟੋ ਘੱਟ 30% ਆਬਾਦੀ, ਜਾਂ 'ਦਿ ਮਿਸਿੰਗ ਮਿਡਲ ' ਦੇ ਹਿੱਸੇ ਵਿੱਚ ਆਉਣ ਵਾਲੇ 35-40 ਕਰੋੜ ਵਿਅਕਤੀ ਸਿਹਤ ਲਈ ਕਿਸੇ ਵੀ ਵਿੱਤੀ ਸੁਰੱਖਿਆ ਤੋਂ ਵਾਂਝੇ ਹਨ। ਇਸ ਤਰ੍ਹਾਂ, ਦੇਸ਼ ਭਰ ਵਿੱਚ ਸਿਹਤ ਬੀਮਾ ਪ੍ਰਵੇਸ਼ ਨੂੰ ਵਧੌਨ ਅਤੇ ਲਾਪਤਾ ਮੱਧ ਵਰਗ ਸਮੇਤਵੱਖ-ਵੱਖ ਗਾਹਕ ਵਰਗਾਂ ਦੀਆਂ ਜਰੂਰਤਾਂ ਨੂੰ ਪੂਰਾ ਕਰਨ ਲਈ, ਮਨੀਪਾਲ ਸਿਗਨਾ ਨੇ ਅਣਚਾਹੇ ਉੱਚ ਸਿਹਤ ਖਰਚਿਆਂ ਤੋਂ ਬਚਾਉਣ ਲਈ ਸੰਪੂਰਨ ਸਿਹਤ ਬੀਮਾਸੁਰੱਖਿਆ ਪ੍ਰਦਾਨ ਕਰਨ ਲਈ 'ਸਰਵ ' ਦੀ ਸ਼ੁਰੂਆਤ ਕੀਤੀ ਹੈ, ਜੋ ਪਰਿਵਾਰਾਂ ਨੂੰ ਗਰੀਬੀ ਵਿੱਚ ਧੱਕੇ ਜਾਣ ਤੋਂ ਬਚਾ ਸਕਦਾ ਹੈ। ਮਨੀਪਾਲਸਿਗਨਾ ਹੈਲਥ ਇੰਸ਼ੋਰੈਂਸ ਦੇ ਮੈਨੇਜਿੰਗ ਡਾਇਰੈਕਟਰ ਅਤੇ ਸੀਈਓ , ਸ਼੍ਰੀ ਪ੍ਰਸੂਨ ਸਿਕਦਰ ਨੇ ਲਾਂਚ 'ਤੇ ਟਿੱਪਣੀ ਕਰਦੇ ਹੋਏ ਕਿਹਾ , ਮਨੀਪਾਲਸਿਗਨਾ ਵਿਖੇ, ਸਾਡੀ ਵਚਨਬੱਧਤਾ ਸਿਰਫ ਸਿਹਤ ਬੀਮਾ ਦੀ ਪੇਸ਼ਕਸ਼ ਕਰਨ ਤੋਂ ਕੀਤੇ ਵੱਧ ਕੇ ਹੈ ਹੈ-ਇਹ ਅਜਿਹੇ ਹੱਲਾਂ ਨੂੰ ਨਵਾਂ ਰੂਪ ਦੇਣ ਬਾਰੇ ਹੈ, ਜੋ ਸਿਹਤ ਸੰਭਾਲ ਦੀ ਪਹੁੰਚਅਤੇ ਸਮਰੱਥਾ ਵਿੱਚ ਮਹੱਤਵਪੂਰਨ ਕਮੀਆਂ ਨੂੰ ਪੂਰਾ ਕਰਦੇ ਹਨ, ਖ਼ਾਸਕਰ ਭਾਰਤ ਦੇ ਮਿਸਿੰਗ ਮਿਡਲ ਵਰਗ ਦੇ ਲਈ। 'ਮਨੀਪਾਲਸਿਗਨਾ ਸਰਵ ' ਦੇ ਲਾਂਚ ਦੇਨਾਲ, ਅਸੀਂ ਇੱਕ ਸੰਪੂਰਨ ਸਿਹਤ ਬੀਮਾ ਹੱਲ ਪੇਸ਼ ਕਰ ਰਹੇ ਹਾਂ ਜੋ ਨਾ ਸਿਰਫ ਵਿਭਿੰਨ ਗਾਹਕ ਹਿੱਸਿਆਂ ਨੂੰ ਪੂਰਾ ਕਰਦਾ ਹੈ ਬਲਕਿ ਭਾਰਤ ਦੇ ਲਾਪਤਾ ਮੱਧ ਵਰਗਦੇ ਸਾਹਮਣੇ ਦਰਪੇਸ਼ ਕਿਫਾਇਤੀ ਅਤੇ ਪਹੁੰਚਯੋਗਤਾ ਦੀਆਂ ਚੁਣੌਤੀਆਂ ਨੂੰ ਵੀ ਰਣਨੀਤਕ ਤੌਰ 'ਤੇ ਹੱਲ ਕਰਦਾ ਹੈ , ਅਤੇ ਨਾਲ ਹੀ ਸਰਕਾਰ ਅਤੇ ਰੈਗੂਲੇਟਰ ਦੇ'2047 ਤੱਕ ਸਾਰਿਆਂ ਲਈ ਬੀਮਾ' ਦੇ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਂਦਾ ਹੈ ।ਸਿਕਦਰ ਨੇ ਅੱਗੇ ਕਿਹਾ, 'ਮਨੀਪਾਲ ਸਿਗਨਾ ਸਰਵ ਟ੍ਰਿਨਿਟੀ' ਦੀ ਹਰੇਕ ਪੇਸ਼ਕਸ਼ ਨੂੰ ਸਹੀ ਪੱਧਰ ਦੀ ਕਵਰੇਜ ਪ੍ਰਦਾਨ ਕਰਨ ਅਤੇ ਸਾਰਿਆਂ ਦੇ ਲਈ ਜ਼ਰੂਰੀ ਸ਼ੀਲਡ, ਅਨੰਤ ਸ਼ਕਤੀ ਅਤੇ ਤੁਰੰਤ ਸ਼ਾਂਤੀ ਪ੍ਰਦਾਨ ਕਰਨ ਲਈ ਅਨੁਕੂਲ ਲਾਭਾਂ ਨਾਲ ਤਿਆਰ ਕੀਤਾ ਗਿਆ ਹੈ। ਸਾਨੂੰ ਵਿਸ਼ਵਾਸ ਹੈ ਕਿ 'ਮਨੀਪਾਲ ਸਿਗਨਾ ਸਰਵ ' ਜੋ 4 ਪ੍ਰਮੁੱਖ ਅੰਗਾਂ ਦੀਆਂ ਬਿਮਾਰੀਆਂ ਲਈ ਅਸੀਮਤ ਕਵਰ ਦੇ ਨਾਲ ਅਨੰਤ ਬੈਨੀਫਿਟ ਦੀ ਪੇਸ਼ਕਸ਼ ਕਰਦਾ ਹੈ, ਗੁੱਲਕ ਐਡਵਾਂਟੇਜ ਜੋ ਦਾਅਵਿਆਂ ਦੀ ਪਰਵਾਹ ਕੀਤੇਬਿਨਾਂ 1000% ਤੱਕ ਦੀ ਬੀਮਾ ਰਾਸ਼ੀ ਦੀ ਗਰੰਟੀ ਦਿੰਦਾ ਹੈ ਅਤੇ ਸਾਰਥੀ ਬੈਨੀਫਿਟ ਜੋ ਪਹਿਲਾਂ ਤੋਂ ਮੌਜੂਦ ਬਿਮਾਰੀ ਜਿਵੇਂ ਕਿ ਸ਼ੂਗਰ, ਮੋਟਾਪਾ, ਦਮਾ, ਬਲੱਡ ਪ੍ਰੈਸ਼ਰ ਆਦਿ।

## ਅਮਨ ਅਰੋੜਾ ਦੇ 'ਆਪ' ਪ੍ਰਧਾਨ ਬਣਨ 'ਤੇ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ



ਸੁਨਾਮ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ ਸਰਕਾਰ ਦੀ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਵਜੋਂ ਨਿਯੁਕਤੀ ਤੋਂ ਬਾਅਦ ਪਾਰਟੀ ਵਰਕਰਾਂ ਵਿੱਚ ਖੁਸ਼ੀ ਲਹਿਰ ਚੱਲ ਰਹੀ ਹੈ। ਅੱਜ ਆਮ ਆਦਮੀ ਪਾਰਟੀ ਵਰਕਰਾਂ ਵੱਲੋਂ ਇਸ ਖੁਸ਼ੀ 'ਚ ਵੱਖ-ਵੱਖ ਥਾਂਵਾਂ 'ਤੇ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਆਫਿਸ ਵਿੱਚ ਵਧਾਈ ਦੇਣ ਆਏ ਵਰਕਰਾਂ ਨੇ 'ਆਪ' ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੀ ਅਮਨ ਅਰੋੜਾ ਦੀ ਅਗਾਂਹ ਵਧੂ ਸੋਚ ਸਦਕਾ ਸੁਨਾਮ ਹਲਕੇ ਵਿੱਚ ਵੀ ਰਿਕਾਰਡ ਤੋੜ ਵਿਕਾਸ ਹੋਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਉਨ੍ਹਾਂ ਦੀ ਮਿਹਨਤ ਤੇ ਵਫ਼ਾਦਾਰੀ ਦਾ ਮੁੱਲ ਪਾਉਂਦਿਆਂ ਉਨ੍ਹਾਂ ਨੂੰ ਇਹ ਅਹਿਮ ਅਹੁਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਰੋੜਾ ਦੀ ਅਗਵਾਈ ਵਿੱਚ ਪਾਰਟੀ ਹੋਰ ਮਜ਼ਬੂਤੀ ਵੱਲ ਵੱਧੇਗੀ। ਇਸ ਮੌਕੇ ਹਲਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਵੱਡੀ ਗਿਣਤੀ 'ਚ 'ਆਪ' ਵਰਕਰ ਹਾਜ਼ਰ ਸਨ।

## ਐਨਸੀਸੀ ਗਰੁੱਪ ਕਮਾਂਡਰ ਵੱਲੋਂ ਕੈਂਪ ਦਾ ਨਿਰੀਖਣ ਅਤੇ ਕੈਡਟਸ ਨੂੰ ਦਿੱਤੇ ਸਫਲ ਜੀਵਨ ਦੇ ਮੰਤਰ



ਜਲੰਧਰ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਬ੍ਰਿਗੇਡੀਅਰ ਅਜੈ ਤਿਵਾਰੀ, ਸੈਨਾ ਮੇਡਲ, ਗਰੁੱਪ ਕਮਾਂਡਰ ਐਨਸੀਸੀ ਜਲੰਧਰ ਨੇ ਅੱਜ ਡੀਏਵੀ ਇੰਸਟੀਟਿਊਟ ਆਫ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਕਾਲਜ ਵਿੱਚ ਆਯੋਜਿਤ ਕੀਤੇ ਜਾ ਰਹੇ 10 ਦਿਨਾਂ ਦੇ ਐਨਸੀਸੀ ਕੈਂਪ ਦਾ ਦੌਰਾ ਕੀਤਾ। ਇਹ ਕੈਂਪ 2 ਪੰਜਾਬ ਐਨਸੀਸੀ ਬਟਾਲੀਅਨ ਦੇ ਤਹਿਤ ਆਯੋਜਿਤ ਕੀਤਾ ਗਿਆ ਸੀ। ਕੈਂਪ ਦੇ ਨਿਰੀਖਣ ਲਈ ਪਹੁੰਚਣ 'ਤੇ, ਬ੍ਰਿਗੇਡੀਅਰ ਅਜੈ ਤਿਵਾਰੀ ਨੂੰ ਕਵਾਰਟਰ ਗਾਰਡ ਵਿੱਚ ਕੈਡਟਸ ਵੱਲੋਂ ਸਲਾਮੀ ਦਿੱਤੀ ਗਈ। ਇਸ ਤੋਂ ਬਾਅਦ, ਉਨ੍ਹਾਂ ਨੇ ਐਸੋਸੀਏਟ ਐਨਸੀਸੀ ਅਧਿਕਾਰੀਆਂ ਅਤੇ ਫੌਜ ਦੇ ਜੂਨੀਅਰ ਕਮੀਸ਼ਨ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਕੈਡਟਸ ਨੇ ਉਨ੍ਹਾਂ ਨੂੰ ਕੈਂਪ ਦੇ ਲੇਆਊਟ, ਟ ?ਰੇਨਿੰਗ ਅਤੇ ਪ੍ਰਸ਼ਾਸਨਿਕ ਤਿਆਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡੀਏਵੀ ਕਾਲਜ ਦੇ ਆਡੀਟੋਰੀਅਮ ਵਿੱਚ ਬ੍ਰਿਗੇਡੀਅਰ ਤਿਵਾਰੀ ਦਾ ਸੁਆਗਤ ਗਰਲਜ਼ ਕੈਡਟਸ ਵੱਲੋਂ ਫੁੱਲਾਂ ਦੇ ਗੁਲਦਸਤਿਆਂ ਨਾਲ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕੈਡਟਸ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਐਨਸੀਸੀ ਦੁਨੀਆਂ ਦੀ ਸਭ ਤੋਂ ਵੱਡੀ ਵਰਦੀਧਾਰੀ ਸੰਸਥਾ ਹੈ, ਜੋ ਉਹਨਾਂ ਨੂੰ ਜੀਵਨ ਵਿੱਚ ਏਕਤਾ ਅਤੇ ਅਨੁਸ਼ਾਸਨ ਦਾ ਮੂਲ ਮੰਤਰ ਸਿਖਾਉਂਦੀ ਹੈ। ਉਨ੍ਹਾਂ ਨੇ ਸਮਾਂ ਪ੍ਰਬੰਧਨ, ਸਮਾਂ ਵੰਡ ਅਤੇ ਜੀਵਨ ਵਿੱਚ ਮਿਸ਼ਨ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਹਨਾਂ ਨੇ ਕੈਡਟਸ ਨੂੰ ਸਮਝਾਇਆ ਕਿ ਅਨੁਸ਼ਾਸਨ ਅਤੇ ਲਗਾਤਾਰ ਕੋਸ਼ਿਸ਼ਾਂ ਰਾਹੀਂ ਉਹ ਆਪਣਾ ਟੀਚਾ ਪ੍ਰਾਪਤ ਕਰ ਸਕਦੇ ਹਨ। 30 ਮਿੰਟ ਦੇ ਪ੍ਰੇਰਣਾਤਮਕ ਉਪਦੇਸ਼ ਤੋਂ ਬਾਅਦ, ਕੈਡਟਸ ਅਤੇ ਟ ?ਰੇਨਰਜ਼ ਨਾਲ ਸਮੂਹਿਕ ਫੋਟੋ ਲਈ ਗਈ। ਇਸ ਤੋਂ ਬਾਅਦ, ਸਭ ਨੇ ਮਿਲ ਕੇ ਐਨਸੀਸੀ ਗੀਤ ਗਾਇਆ ਅਤੇ ਭਾਰਤ ਮਾਤਾ ਦੀ ਜੈ ਦੇ ਨਾਅਰੇ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ। ਇਸ ਤੋਂ ਬਾਅਦ ਬ੍ਰਿਗੇਡੀਅਰ ਤਿਵਾਰੀ ਨੇ ਕੈਂਪ ਕਮਾਂਡੈਂਟ ਨਾਲ ਭਾਰਤੀ ਫੌਜ ਨਾਲ ਐਨਸੀਸੀ ਕੈਡਟਸ ਲਈ ਅਗਲੇ ਦੋ ਕੈਂਪਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਗਰਲਜ਼ ਕੈਡਟਸ ਨਾਲ ਭੋਜਨ ਵੀ ਕੀਤਾ ਅਤੇ ਉਨ੍ਹਾਂ ਤੋਂ ਟ ?ਰੇਨਿੰਗ, ਭੋਜਨ ਦੀ ਗੁਣਵੱਤਾ ਅਤੇ ਕੈਂਪ ਵਿੱਚ ਦਿੱਤੀਆਂ ਜਾ ਰਹੀਆਂ ਹੋਰ ਸੁਵਿਧਾਵਾਂ ਬਾਰੇ ਜਾਣਕਾਰੀ ਲਈ। ਬ੍ਰਿਗੇਡੀਅਰ ਅਜੈ ਤਿਵਾਰੀ ਨੇ 2 ਪੰਜਾਬ ਐਨਸੀਸੀ ਬਟਾਲੀਅਨ ਦੇ ਸਾਰੇ ਮੈਂਬਰਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸ਼ਾਨਦਾਰ ਟ ?ਰੇਨਿੰਗ, ਖਾਣ-ਪੀਣ ਅਤੇ ਰਹਿਣ-ਸਹਿਣ ਦੀਆਂ ਵਧੀਆ ਸਹੂਲਤਾਂ ਉਪਲੱਬਧ ਕਰਾਉਣ ਲਈ ਸ਼ਾਬਾਸ਼ੀ ਦਿੱਤੀ।

## ਪਟੇਲ ਕਾਲਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ



ਰਾਜਪੁਰਾ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿੱਚ ਐੱਸਪੀ ਹੈੱਡਕੁਆਰਟਰ ਪਟਿਆਲਾ ਹਰਬੰਤ ਕੌਰ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਡੀ.ਐੱਸ.ਪੀ. ਰਾਜਪੁਰਾ ਮਨਜੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਸੈਮੀਨਾਰ ਵਿੱਚ ਨਸ਼ਿਆਂ ਦੇ ਕਾਰਨਾਂ, ਰੋਕਥਾਮ ਅਤੇ ਹੱਲ ਦੇ ਵਾਜਬ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਪੁਲੀਸ ਪੂਰੇ ਪੰਜਾਬ ਵਿੱਚੋਂ ਨਸ਼ੇ ਦੀਆਂ ਜੜ੍ਹਾਂ ਵੱਢਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ।

ਸੈਮੀਨਾਰ ਵਿੱਚ ਰਘਬੀਰ ਸਿੰਘ ਰਿਟਾਇਰਡ ਡੀ.ਐੱਸ.ਪੀ. ਘਨੌਰ, ਬਲਵਿੰਦਰ ਸਿੰਘ ਐੱਸ.ਐੱਚ.ਓ.ਸਿਟੀ ਥਾਣਾ, ਕਿਰਪਾਲ ਸਿੰਘ ਐੱਸ.ਐੱਚ.ਓ. ਸਦਰ ਥਾਣਾ, ਗੁਰਸੇਵਕ ਸਿੰਘ ਐੱਸ.ਐੱਚ.ਓ. ਥਾਣਾ ਬਨੂੜ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਨਿਰਮਲ ਸਿੰਘ ਇੰਚਾਰਜ ਸਾਂਝ ਕੇਂਦਰ ਰਾਜਪੁਰਾ ਅਤੇ ਜਸਵਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਘਨੌਰ ਨੇ ਸੰਬੋਧਨ ਕੀਤਾ। ਇਨ੍ਹਾਂ ਤੋਂ ਇਲਾਵਾ ਡਾ. ਮੋਹਨੀਸ਼ ਕੁਮਾਰ ਗੌੜ ਸਰਜਨ ਰਾਜਪੁਰਾ, ਪਰਮਜੀਤ ਸਿੰਘ ਮੈਂਬਰ ਪੁਲੀਸ ਸਾਂਝ ਕੇਂਦਰ ਪਟਿਆਲਾ, ਗੁਰਕੀਰਤ ਸਿੰਘ ਮੈਂਬਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਅਤੇ ਪ੍ਰੀਤਮ ਸਿੰਘ ਵੜਿੰਗ ਪਬਲਿਕ ਰਿਲੇਸ਼ਨ ਅਫ਼ਸਰ ਗਿਆਨ ਸਾਗਰ ਹਸਪਤਾਲ ਨੇ ਵੀ ਨਸ਼ਾ ਮੁਕਤ ਪੰਜਾਬ ਕਰਨ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਪੁਲੀਸ ਅਫ਼ਸਰਾਂ ਅਤੇ ਬਾਕੀ ਮੈਂਬਰਾਂ ਦਾ ਸਵਾਗਤ ਕੀਤਾ। ਇਸ ਮੌਕੇ ਮੰਚ ਸੰਚਾਲਨ ਡਾ. ਗੁਰਪ੍ਰੀਤ ਸਿੰਘ ਜੀਪੀ ਨੇ ਕੀਤਾ। ਲਗਭਗ 500 ਦੇ ਕਰੀਬ ਵਿਦਿਆਰਥੀਆਂ ਨੇ ਸੈਮੀਨਾਰ ਵਿੱਚ ਹਿੱਸਾ ਲਿਆ। ਇਸ ਮੌਕੇ ਪ੍ਰੋ. ਰਾਜੀਵ ਬਾਹੀਆ, ਡਾ. ਜੈਦੀਪ ਸਿੰਘ ਅਤੇ ਰਾਜਪੁਰਾ ਪੁਲੀਸ ਅਤੇ ਸਾਂਝ ਕੇਂਦਰ ਸਟਾਫ਼ ਅਤੇ ਕਾਲਜ ਸਟਾਫ਼ ਮੌਜੂਦ ਸੀ।

## ਪੰਜਾਬੀ ਯੂਨੀਵਰਸਿਟੀ 'ਚ ਰੈਗੂਲਰ ਵੀਸੀ ਤਾਇਨਾਤ ਕਰਨ ਦੀ ਮੰਗ

### ਸੈਫੀ ਵੱਲੋਂ 'ਵਰਸਿਟੀ ਦੇ ਗੇਟ 'ਤੇ ਪ੍ਰਦਰਸ਼ਨ; ਪੰਜਾਬ ਦੀਆਂ ਅੱਧੀ ਦਰਜਨ ਯੂਨੀਵਰਸਿਟੀਆਂ ਰੈਗੂਲਰ ਵੀਸੀ ਤੋਂ ਸੱਖਣੀਆਂ



ਰੈਗੂਲਰ ਵੀਸੀ ਦੀ ਮੰਗ ਸਬੰਧੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਗੇਟ 'ਤੇ ਪ੍ਰਦਰਸ਼ਨ ਕਰਦੇ ਹੋਏ ਸੈਫੀ ਦੇ ਕਾਰਕੁਨ।

ਪਟਿਆਲਾ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ ਵਿਖੇ ਰੈਗੂਲਰ ਵਾਈਸ ਚਾਂਸਲਰ ਦੀ ਤਾਇਨਾਤੀ ਦੀ ਮੰਗ ਨੂੰ ਲੈ ਕੇ 'ਸੈਫੀ' ਨਾਮ ਦੀ ਵਿਦਿਆਰਥੀ ਜਥੇਬੰਦੀ ਵੱਲੋਂ ਸ਼ੁਰੂ ਕੀਤੇ ਗਏ ਸੰਘਰਸ਼ ਦੀ ਕੜੀ ਵਜੋਂ ਅੱਜ 'ਯੂਨੀਵਰਸਿਟੀਆਂ ਬਚਾਓ ਪੰਜਾਬ ਬਚਾਓ' ਦੇ ਨਾਅਰੇ ਹੇਠਾਂ ਅੱਜ ਯੂਨੀਵਰਸਿਟੀ ਦੇ ਮੁੱਖ ਗੇਟ 'ਤੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਧਰਨੇ ਦੀ ਅਗਵਾਈ ਕਰਦਿਆਂ ਜਥੇਬੰਦੀ ਦੇ ਬੁਲਾਰੇ ਯਾਦਵਿੰਦਰ ਸਿੰਘ ਯਾਦੂ ਨੇ ਕਿਹਾ ਕਿ ਇਸ ਵੇਲੇ ਸੂਬੇ ਦੀਆਂ ਅੱਧੀ ਦਰਜਨ ਯੂਨੀਵਰਸਿਟੀਆਂ ਰੈਗੂਲਰ ਵੀਸੀ ਤੋਂ ਬਿਨਾ ਚੱਲ ਰਹੀਆਂ ਹਨ ਤੇ 'ਆਪ' ਸਰਕਾਰ ਪ੍ਰਮੁੱਖ ਵਿੱਦਿਅਕ ਅਦਾਰਿਆਂ ਨੂੰ ਜਾਣ-ਬੁੱਝ ਕੇ ਨਿਘਾਰ ਵੱਲ ਨੂੰ ਧੱਕ ਰਹੀ ਹੈ ਤਾਂ ਜੋ ਇਸ ਬਹਾਨੇ ਇਨ੍ਹਾਂ ਅਦਾਰਿਆਂ ਦਾ ਨਿੱਜੀਕਰਨ ਕਰਕੇ ਇਨ੍ਹਾਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਰੈਗੂਲਰ ਵਾਈਸ ਚਾਂਸਲਰ ਦਾ ਅਹੁਦਾ 25 ਅਪਰੈਲ ਤੋਂ ਖਾਲੀ ਪਿਆ ਹੈ ਤੇ ਕਾਰਜਕਾਰੀ ਵੀਸੀ ਵਜੋਂ ਕਾਰਜਸ਼ੀਲ ਆਈਏਐੱਸ ਕੇਕੇ ਯਾਦਵ ਕੋਲ ਚੰਡੀਗੜ੍ਹ ਦੀਆਂ ਵੀ ਵੱਡੀਆਂ ਜ਼ਿੰਮੇਵਾਰੀਆਂ ਹੋਣ ਕਰਕੇ ਉਹ ਇੱਥੇ ਪੂਰਾ ਸਮਾਂ ਅਤੇ ਧਿਆਨ ਨਹੀਂ ਦੇ ਪਾ ਰਹੇ, ਜਿਸ ਕਰਕੇ ਯੂਨੀਵਰਸਿਟੀ ਨਾਲ ਜੁੜਿਆ ਹਰੇਕ ਵਰਗ ਖੱਜਲ-ਖੁਆਰੀ ਦਾ ਸ਼ਿਕਾਰ ਹੋ ਰਿਹਾ ਹੈ।

ਯਾਦਵਿੰਦਰ ਯਾਦੂ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਸਣੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਸ੍ਰੀ ਗੁਰੂ ਤੇਗ ਬਹਾਦੁਰ ਸਟੇਟ ਯੂਨੀਵਰਸਿਟੀ ਆਫ਼ ਲਾਅ ਤਰਨਤਾਰਨ ਅਤੇ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਹੁਸ਼ਿਆਰਪੁਰ ਬਿਨਾਂ ਰੈਗੂਲਰ ਵੀਸੀ ਤੋਂ ਕੰਮ ਕਰ ਰਹੀਆਂ ਹਨ। ਇਸ ਮੌਕੇ ਸੁਪਿੰਦਰ ਸਿੰਘ, ਕਰਨਵੀਰ ਸਿੰਘ, ਗੁਰਪ੍ਰੀਤ ਸਿੰਘ, ਪ੍ਰਭਕੀਰਤ ਸਿੰਘ, ਰਿਸ਼ਭ ਸਿੰਘ, ਜਸ਼ਨਦੀਪ ਖੁੱਡੀਆਂ, ਖੁਸ਼ਪ੍ਰੀਤ ਸਿੰਘ, ਪੁਨੀਤ ਸਿੰਘ, ਕਰਨ, ਮਨਜਿੰਦਰਜੋਤ ਸਿੰਘ ਅਤੇ ਗੁਰਬਾਜ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ। ਆਗੂਆਂ ਨੇ ਕਿਹਾ ਕਿ ਰੈਗੂਲਰ ਵੀਸੀ ਦੀ ਅਣਹੋਂਦ ਕਾਰਨ ਵਿਦਿਆਰਥੀਆਂ, ਅਧਿਆਪਕਾਂ ਅਤੇ ਮੁਲਾਜ਼ਮਾਂ ਦੀਆਂ ਮੁਸ਼ਕਲਾਂ ਤੇ ਮਸਲਿਆਂ ਸਣੇ ਮੰਗਾਂ ਹੱਲ ਨਹੀਂ ਹੋ ਰਹੀਆਂ। ਪ੍ਰੀਖਿਆ ਸ਼ਾਖਾ ਕੋਲ਼ ਡਿਗਰੀਆਂ/ਸਰਟੀਫਿਕੇਟ ਜਾਰੀ ਕਰਨ ਵਾਲੇ ਕਾਗਜ਼ ਤੱਕ ਨਹੀਂ ਹਨ।

ਇਸ ਸਬੰਧੀ ਪਿਛਲੇ ਹਫ਼ਤੇ ਸੈਫੀ ਵੱਲੋਂ 'ਵਾਈਸ ਚਾਂਸਲਰ ਦੀ 'ਗੁੰਮਸ਼ੁਦਗੀ' ਸਬੰਧੀ ਪੋਸਟਰ ਲਾ ਕੇ ਰੋਸ ਦਾ ਇਜ਼ਹਾਰ ਕੀਤਾ ਗਿਆ ਸੀ। ਰੈਗੂਲਰ ਵਾਈਸ ਚਾਂਸਲਰ ਨਾ ਹੋਣ ਕਰਕੇ ਵਿਦਿਆਰਥੀਆਂ ਦੀ ਵੱਡੇ ਪੱਧਰ 'ਤੇ ਖੱਜਲ ਖੁਆਰੀ ਹੋ ਰਹੀ ਹੈ। ਯੂਨੀਵਰਸਿਟੀ ਨੂੰ ਬਿਨਾ ਰੈਗੂਲਰ ਵੀਸੀ ਤੋਂ ਚੱਲਦਿਆਂ ਸੱਤ ਮਹੀਨੇ ਹੋ ਜਾਣਗੇ ਅਤੇ ਕਾਰਜਕਾਰੀ ਵੀਸੀ ਦੇ ਕਾਰਜਕਾਲ 'ਚ ਕੀਤਾ ਗਿਆ ਚੌਥਾ ਵਾਧਾ ਵੀ 25 ਨਵੰਬਰ ਨੂੰ ਖ਼ਤਮ ਹੋ ਰਿਹਾ ਹੈ।

## ਟਰਾਈ ਲੈਣ ਦੇ ਬਹਾਨੇ ਥਾਰ ਲੈ ਕੇ .ਫਰਾਰ; ਮਾਲਕ ਨੂੰ ਬਾਹਰ ਸੁੱਟਿਆ

ਪਟਿਆਲਾ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਾਭਾ ਵਿੱਚ ਥਾਰ ਗੱਡੀ ਖਰੀਦਣ ਦੇ ਬਹਾਨੇ ਕੁਝ ਨੌਜਵਾਨ ਕਾਰ ਖੋਹ ਕੇ ਲੈ ਗਏ। ਹੋਇਆ ਇੰਜ ਕਿ ਨਾਭਾ ਵਾਸੀ ਚਿਰਾਗ ਛਾਬੜਾ ਵੱਲੋਂ ਆਪਣੀ ਥਾਰ ਗੱਡੀ ਵੇਚਣ ਲਈ ਸੋਸ਼ਲ ਮੀਡੀਆ ਰਾਹੀਂ ਪੋਸਟ ਅੱਪਲੋਡ ਕੀਤੀ ਗਈ ਸੀ। ਉਸ ਦੀ ਇਹ ਗੱਡੀ ਲੈਣ ਲਈ ਤਿੰਨ ਨੌਜਵਾਨ ਆਏ। ਕਾਰ ਨੂੰ ਪਰਖਣ ਲਈ ਉਹ ਚਿਰਾਗ ਛਾਬੜਾ ਨੂੰ ਵੀ ਕਾਰ ਵਿੱਚ ਨਾਲ ਹੀ ਬਿਠਾ ਕੇ ਗੇੜੀ ਲਾਉਣ ਚਲੇ ਗਏ ਪਰ ਜਿਉਂ ਹੀ ਉਹ ਪਿੰਡ ਭੋਜੋ ਮਾਜਰੀ ਨੇੜੇ ਪਹੁੰਚੇ ਤਾਂ ਇਨ੍ਹਾਂ ਨੌਜਵਾਨਾ ਨੇ ਚਿਰਾਗ ਛਾਬੜਾ ਨੂੰ ਧੱਕਾ ਮਾਰ ਕੇ ਕਾਰ ਵਿੱਚੋਂ ਬਾਹਰ ਸੁੱਟ ਦਿੱਤਾ ਤੇ ਮੁਲਜ਼ਮ ਉਸ ਦੀ ਗੱਡੀ ਚੋਰੀ ਕਰਕੇ ਮੌਕੇ ਤੋਂ ਫਰਾਰ ਹੋ ਗਏ। ਚਿਰਾਗ ਛਾਬੜਾ ਨੂੰ ਇਲਾਜ ਲਈ ਸਿਵਲ ਹਸਪਤਾਲ ਨਾਭਾ ਵਿੱਚ ਦਾਖਲ ਕਰਵਾਇਆ ਗਿਆ ਹੈ।

## ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਕਾਨਫਰੰਸ ਵਿੱਚ ਸਰਕਾਰੀ ਐਲੀਮੈਂਟਰੀ ਮਾਡਲ ਸਕੂਲ ਪਿੱਪਲੀਵਾਲ ਦਾ ਸ਼ਾਨਦਾਰ ਪ੍ਰਦਰਸ਼ਨ

ਗੜ੍ਹਸ਼ੰਕਰ, 25 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਬੀਤੇ ਦਿਨੀ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਅੰਤਰਰਾਸ਼ਟਰੀ ਬਾਲ ਕਾਨਫਰੰਸ ਜੋ ਕਿ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਆਯੋਜਿਤ ਕੀਤੀ ਗਈ। ਮਾਤ ਭਾਸ਼ਾ ਨੂੰ ਪ੍ਰਫੁੱਲਿਤ ਕਰਨ ਲਈ ਸ੍ਰੀ ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਵਿਸ਼ੇਸ਼ ਯਤਨਾਂ ਤਹਿਤ ਇਹ ਕਾਨਫਰੰਸ ਕਰਵਾਈ ਗਈ ਜਿਸ ਦਾ ਮਨੋਰਥ ਬੱਚਿਆਂ ਨੂੰ ਮਾਤ ਭਾਸ਼ਾ ਨਾਲ ਜੋੜ ਕੇ ਸਾਹਿਤ ਦੀਆਂ ਵੱਖ ਵੱਖ ਵੰਨਗੀਆਂ ਨੂੰ ਪ੍ਰਫੁੱਲਤ ਕਰਨਾ ਸੀ। ਦੋ ਦਿਨਾਂ ਕਾਨਫਰੰਸ ਵਿੱਚ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ ਇਲਾਵਾ ਦੂਰ ਦੇਸ਼ਾਂ ਦੇ ਬੱਚਿਆਂ ਵੱਲੋਂ ਵੀ ਭਾਗ ਲਿਆ ਗਿਆ। ਕਾਨਫਰੰਸ ਵਿੱਚ ਵੱਖ-ਵੱਖ ਵਰਗ ਪ੍ਰਾਇਮਰੀ, ਮਿਡਲ ਅਤੇ ਸੈਕੰਡਰੀ ਵਰਗ ਦੇ ਲੇਖ ਰਚਨਾ, ਕਵਿਤਾ ਗਾਇਨ, ਕਹਾਣੀ ਲੇਖਨ ਅਤੇ ਗੀਤ ਗਾਇਨ ਆਦਿ ਵਨਗੀਆਂ ਦੇ ਮੁਕਾਬਲੇ ਹੋਏ। ਇਹਨਾਂ ਮੁਕਾਬਲਿਆਂ ਵਿੱਚ ਲਗਭਗ 800 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਪ੍ਰਾਇਮਰੀ ਵਰਗ ਦੇ ਮੁਕਾਬਲਿਆਂ ਵਿੱਚ ਸਰਕਾਰੀ ਐਲੀਮੈਂਟਰੀ ਮਾਡਲ ਸਕੂਲ ਪਿੱਪਲੀਵਾਲ ਦੀਆਂ ਵਿਦਿਆਰਥਣਾਂ ਸਾਨਿਆ ਤੇ ਹਰਨੂਰ ਨੇ ਲੇਖ ਰਚਨਾ ਤੇ ਕਵਿਤਾ ਗਾਇਨ ਵਿੱਚ ਭਾਗ ਲਿਆ।ਇਹਨਾਂ ਮੁਕਾਬਲਿਆਂ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਪਹਿਲੀਆਂ ਦਸ ਪੁਜੀਸ਼ਨਾਂ ਵਿੱਚ ਸਥਾਨ ਹਾਸਲ ਕੀਤਾ। ਸੰਸਥਾ ਵੱਲੋਂ ਬੱਚਿਆਂ ਨੂੰ ਗੋਲਡ ਮੈਡਲ, ਸਰਟੀਫਿਕੇਟ ਅਤੇ ਕਾਨਫਰੰਸ ਬੈਗ ਆਦਿ ਦੇ ਕੇ ਸਨਮਾਨਿਤ ਕੀਤਾ ਗਿਆ। ਬੱਚਿਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਤੇ ਸਕੂਲ ਮੁਖੀ ਸ਼੍ਰੀ ਨਿਤਿਨ ਸੁਮਨ ਤੇ ਅਧਿਆਪਕਾ ਰਮਨਦੀਪ ਕੌਰ ਵੱਲੋਂ ਵਧਾਈ ਦਿੱਤੀ ਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਖ਼ੁਸ਼ੀ ਦੇ ਮੌਕੇ ਤੇ ਨਗਰ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਪਿੰਡ ਪੁੱਜਣ ਤੇ ਭਰਮਾ ਸਵਾਗਤ ਕਰਕੇ ਸਕੂਲ ਸਟਾਫ ਤੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਗਈ।

# ਵਿਦਿਆਰਥੀਆਂ ਦੀ ਸਕੂਲਾਂ 'ਚ ਸੁਰੱਖਿਅਤ ਆਵਾਜਾਈ ਯਕੀਨੀ ਬਣਾਈ ਜਾਵੇ: ਡਿਪਟੀ ਕਮਿਸ਼ਨਰ



ਜ਼ਿਲ੍ਹਾ ਸੇਫ਼ ਵਾਹਨ ਕਮੇਟੀ ਦੀ ਅਗਵਾਈ ਹੇਠ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਨਿਜੀ ਸਕੂਲਾਂ ਦੇ ਵਾਹਨਾਂ ਦਾ ਨਿਰੀਖਣ ਕਰਦੀ ਹੋਈ ਟੀਮ।

**ਪਟਿਆਲਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਸਮੂਹ ਸਕੂਲਾਂ ਦੇ ਮੁਖੀ ਸੇਫ਼ ਸਕੂਲ ਵਾਹਨ ਨੀਤੀ ਨੂੰ ਹਰ ਹਾਲ 'ਚ ਲਾਗੂ ਕਰਨ ਅਤੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਤੌਰ 'ਤੇ ਟਰਾਂਸਪੋਰਟ ਦੀ ਸੁਵਿਧਾ ਪ੍ਰਦਾਨ ਕਰਨ ਵਾਲੇ ਟਰਾਂਸਪੋਟਰਾਂ ਸਮੇਤ ਸਕੂਲ ਆਪਣੇ ਵਾਹਨਾਂ 'ਚ ਰਹਿੰਦੀਆਂ ਕਮੀਆਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਪੂਰਾ ਕਰਨਾ ਯਕੀਨੀ ਬਣਾਉਣ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਇਸ ਨੀਤੀ ਨੂੰ ਲਾਗੂ ਕਰਨ 'ਚ ਕੋਈ ਸਕੂਲ ਅਣਗਹਿਲੀ ਵਰਤਦਾ ਹੈ ਤਾਂ ਪ੍ਰਿੰਸੀਪਲ ਵਿਰੁੱਧ ਨਿਯਮਾਂ ਮੁਤਾਬਕ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਜ਼ਿਲ੍ਹਾ ਸੇਫ਼ ਸਕੂਲ ਵਾਹਨ ਕਮੇਟੀ ਜਿਸ ਵਿੱਚ ਟਰਾਂਸਪੋਰਟ ਵਿਭਾਗ ਸਮੇਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਜ਼ਿਲ੍ਹਾ ਸਿੱਖਿਆ ਵਿਭਾਗ ਤੇ ਟ੍ਰੈਫਿਕ ਪੁਲਿਸ ਦਾ ਅਮਲਾ ਸ਼ਾਮਲ ਹੈ, ਵੱਲੋਂ ਨਿਜੀ ਸਕੂਲਾਂ ਦੇ ਵਾਹਨਾਂ ਦਾ ਅਚਨਚੇਤ ਨਿਰੀਖਣ ਕਰਕੇ ਉਲੰਘਣਾ ਕਰਨ ਵਾਲੇ 3 ਸਕੂਲੀ ਵਾਹਨਾਂ ਦੇ ਚਲਾਨ ਕੱਟੇ ਗਏ ਹਨ।

ਇਸੇ ਦੌਰਾਨ ਪਟਿਆਲਾ ਦੇ ਖੇਤਰੀ ਟਰਾਂਸਪੋਰਟ ਅਫ਼ਸਰ ਨਮਨ ਮਾਰਕੰਨ ਨੇ ਦੱਸਿਆ ਹੈ ਕਿ ਜ਼ਿਲ੍ਹੇ ਅੰਦਰ ਨਿਜੀ ਸਕੂਲਾਂ 'ਚ ਸੇਫ਼ ਸਕੂਲ ਵਾਹਨ ਨੀਤੀ ਅਮਲੀ ਰੂਪ 'ਚ ਲਾਗੂ ਕਰਨ ਲਈ ਸਕੂਲ ਵਾਹਨਾਂ ਦੀ ਅਚਨਚੇਤ ਚੈਕਿੰਗ ਲਗਾਤਾਰ ਜਾਰੀ ਰਹੇਗੀ।

ਆਰ.ਟੀ.ਏ. ਨੇ ਦੱਸਿਆ ਕਿ ਜੇਕਰ ਕਿਸੇ ਵੀ ਸਕੂਲ ਵਾਹਨ ਵਿੱਚ ਕੋਈ ਤਰੁੱਟੀ ਤੇ ਕਮੀ ਪਾਈ ਗਈ, ਜਿਸ ਨਾਲ ਬੱਚਿਆਂ ਦੀ ਸੁਰੱਖਿਆ ਦਾਅ 'ਤੇ ਲੱਗਦੀ ਹੋਵੇ, ਉਨ੍ਹਾਂ ਵਾਹਨਾਂ ਦੇ ਚਲਾਨ ਕੱਟੇ ਜਾਣਗੇ। ਉਨ੍ਹਾਂ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਮੁਤਾਬਕ ਡਰਾਇਵਰ ਦੀ ਨੇਮ ਪਲੇਟ ਤੇ ਵਰਦੀ, ਮਹਿਲਾ ਅਟੈਂਡੈਂਟ, ਮੁਢਲੀ ਸਹਾਇਤਾ ਬਕਸੇ, ਅੱਗ ਬੁਝਾਊ ਯੰਤਰ, ਸੀ.ਸੀ.ਟੀ.ਵੀ ਕੈਮਰੇ, ਓਵਰ-ਲੋਡਿੰਗ ਨਾ ਹੋਣਾ ਸਮੇਤ ਹੋਰ ਬੇਨਿਯਮੀਆਂ ਕਰਨ ਵਾਲਿਆਂ ਦੇ ਚਲਾਨ ਕੱਟੇ ਜਾਂਦੇ ਹਨ।

# ਲੋਕਾਂ ਨੂੰ ਆਪਣੀ ਗੱਲ ਰੱਖਣ ਲਈ ਸਮਾਂ ਦੇਣਾ ਹੀ ਅਸਲ ਲੋਕਤੰਤਰ : ਡਾ. ਬਲਬੀਰ ਸਿੰਘ

**➢ ਸਿਹਤ, ਸਿੱਖਿਆ ਤੇ ਰੋਜ਼ਗਾਰ ਪੰਜਾਬ ਸਰਕਾਰ ਦੀਆਂ ਮੁੱਖ ਤਰਜ਼ੀਹਾਂ : ਸਿਹਤ ਮੰਤਰੀ ➢ ਡਾ. ਬਲਬੀਰ ਸਿੰਘ ਹਲਕਾ ਵਾਸੀਆਂ ਦੀ ਛੋਟੀ ਤੋਂ ਛੋਟੀ ਮੁਸ਼ਕਲ ਨੂੰ ਖੁਦ ਸੁਣਕੇ ਕਰ ਰਹੇ ਨੇ ਮੁਸ਼ਕਲਾਂ ਦਾ ਨਿਪਟਾਰਾ**

**ਪਟਿਆਲਾ, 22 ਨਵੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਆਪਣੀ ਗੱਲ ਰੱਖਣ ਲਈ ਸਮਾਂ ਦੇਣਾ ਹੀ ਅਸਲ ਲੋਕਤੰਤਰ ਹੈ। ਉਨ੍ਹਾਂ ਕਿਹਾ ਕਿ ਇਸੇ ਭਾਵਨਾ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੀ ਦੁਆਰ ਮੁਹਿੰਮ ਤਹਿਤ ਹਰੇਕ ਪਿੰਡ ਅਤੇ ਵਾਰਡ ਤੱਕ ਸਮੁੱਚਾ ਪ੍ਰਸ਼ਾਸਨ ਪੁੱਜਦਾ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਮੌਕੇ 'ਤੇ ਹੀ ਉਨ੍ਹਾਂ ਦਾ ਹੱਲ ਕਰਨ ਦਾ ਜੋ ਉਪਰਾਲੇ ਕੀਤਾ ਹੈ, ਲੋਕਾਂ ਵੱਲੋਂ ਵੀ ਇਸ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।

ਸਿਹਤ ਮੰਤਰੀ ਅੱਜ ਪਟਿਆਲਾ ਦੇ ਤ੍ਰਿਪੜੀ, ਗੁਰੂ ਨਾਨਕ ਨਗਰ, ਜੁਝਾਰ ਨਗਰ ਤੇ ਵਾਰਡ ਨੰਬਰ 29 ਦੇ ਵਸਨੀਕਾਂ ਦੀਆਂ ਮੁਸ਼ਕਲਾਂ ਸੁਣਨ ਤੇ ਉਨ੍ਹਾਂ ਦਾ ਹੱਲ ਕਰਨ ਲਈ ਸਮੁੱਚੇ ਪ੍ਰਸ਼ਾਸਨ ਨਾਲ ਲੋਕਾਂ ਵਿੱਚ ਪੁੱਜੇ ਹੋਏ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ



ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਪਟਿਆਲਾ ਦਿਹਾਤੀ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣਦੇ ਹੋਏ।

ਹਰਚੰਦ ਸਿੰਘ ਬਰਸਟ ਵੀ ਮੌਜੂਦ ਸਨ।

ਡਾ. ਬਲਬੀਰ ਸਿੰਘ ਨੇ ਇਲਾਕਾ ਨਿਵਾਸੀਆਂ ਦੀਆਂ ਛੋਟੀਆਂ ਤੋਂ ਛੋਟੀਆਂ ਮੁਸ਼ਕਲਾਂ ਨੂੰ ਆਪ ਸੁਣਦਿਆਂ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਸਮੱਸਿਆਵਾਂ ਦਾ ਹੱਲ ਕਰਨ ਲਈ ਨਿਰਦੇਸ਼ ਦਿੰਦਿਆਂ ਕਿਹਾ ਕਿ ਖਰਾਬ ਸਟਰੀਟ ਲਾਈਟ ਦਾ ਕੰਮ 7 ਦਸੰਬਰ ਤੱਕ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਸੀਵਰੇਜ ਦੀ ਸਫ਼ਾਈ ਤੋਂ ਬਾਅਦ ਮਲਬੇ ਦਾ ਢੇਰ ਸੜਕ ਜਾਂ ਗਲੀ ਵਿੱਚ ਲਗਾਉਣ ਦਾ ਗੰਭੀਰ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੀਵਰੇਜ ਦੀ ਸਫ਼ਾਈ ਤੋਂ ਬਾਅਦ ਕੱਢੇ ਗਏ ਮਲਬੇ ਨੂੰ 48 ਘੰਟੇ ਵਿੱਚ ਚੁੱਕਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਘਰਾਂ ਦੇ ਗੇਟਾਂ ਦੇ ਬਾਹਰ ਬਣਾਏ ਜਾਂਦੇ ਰੈਂਪ ਤੇ ਆਵਾਜਾਈ 'ਚ ਅੜਿਕਾ ਬਣਦੇ ਹੋਰ ਢਾਂਚੇ ਸੜਕਾਂ ਜਾਂ ਗਲੀਆਂ ਵੱਲ ਨਾ ਵਧਾਏ ਜਾਣ, ਇਸ ਨਾਲ ਜਿਥੇ ਆਵਾਜਾਈ ਵਿੱਚ ਵਿਘਨ ਪੈਂਦਾ ਹੈ, ਉਥੇ ਹੀ ਦੁਰਘਟਨਾਵਾਂ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਤੇ ਵਾਰਡਾਂ ਦੀ ਨੁਹਾਰ ਲੋਕਾਂ ਦੇ ਸਹਿਯੋਗ ਨਾਲ ਹੀ ਬਦਲੀ ਜਾ ਸਕਦੀ ਹੈ, ਇਸ ਲਈ ਲੋਕ ਸਰਕਾਰ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਤਾਂ ਜੋ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਹੋ ਸਕਣ।

ਲਗਾਤਾਰ ਤੀਜੇ ਦਿਨ ਪਟਿਆਲਾ ਦਿਹਾਤੀ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਲਈ ਵੱਖ ਵੱਖ ਮੁਹੱਲਿਆਂ ਤੇ ਵਾਰਡਾਂ ਦਾ ਦੌਰਾ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹਰੇਕ ਸਰਕਾਰ ਦਾ ਫ਼ਰਜ਼ ਅਤੇ ਡਿਊਟੀ ਹੈ, ਪਰ ਪਿਛਲੀਆਂ ਸਰਕਾਰਾਂ ਦਾ ਬੁਨਿਆਦੀ ਸਹੂਲਤਾਂ ਵੱਲ ਧਿਆਨ ਨਾ ਹੋਣ ਕਾਰਨ ਹੀ ਆਜ਼ਾਦੀ ਦੇ 75 ਸਾਲ ਬੀਤ ਜਾਣ ਬਾਅਦ ਵੀ ਹਾਲੇ ਪੀਣ ਵਾਲੇ ਸਾਫ਼ ਪਾਣੀ, ਸੀਵਰੇਜ ਤੇ ਗਲੀਆਂ-ਨਾਲੀਆਂ ਦੀ ਸਫ਼ਾਈ ਹੀ ਲੋਕਾਂ ਦੇ ਮੁੱਖ ਮੁੱਦੇ ਹਨ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਪਿਛਲੇ ਢਾਈ ਸਾਲਾਂ ਵਿੱਚ ਲਾਮਿਸਾਲ ਕੰਮ ਕੀਤੇ ਗਏ ਹਨ, ਜਿਸ ਤਹਿਤ ਸਿਹਤ ਦੇ ਖੇਤਰ ਵਿੱਚ ਆਮ ਆਦਮੀ ਕਲੀਨਿਕ ਤੇ ਸਰਕਾਰੀ ਹਸਪਤਾਲਾਂ ਦੀ ਕਾਇਆ ਕਲਪ ਸ਼ਾਮਲ ਹੈ। ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿੱਚ ਸਕੂਲ ਆਫ਼ ਐਮੀਨੈਂਸ ਰਾਹੀਂ ਵਿਦਿਆਰਥੀਆਂ ਨੂੰ ਸਵੈ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵੱਡਾ ਸਿੱਖਿਆ ਸੁਧਾਰ ਕੀਤਾ ਹੈ। ਰੋਜ਼ਗਾਰ ਦੇ ਖੇਤਰ ਵਿੱਚ ਕਰੀਬ 48 ਹਜ਼ਾਰ ਤੋਂ ਜ਼ਿਆਦਾ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਸੰਯੁਕਤ ਕਮਿਸ਼ਨਰ ਨਗਰ ਨਿਗਮ ਦੀਪਜੋਤ ਕੌਰ, ਸਿਵਲ ਸਰਜਨ ਡਾ. ਜਤਿੰਦਰ ਕਾਂਸਲ, ਐਡਵੋਕੇਟ ਰਾਹੁਲ ਸੈਣੀ, ਜਸਵੀਰ ਸਿੰਘ ਗਾਂਧੀ, ਮੇਜਰ ਆਰਪੀਐਸ ਮਲਹੋਤਰਾ, ਪ੍ਰਿਤਪਾਲ ਸਿੰਘ ਭੰਡਾਰੀ, ਰਵਿੰਦਰ ਸਿੰਘ (ਰਵੀ), ਹਰਵਿੰਦਰਪਾਲ ਸਿੰਘ, ਚਰਨਜੀਤ ਸਿੰਘ ਐਸਕੇ, ਜਗਦੇਵ ਸਿੰਘ ਢੀਂਡਸਾ, ਅਮਰਜੀਤ ਸਿੰਘ ਭਾਟੀਆ, ਰੁਪਾਲੀ ਗਰਗ, ਕਿਰਨ, ਪ੍ਰਦੀਪ ਸਿੰਘ, ਮਨਜੀਤ ਸਿੰਘ, ਸੁਰਿੰਦਰ ਸਿੰਘ, ਬ੍ਰਮ ਪ੍ਰਕਾਸ਼, ਰੇਸ਼ਮ ਸਿੰਘ ਸਮੇਤ ਵੱਡੀ ਗਿਣਤੀ ਇਲਾਵਾ ਨਿਵਾਸੀ ਮੌਜੂਦ ਸਨ।

# ਕਿਸਾਨ ਖਾਦਾਂ ਤੇ ਕੀੜੇਮਾਰ ਦਵਾਈਆਂ ਦੀ ਵਰਤੋਂ ਮਾਹਰਾਂ ਦੀ ਰਾਏ ਅਨੁਸਾਰ ਹੀ ਕਰਨ : ਮੁੱਖ ਖੇਤੀਬਾੜੀ ਅਫ਼ਸਰ



**ਪਟਿਆਲਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਬੀਜੀ ਕਣਕ ਦਾ ਸਰਵੇਖਣ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਸਮੂਹ ਬਲਾਕਾਂ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾਅ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਬਲਾਕ ਦੇ ਖੇਤੀਬਾੜੀ ਬਲਾਕ ਅਫ਼ਸਰ, ਖੇਤੀਬਾੜੀ ਵਿਕਾਸ ਅਫ਼ਸਰ, ਖੇਤੀਬਾੜੀ ਵਿਸਥਾਰ ਅਫ਼ਸਰ ਤੇ ਖੇਤੀਬਾੜੀ ਉਪ ਨਿਰੀਖਣ ਖੇਤਾਂ ਵਿੱਚ ਜਾ ਕੇ ਬੀਜੀ ਕਣਕ ਦਾ ਸਰਵੇਖਣ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਗੁਲਾਬੀ ਸੁੰਡੀ ਦਾ ਹਮਲਾ ਨਾਮਾਤਰ ਹੀ ਹੈ, ਪਰ ਅਹਿਤਿਆਤ ਵਜੋਂ ਕਿਸਾਨ ਆਪਣੀ ਫ਼ਸਲ ਦਾ ਸਰਵੇਖਣ ਕਰਦੇ ਰਹਿਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਆਪਣੇ ਖੇਤ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਦਾ ਪਤਾ ਲੱਗੇ ਤਾਂ ਉਹ ਤੁਰੰਤ ਆਪਣੇ ਬਲਾਕ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰੇ।

ਡਾ. ਜਸਵਿੰਦਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਣਕ ਦੀ ਫਸਲ ਨੂੰ ਗੁਲਾਬੀ ਸੁੰਡੀ ਤੋਂ ਬਚਾਉਣ ਲਈ ਹਮੇਸ਼ਾ ਬੀਜ ਨੂੰ ਕੀਟਨਾਸ਼ਕ ਜਿਵੇ ਕਿ 160 ਮਿ. ਲਿ. ਕਲੋਰੋਪਾਇਫਰੀਫਾਸ ਜਾਂ 80 ਮਿ. ਲਿ. ਇਮਿਡਾਕਲੋਪਰਿਡ ਤੇ ਹੈਪਸਾਕੋਨਾਜੋਲ ਪ੍ਰਤੀ 40 ਕਿਲੋ ਬੀਜ ਨਾਲ ਸੋਧ ਕੇ ਬਿਜਾਈ ਕੀਤੀ ਜਾਵੇ। ਜੇਕਰ ਹਮਲਾ ਜ਼ਿਆਦਾ ਹੋਵੇ ਤਾਂ 7 ਕਿਲੋ ਫਿਪਰੋਨਿਲ ਜਾਂ ਇਕ ਲਿਟਰ ਕਲੋਰੋਪਾਇਫਰੀਫਾਸ 20 ਈ.ਸੀਂ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਰਲਾ ਕੇ ਛਿੱਟਾ ਦਿੱਤਾ ਜਾ ਸਕਦਾ ਹੈ ਜਾਂ ਇਸ ਦੇ ਬਦਲ ਵਜੋਂ 50 ਮਿ. ਲਿ. ਪ੍ਰਤੀ ਏਕੜ ਕੋਰਾਜ਼ਿਨ 18.5 ਐਸ.ਸੀ (ਕਲੋਰਐਂਟਰਾਨਿਲੀਪਰੋਲ) ਨੂੰ 80-100 ਲੀਟਰ ਪਾਣੀ ਵਿੱਚ ਘੋਲ ਕੇ ਨੈਪਸੈਕ ਪੰਪ ਨਾਲ ਛਿੜਕਾਅ ਕੀਤਾ ਜਾ ਸਕਦਾ ਹੈ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਕਿਸਾਨ ਖੇਤਾਂ ਵਿੱਚ ਖਾਦਾਂ ਤੇ ਕੀੜੇਮਾਰ ਦਵਾਈਆਂ ਦੀ ਵਰਤੋਂ ਮਾਹਰਾਂ ਦੀ ਰਾਏ ਅਨੁਸਾਰ ਹੀ ਕਰਨ ਤੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਆਪਣੇ ਨਜ਼ਦੀਕੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਬਲਾਕ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਆਪ ਦੀ ਸਰਕਾਰ, ਆਪ ਦੇ ਦੁਆਰ ਤਹਿਤ ਕੈਂਪ ਲੱਗਣੇ ਜਾਰੀ



**ਪਾਤੜਾਂ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨ ਨੂੰ ਚੁਸਤ ਦਰੁਸਤ ਕਰਨ ਅਤੇ ਲੋਕਾਂ ਨੂੰ ਉਹਨਾਂ ਦੇ ਘਰ ਦੇ ਨਜ਼ਦੀਕ ਸਰਕਾਰੀ ਦਫਤਰਾਂ ਵਿੱਚ ਮਿਲਣ ਵਾਲੀਆਂ ਸੁਵਿਧਾਵਾਂ ਦੇਣ ਲਈ ਆਪ ਦੀ ਸਰਕਾਰ, ਆਪ ਦੇ ਦੁਆਰ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਅਰਨੋਂ ਵਿਖੇ ਕੈਂਪ ਦਾ ਲਗਾਇਆ ਗਿਆ। ਸਬ ਡਿਵੀਜ਼ਨ ਮੈਜਿਸਟਰੇਟ ਅਸ਼ੋਕ ਕੁਮਾਰ ਅਤੇ ਤਹਿਸੀਲਦਾਰ ਪਾਤੜਾਂ ਹਰਮਨਦੀਪ ਸਿੰਘ ਦੀ ਦੇਖਰੇਖ ਹੇਠ ਲਗਾਏ ਗਏ ਇਸ ਕੈਂਪ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਸ਼ਮੂਲੀਅਤ ਕੀਤੀ। ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਲੋਕਾਂ ਨੂੰ ਸਹੂਲਤ ਦੇਣ ਦੇ ਮਕਸਦ ਨਾਲ ਕਾਊਂਟਰ ਲਗਾ ਕੇ ਕੰਮਾਂ ਦਾ ਨਿਪਟਾਰਾ ਕੀਤਾ ਗਿਆ।

ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਭਲਾਈ ਦੇ ਕੰਮਾਂ ਨੂੰ ਸਮਰਪਿਤ ਹੈ। ਆਪਣੇ ਇਸ ਮਕਸਦ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਹੁਣ ਤੱਕ 150 ਦੇ ਕਰੀਬ ਵੱਖ ਵੱਖ ਲੋਕ ਲੋਕ ਭਲਾਈ ਦੀਆਂ ਸਕੀਮਾਂ ਚਲਾਈਆਂ ਗਈਆਂ ਹਨ। ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਆਪਣੇ ਕੰਮ ਕਾਜ ਲਈ ਖੱਜਲ ਖੁਆਰ ਨਾ ਹੋਣਾ ਪਵੇ ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਕਿਸਾਨਾਂ ਨੂੰ ਨਹਿਰਾਂ ਦਾ ਪਾਣੀ ਮੁਹਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਸੂਬੇ ਵਿੱਚ ਰਜਵਾਇਆ ਦੀ ਨਵੀਨੀਕਰਨ ਦਾ ਕੰਮ ਲਗਾਤਾਰ ਜਾਰੀ ਹੈ। ਉਹਨਾਂ ਦੱਸਿਆ ਕਿ ਹਲਕਾ ਸ਼ੁਤਰਾਣਾ ਵਿੱਚ ਰਜਵਾਹਿਆ ਦੀ ਨਵੀਨੀਕਰਨ ਦਾ ਕੰਮ ਜੰਗੀ ਪੱਧਰ ਉੱਤੇ ਚੱਲ ਰਿਹਾ ਹੈ ਇਹਨਾਂ ਨੇ ਅਤੇ ਆਉਣ ਵਾਲੇ ਸਾਉਣੀ ਦੇ ਸੀਜਨ ਤੋਂ ਪਹਿਲਾਂ ਪਹਿਲਾਂ ਨਹਿਰਾਂ ਦਾ ਪਾਣੀ ਟੇਲਾਂ ਤੱਕ ਪਹੁੰਚਦਾ ਕਰ ਦਿੱਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਤਹਿਸੀਲਦਾਰ ਪਾਤੜਾਂ ਬਲਾਕ ਪ੍ਰਧਾਨ ਮਹਿੰਗਾ ਸਿੰਘ ਬਰਾੜ, ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਸਾਬਕਾ ਸਰਪੰਚ ਗੁਲਾਬ ਸਿੰਘ ਹਰਿਆਊ, ਬਲਬੀਰ ਸਿੰਘ ਅਰਨੋਂ ਅਤੇ ਪਿਸ਼ੋਰਾ ਸਿੰਘ ਸ਼ੇਰਗੜ੍ਹ ਆਦਿ ਹਾਜ਼ਰ ਸਨ।

# ਬੈਂਕ ਨਾਲ 34,92,299 ਰੁਪਏ ਦੀ ਹੇਰਾਫੇਰੀ ਕਰਨ ਦੇ ਦੋਸ਼ ਹੇਠ ਭਗੌੜਾ ਮੈਨੇਜਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



**ਚੰਡੀਗੜ੍ਹ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਗਰਾਮੀਣ ਬੈਂਕ ਦੀ ਪਿੰਡ ਭਾਣੋਲੰਗਾ ਜਿਲਾ ਕਪੂਰਥਲਾ ਸਥਿਤ ਸ਼ਾਖਾ ਵਿੱਚ 34,92,299 ਰੁਪਏ ਦੀ ਹੇਰਾਫੇਰੀ ਕਰਨ ਸਬੰਧੀ ਬੈਂਕ ਦੇ ਸਾਬਕਾ ਮੈਨੇਜਰ ਦੋਸ਼ੀ ਪ੍ਰਮੋਦ ਕੁਮਾਰ, ਵਾਸੀ ਪਿੰਡ ਕੁੰਡਲ, ਜਿਲਾ ਬੀਕਾਨੇਰ ਰਾਜਸਥਾਨ ਨੂੰ ਗ੍ਰਿਫਤਾਰ ਕੀਤਾ ਹੈ ਜੋ ਸਾਲ 2022 ਤੋਂ ਫਰਾਰ ਚੱਲ ਰਿਹਾ ਸੀ।

ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (2) ਅਤੇ ਆਈ.ਪੀ.ਸੀ. ਦੀ ਧਾਰਾ 409 ਤਹਿਤ ਥਾਣਾ ਸਦਰ ਜਿਲਾ ਕਪੂਰਥਲਾ ਵਿੱਚ ਦਰਜ ਮੁਕੱਦਮਾ ਨੰ: 58 ਮਿਤੀ 30/05/2022 ਵਿੱਚ ਉਕਤ ਦੋਸ਼ੀ ਪ੍ਰਮੋਦ ਕੁਮਾਰ, ਸਾਬਕਾ ਮੈਨੇਜਰ, ਲੋੜੀਂਦਾ ਸੀ। ਇਸ ਮੈਨੇਜਰ ਨੇ ਪੰਜਾਬ ਗਰਾਮੀਣ ਬੈਂਕ ਪਿੰਡ ਭਾਣੋਲੰਗਾ ਵਿਖੇ ਆਪਣੀ ਤਾਇਨਾਤੀ ਦੌਰਾਨ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਆਪਣੀ ਬਰਾਂਚ ਵਿੱਚ ਤਾਇਨਾਤ ਕਲਰਕ ਜਗਦੀਸ਼ ਸਿੰਘ ਅਤੇ ਕਲਰਕ ਰਜਨੀ ਬਾਲਾ ਦੀ ਬੈਂਕ ਵਿੱਚ ਵਰਤੀ ਜਾਣ ਵਾਲੀ ਯੂਜ਼ਰ ਆਈ-ਡੀ ਅਤੇ ਪਾਸਵਰਡ ਦੀ ਦੁਰਵਰਤੋਂ ਕਰਦਿਆਂ ਆਪਣੇ ਹੀ ਬੈਂਕ ਦੇ ਵੱਖ-ਵੱਖ ਕੁੱਲ 12 ਖਾਤਾ ਧਾਰਕਾਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿਚੋਂ ਵੱਖ-ਵੱਖ ਤਾਰੀਖਾਂ ਨੂੰ 26 ਟਰਾਂਸਜੈਕਸਨਾਂ ਰਾਹੀਂ ਕੁੱਲ 34,92,299 ਰੁਪਏ ਹੇਰਾਫੇਰੀ ਨਾਲ ਕਢਵਾ ਕੇ ਧੋਖਾਧੜੀ ਕਰਕੇ ਗਬਨ ਕੀਤਾ ਸੀ ਅਤੇ ਫਿਰ ਇਸ ਰਕਮ ਵਿਚੋਂ 8,16,023 ਰੁਪਏ ਵੱਖ-ਵੱਖ 05 ਖਾਤਾ ਧਾਰਕਾਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਵਾਪਸ ਜਮਾਂ ਕਰਵਾਉਣ ਕਰਕੇ ਜਾਂਚ ਦੌਰਾਨ ਉਸ ਖ਼ਿਲਾਫ਼ ਦੋਸ਼ ਸਾਬਤ ਹੋਣ ਤੇ ਉਕਤ ਮੁਕੱਦਮਾ ਦਰਜ ਹੋਇਆ ਸੀ ਅਤੇ ਇਹ ਮੁਕੱਦਮਾ ਵਿਜੀਲੈਂਸ ਬਿਊਰੋ ਨੂੰ ਤਬਦੀਲ ਕਰ ਦਿੱਤਾ ਗਿਆ ਸੀ।

ਉਕਤ ਦੋਸ਼ੀ ਪ੍ਰਮੋਦ ਕੁਮਾਰ ਨੂੰ ਗ੍ਰਿਫਤਾਰ ਕਰਨ ਲਈ ਖੁਫੀਆ ਸਰੋਤਾਂ ਤੋਂ ਪਤਾ ਲਗਾ ਕੇ ਉਸਨੂੰ ਉਸਦੇ ਜੱਦੀ ਪਿੰਡ ਕੁੰਡਲ, ਜਿਲਾ ਬੀਕਾਨੇਰ, ਰਾਜਸਥਾਨ ਤੋਂ ਵਿਜੀਲੈਂਸ ਬਿਊਰੋ, ਕਪੂਰਥਲਾ ਵੱਲੋਂ ਗ੍ਰਿਫਤਾਰ ਕੀਤਾ ਗਿਆ ਹੈ।

# ਰੋਟਰੀ ਕਲੱਬ ਵਲੋਂ ਅੱਖਾਂ ਦਾ ਮੁਫ਼ਤ ਕੈਂਪ ਕੱਲ੍ਹ ਬਲਾਇੰਡ ਸਕੂਲ ਵਿੱਚ ਲੱਗੇਗਾ

**ਮਲੇਰਕੋਟਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਮਾਲੇਰਕੋਟਲਾ ਵਲੋਂ ਹਾਜੀ ਅਬਦੁਲ ਰਸ਼ੀਦ ਮੈਮੋਰੀਅਲ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈਕ ਅੱਪ ਕੈਂਪ 24 ਨੰਵਬਰ ਨੂੰ ਸਕੂਲ ਫਾਰ ਬਲਾਇੰਡ ਵਿੱਚ ਲਗਾਇਆ ਜਾ ਰਿਹਾ ਹੈ ।

ਇਸ ਸਬੰਧੀ ਪ੍ਰੈਸ ਨਾਲ ਗੱਲਬਾਤ ਕਰਦਿਆਂ ਰੋਟਰੀ ਕਲੱਬ ਦੇ ਪ੍ਰਧਾਨ ਐਮ ਡੀ ਰਹਿਬਰ ਸਪੋਰਟਸ ਮੁਹੰਮਦ ਖਾਲਿਦ ਨੇ ਦੱਸਿਆ ਕਿ ਉਕਤ ਕੈਂਪ ਵਿੱਚ ਚੈਕ ਅੱਪ ਅੱਖਾਂ ਦੇ ਮਾਹਿਰ ਡਾਕਟਰ ਰਮੇਸ਼ ਸ਼ਰਮਾ, ਡਾਕਟਰ ਰਾਹੁਲ ਸ਼ਰਮਾ ਤੇ ਡਾਕਟਰ ਸਾਈਦੀਪ ਢੰਡ ਕਰਨਗੇ। ਅੱਖਾਂ ਦੇ ਚੈਕ ਅੱਪ ਤੋਂ ਬਾਅਦ ਲੋੜਬੰਦ ਰੋਗੀਆ ਦੀਆਂ ਅੱਖਾਂ ਵਿੱਚ ਫੈਕੋ ਪ੍ਰਨਾਲੀ ਰਾਹੀਂ ਵਧੀਆ ਕੁਆਲਿਟੀ ਦੇ ਲੈਂਜ ਬਿਨਾਂ ਚੀਰੇ ਅਤੇ ਬਿਨਾਂ ਟਾਂਕੇ ਤੋਂ ਪਾਏ ਜਾਣਗੇ। ਅਪ੍ਰੇਸ਼ਨ ਕਰਵਾਉਣ ਵਾਲੇ ਮਰੀਜ਼ ਆਪਣੀ ਪਹਿਚਾਣ ਦਾ ਸਬੂਤ ਵਜੋਂ ਅਧਾਰ ਕਾਰਡ ਦੋ ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਅੱਖਾਂ ਦੇ ਅਪ੍ਰੇਸ਼ਨ ਸ਼ਰਮਾ ਅੱਖਾਂ ਦੇ ਹਸਪਤਾਲ ਧੂਰੀ ਵਿਖੇ ਕੀਤੇ ਜਾਣਗੇ ਇਸ ਲਈ ਲੋੜਵੰਦ ਵਿਅਕਤੀਆਂ ਨੂੰ ਚਾਹੀਦਾ ਹੈ ਕਿ ਇਸ ਕੈਂਪ ਵਿੱਚ ਪਹੁੰਚ ਕੇ ਲਾਭ ਲੈਣ।

ਇੱਥੇ ਇਹ ਗੱਲ ਵੀ ਦੱਸਣਯੋਗ ਹੈ ਕਿ ਕੋਰਨਾ ਤੋਂ ਬਾਅਦ ਭਾਵੇਂ ਕਿ ਰੋਟਰੀ ਕਲੱਬ ਵਲੋਂ ਕੈਂਪ ਤਾ ਨਹੀਂ ਲਗਾਏ ਗਏ ਪਰ ਲੋੜਬੰਦ ਵਿਅਕਤੀਆਂ ਦੇ ਅੱਖਾਂ ਵਿੱਚ ਲੈਂਜ਼ ਜ਼ਰੂਰ ਪਵਾਏ ਜਾਂਦੇ ਰਹੇ ਹਨ, ਅਤੇ ਸਮੇਂ ਸਮੈਂ ਤੇ ਲੋੜਵੰਦ ਅੰਗਹੀਣਾਂ ਨੂੰ ਸਾਇਕਲ, ਟਰਾਈਸਾਈਕਲ ਤੇ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਰਹੇ ਹਨ।

# ਸਿਹਤ ਵਿਭਾਗ ਨੇ ਡੇਂਗੂ ਤੋਂ ਬਚਾਓ ਲਈ ਘਰ-ਘਰ ਜਾ ਕੇ ਕੀਤਾ ਜਾਗਰੂਕ

**ਸੰਗਰੂਰ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਵਲੋ ਨੈਸਲਨ ਵੈਕਟਰ ਬੋਰਨ ਡਿਸੀਜ ਕੰਟਰੋਲ ਪਰੋਗਰਾਮ ਤਹਿਤ ਹਰ ਸੁਕਰਵਾਰ ਨੂੰ ਡਰਾਈ ਡੈਅ ਵਜੋ ਮਨਾਇਆ ਜਾਦਾ ਹੈ ਇਸ ਸਬੰਧੀ ਸਿਹਤ ਵਿਭਾਗ ਦਾ ਸਮੁੱਚਾ ਫੀਲਡ ਸਟਾਫ ਵਲੋ ਜੂਨ ਤੋ ਸਰਗਰਮੀ ਵਿੱਢੀ ਹੋਈ ਹੈ ਹੁਣ ਭਾਵੇ ਸਰਦੀ ਸੁਰੂ ਹੋ ਚੁਕੀ ਹੈ ਪਰ ਅਜੇ ਵੀ ਮਹਿਕਮਾ ਲੋਕਾ ਨੂੰ ਜਾਗਰੂਕ ਕਰੀ ਜਾ ਰਿਹਾ ਹੈ ਇਸੇ ਲੜੀ ਵਜੋ ਕਾਰਜਕਾਰੀ ਸਿਵਲ ਸਰਜਨ ਸੰਗਰੂਰ ਡਾ ਅੰਜੂ ਸਿੰਗਲਾ ਅਤੇ ਸੀਐਚਸੀ ਕੋਹਰੀਆ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਬ ਸੈਟਰ ਲਖਮੀਰਵਾਲਾ ਅਤੇ ਅਧੀਨ ਪੈਦੇ ਪਿੰਡਾਂ ਅਕਾਲਗੜ ,ਚੱਠੇ ਨਕਟੇ ,ਭਰੂਰ ਦੇ ਵਿੱਚ ਘਰ ਘਰ ਜਾ ਕਿ ਸਾਝੀਆ ਥਾਵਾ ਤੇ ਮਲੇਰੀਆ ,ਡੈਗੂ ਤੋ ਬਚਾਉ ਲਈ ਲੋਕਾ ਨੂੰ ਸੰਚੇਤ ਕੀਤਾ ਇਸ ਮੌਕੇ ਸਿਹਤ ਵਿਭਾਗ ਦੇ ਕਰਮਚਾਰੀ ਗੁਰਪ੍ਰੀਤ ਸਿੰਘ ਮੰਗਵਾਲ ਨੇ ਲੋਕਾ ਨੂੰ ਦੱਸਿਆ ਕਿ ਡੇਂਗੂ ਇੱਕ ਏਡੀਜ ਨਾ ਦੇ ਮੱਛਰ ਦੇ ਕੱਟਣ ਕਾਰਨ ਹੁੰਦਾ ਹੈ ਇਹ ਦਿਨ ਵੇਲੇ ਕੱਟਦਾ ਹੈ ਅਤੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਦੇ ਮੁੱਖ ਲੱਛਣ ਤੇਜ਼ ਬੁਖਾਰ ਅਤੇ ਸਿਰਦਰਦ, ਮਾਸਪੇਸ਼ੀਆਂ ਵਿੱਚ ਦਰਦ ਚਮੜੀ ਤੇ ਮਸੂੜਿਆਂ ਵਿੱਚੋਂ ਖੂਨ ਆਉਣਾ ਡੇਂਗੂ ਤੋਂ ਬਚਾਓ ਦੇ ਲਈ ,ਫਰਿਜਾ ਦੀਆ ਟੈਆ ਗਮਲਿਆਂ ਦੀ ਹਫਤੇ ਵਿੱਚ ਇਕ ਵਾਰ ਸਫਾਈ ਜਰੂਰ ਕਰੋ ਅਜਿਹੇ ਕੱਪੜੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢਕਿਆ ਰਹੇ ਅਤੇ ਮੱਛਰ ਕੱਟ ਨਾ ਸੌਣ ਦੇ ਸਮੇਂ ਮੱਛਰਦਾਨੀ ਜਾਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ ਜੇਕਰ ਫੇਰ ਵੀ ਬਖਾਰ ਹੋ ਜਾਂਦਾ ਹੈ ਤਾਂ ਸਿਰਫ ਪੈਰਾਸਿਟਾਮੋਲ ਦੀ ਗੋਲੀ ਲਓ ਪਾਣੀ ਤਰਲ ਪਦਾਰਥ ਜ਼ਿਆਦਾ ਲਓ।

# ਪੰਜਾਬ ਸਰਕਾਰ ਵੱਲੋਂ ਪ੍ਰੋਫੈਸ਼ਨਲ ਟੈਕਸ ਦਾ ਕਾਨੂੰਨ ਵਪਾਰੀ ਵਰਗ ਦੇ ਹਿੱਤ ਵਿੱਚ ਨਹੀਂ: ਗੁੱਜਰਾਂ

**ਸੁਨਾਮ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪ੍ਰਦੇਸ਼ ਵਪਾਰ ਮੰਡਲ ਸੁਨਾਮ ਯੂਨਿਟ ਦੇ ਪ੍ਰਧਾਨ ਪਵਨ ਗੁੱਜਰਾਂ ਦੀ ਅਗਵਾਈ ਹੇਠ ਇੱਕ ਵਫਦ ਵੱਲੋਂ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਨੂੰ ਲਗਾਏ ਗਏ ਪ੍ਰੋਫੈਸ਼ਨਲ ਟੈਕਸ ਨੂੰ ਰੱਦ ਕਰਨ ਅਤੇ ਵਪਾਰੀ ਵਰਗ ਦੀਆਂ ਵੱਖ-ਵੱਖ ਮੁਸ਼ਕਿਲਾਂ ਦੇ ਹੱਲ ਲਈ ਸਟੇਟ ਅਫਸਰ ਨੀਤਿਨ ਗੋਇਲ ਨੂੰ ਮੁੱਖ ਮੰਤਰੀ ਪੰਜਾਬ ਅਤੇ ਖਜ਼ਾਨਾ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ।



ਇਸ ਮੌਕੇ ਵਪਾਰ ਮੰਡਲ ਦੇ ਯੂਨਿਟ ਪ੍ਰਧਾਨ ਪਵਨ ਗੁੱਜਰਾਂ ਅਤੇ ਸਕੱਤਰ ਚੰਦਰ ਪ੍ਰਕਾਸ਼ ਨੇ ਆਖਿਆ ਕਿ ਸਰਕਾਰ ਵੱਲੋਂ ਵਪਾਰੀਆਂ ਤੇ ਆਏ ਦਿਨ ਟੈਕਸ ਤਾਂ ਲਗਾਏ ਜਾ ਰਹੇ ਹਨ ਪਰ ਵਪਾਰ ਨੂੰ ਪ੍ਰਫੁੱਲਿਤ ਕਰਨ ਲਈ ਕੋਈ ਉਪਰਾਲੇ ਨਹੀਂ ਕੀਤੇ ਜਾ ਰਹੇ ਅਤੇ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਸੂਬੇ ਦੀ ਇੰਡਸਟਰੀ ਬਾਹਰੀ ਸੂਬਿਆਂ ਵਿੱਚ ਲਗਾਤਾਰ ਜਾ ਰਹੀ ਹੈ ਜਿਸ ਨਾਲ ਜਿੱਥੇ ਸਰਕਾਰ ਦੇ ਖਜ਼ਾਨੇ ਨੂੰ ਢਾਅ ਲੱਗੇਗੀ ਉੱਥੇ ਹੀ ਬੇਰੁਜ਼ਗਾਰੀ ਵਿੱਚ ਵੀ ਵਾਧਾ ਹੋ ਰਿਹਾ ਹੈ ਅਤੇ ਇਸ ਕਰਕੇ ਪੰਜਾਬ ਸਰਕਾਰ ਵੱਲੋਂ ਲਗਾਇਆ ਗਿਆ ਪ੍ਰੋਫੈਸ਼ਨਲ ਟੈਕਸ ਵਪਾਰੀਆਂ ਦੇ ਹਿੱਤ ਵਿੱਚ ਨਹੀਂ ਹੈ ਜਿਸਨੂੰ ਸਰਕਾਰ ਵੱਲੋਂ ਸਮਾਂ ਰਹਿੰਦੇ ਰੱਦ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਬਹੁਤ ਸਾਰੇ ਐਮ.ਐਸ.ਐਮ.ਈ. ਅਤੇ ਛੋਟੇ ਕਾਰੋਬਾਰ ਪਹਿਲਾਂ ਹੀ ਘੱਟ ਮੁਨਾਫੇ ਤੇ ਕੰਮ ਕਰ ਰਹੇ ਹਨ ਅਤੇ ਪ੍ਰੋਫੈਸ਼ਨਲ ਟੈਕਸ਼ ਨਾਲ ਇਹਨਾਂ ਕਾਰੋਬਾਰਾਂ ਤੇ ਵਾਧੂ ਦਬਾਅ ਪੈ ਰਿਹਾ ਹੈ ਅਤੇ ਅਜਿਹੇ ਟੈਕਸਾਂ ਕਾਰਨ ਇਹਨਾਂ ਉਦਯੋਗਾਂ ਦੀ ਆਰਥਿਕ ਸਥਿਤੀ ਹੋਰ ਪਤਲੀ ਹੁੰਦੀ ਜਾ ਰਹੀ ਹੈ ਅਤੇ ਸਰਕਾਰ ਨੂੰ ਇਹ ਟੈਕਸ ਵਾਪਸ ਲੈ ਕੇ ਵਪਾਰੀ ਹਿੱਤ ਵਿੱਚ ਹੋਣ ਭਰੋਸਾ ਦੇਣਾ ਚਾਹੀਦਾ ਹੈ। ਉਹਨਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਇਸ ਟੈਕਸ ਨੂੰ ਵਾਪਸ ਨਾ ਲਿਆ ਤਾਂ ਸਮੂਹ ਵਪਾਰੀ ਵਰਗ ਸੜਕਾਂ ਤੇ ਉਤਰ ਕੇ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗਾ। ਇਸ ਦੌਰਾਨ ਸਟੇਟ ਅਫਸਰ ਨੀਤਿਨ ਗੋਇਲ ਨੇ ਵਪਾਰ ਮੰਡਲ ਦੇ ਆਹੁਦੇਦਾਰਾਂ ਨੂੰ ਮੰਗ ਪੱਤਰ ਸਰਕਾਰ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ ਅਤੇ ਆਪਣੇ ਵੱਲੋਂ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸੰਜੀਵ ਕੁਮਾਰ ਪੋਪਲੀ, ਰਾਕੇਸ਼ ਕੁਮਾਰ ਮੁੰਜਾਲ, ਸੁਭਾਸ਼ ਤਨੇਜਾ, ਰਾਕੇਸ਼ ਕੁਮਾਰ, ਮਿੰਦੀ ਬਿਜਲੀ ਵਾਲਾ ਅਤੇ ਜੀਵਨ ਕੁਮਾਰ ਵੀ ਮੌਜੂਦ ਸਨ।

# ਸੰਯੁਕਤ ਕਮਿਸ਼ਨਰ ਵੱਲੋਂ ਬੈਂਕਾਂ ਵਿਚ ਲੰਬਿਤ ਪਈਆਂ ਕਰਜ਼ਾ ਦਰਖਾਸਤਾਂ ਦੇ ਨਿਪਟਾਰੇ ਲਈ ਬੈਠਕ



**ਪਟਿਆਲਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਦੇ ਸੰਯੁਕਤ ਕਮਿਸ਼ਨਰ ਦੀਪਜੋਤ ਕੌਰ ਦੀ ਪ੍ਰਧਾਨਗੀ ਹੇਠ ਆਵਾਸ ਤੇ ਸ਼ਹਿਰੀ ਮੰਤਰਾਲੇ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ 2 ਦਸੰਬਰ ਤੱਕ 15 ਦਿਨਾਂ ਪੱਖਵਾੜਾ ਅਭਿਆਨ ਦੌਰਾਨ ਪੀ.ਐਮ.ਸਵੈਨਿਧੀ ਅਤੇ ਪੀ.ਐਮ.ਸਵੈਨਿਧੀ ਸੇ ਸਮਰਿਧੀ ਸਕੀਮ ਅਧੀਨ ਬੈਂਕਾਂ ਵਿਚ ਲੰਬਿਤ ਪਈਆਂ ਕਰਜ਼ਾ ਦਰਖਾਸਤਾਂ ਦਾ ਨਿਪਟਾਰਾ ਕਰਨ ਲਈ ਸਬ ਕਮੇਟੀ ਦੀ ਮੀਟਿੰਗ ਬੁਲਾਈ ਗਈ।

ਸੰਯੁਕਤ ਕਮਿਸ਼ਨਰ ਨੇ ਬੈਂਕਾਂ ਦੇ ਅਧਿਕਾਰੀਆਂ ਨੂੰ ਸਟਰੀਟ ਵੈਂਡਰਾਂ ਦੀਆਂ ਪੀ.ਐਮ. ਸਵੈਨਿਧੀ ਅਤੇ ਸਵੈਨਿਧੀ ਸੇ ਸਮਰਿਧੀ ਸਕੀਮ ਅਧੀਨ ਬੈਂਕਾਂ ਵਿਚ ਲੰਬੇ ਸਮੇਂ ਤੋਂ ਬਕਾਇਆ ਪਈਆਂ ਆਨਲਾਈਨ ਦਰਖਾਸਤਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਲਈ ਅਤੇ ਸਟਰੀਟ ਵੈਂਡਰਾਂ ਨੂੰ ਡਿਜ਼ੀਟਲ ਆਨ ਬੋਰਡ ਵੀ ਕਰਨ ਦੀ ਹਦਾਇਤ ਕੀਤੀ ਹੈ। ਇਸ ਦੌਰਾਨ ਲੀਡ ਬੈਂਕ ਜ਼ਿਲ੍ਹਾ ਮੈਨੇਜਰ ਅਤੇ ਸਬੰਧਿਤ ਬੈਂਕਾਂ ਦੇ ਡੀ.ਸੀ.ਓ ਵੀ ਮੌਜੂਦ ਸਨ।

# ਪੰਜਾਬ ਰਾਜ ਵਿਕਾਸ ਕਰ 'ਚ ਰਜਿਸਟ੍ਰੇਸ਼ਨ ਕਰਵਾ ਕੇ ਬਣਦੀ ਫ਼ੀਸ ਭਰਨ 'ਤੇ ਜ਼ੋਰ

**ਪਟਿਆਲਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜੀ.ਐੱਸ.ਟੀ. ਵਿਭਾਗ ਦੇ ਪਟਿਆਲਾ ਮੰਡਲ, ਪਟਿਆਲਾ ਦੇ ਮੁਖੀ ਉਪ ਕਮਿਸ਼ਨਰ ਰਾਜ ਕਰ ਰਮਨਪ੍ਰੀਤ ਕੌਰ ਨੇ ਬਾਰ ਐਸੋਸੀਏਸ਼ਨ ਅਤੇ ਸ਼ਹਿਰ ਦੇ ਵਪਾਰੀਆਂ ਨਾਲ ਮੀਟਿੰਗ ਕਰਕੇ ਪੰਜਾਬ ਰਾਜ ਡਿਵੈਲਪਮੈਂਟ ਟੈਕਸ ਵਿੱਚ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਅਤੇ ਬਣਦੀ ਫੀਸ ਭਰਨ 'ਤੇ ਜ਼ੋਰ ਦਿੱਤਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ ਸਟੇਟ ਟੈਕਸ ਕੰਨੂ ਗਰਗ ਵੀ ਮੌਜੂਦ ਸਨ।

ਡੀ.ਸੀ.ਐਸ.ਟੀ. ਰਮਨਪ੍ਰੀਤ ਕੌਰ ਨੇ ਕਿਹਾ ਕਿ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਈ ਜਾਵੇ ਅਤੇ ਮਹੀਨਾਵਾਰ ਬਣਦੀ 200 ਰੁਪਏ ਫੀਸ ਅਦਾ ਕਰਕੇ ਆਪਣੀ ਜ਼ਿੰਮੇਵਾਰੀ ਨਿਭਾਈ ਜਾਵੇ। ਉਨ੍ਹਾਂ ਦੱਸਿਆ ਕਿ ਸਰਕਾਰੀ, ਗ਼ੈਰ-ਸਰਕਾਰੀ ਨੌਕਰੀ



ਜੀ.ਐੱਸ.ਟੀ. ਵਿਭਾਗ ਦੇ ਪਟਿਆਲਾ ਮੰਡਲ, ਪਟਿਆਲਾ ਦੇ ਮੁਖੀ ਉਪ ਕਮਿਸ਼ਨਰ ਰਾਜ ਕਰ ਰਮਨਪ੍ਰੀਤ ਕੌਰ ਬਾਰ ਐਸੋਸੀਏਸ਼ਨ ਅਤੇ ਸ਼ਹਿਰ ਦੇ ਵਪਾਰੀਆਂ ਨਾਲ ਪੰਜਾਬ ਰਾਜ ਡਿਵੈਲਪਮੈਂਟ ਟੈਕਸ ਦੀ ਰਜਿਸਟ੍ਰੇਸ਼ਨ ਕਰਵਾਉਣ ਬਾਰੇ ਬੈਠਕ ਕਰਦੇ ਹੋਏ। ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ ਸਟੇਟ ਟੈਕਸ ਕੰਨੂ ਗਰਗ ਵੀ ਨਜ਼ਰ ਆ ਰਹੇ ਹਨ।

ਕਰਦੇ ਨਾਗਰਿਕ, ਵਪਾਰੀ, ਮੈਨੂਫੈਕਚਰਿੰਗ ਯੂਨਿਟ ਤੇ ਠੇਕੇਦਾਰ ਆਦਿ ਸਭ ਉਪਰ ਇਹ ਕਾਨੂੰਨ ਲਾਗੂ ਹੁੰਦਾ ਹੈ।

ਸਹਾਇਕ ਕਮਿਸ਼ਨਰ ਸਟੇਟ ਟੈਕਸ ਕੰਨੂ ਗਰਗ ਨੇ ਸਭਨਾਂ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਪੋਰਟਲ ਉਪਰ ਰਜਿਸਟ੍ਰੇਸ਼ਨ ਕਰਵਾਈ ਜਾਵੇ ਤਾਂ ਕਿ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ ਵਿੱਚ ਬਣਦੀ ਫੀਸ ਭਰੀ ਜਾ ਸਕੇ। ਉਨ੍ਹਾਂ ਨੇ ਸਾਰੇ ਵਪਾਰੀਆਂ ਤੇ ਬਾਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਬਾਕੀ ਸਾਰੇ ਵਪਾਰੀਆਂ ਨੂੰ ਵੀ ਜਾਗਰੂਕ ਕਰਨ ਤਾਂ ਕਿ ਉਨ੍ਹਾਂ ਨੂੰ ਭਵਿੱਖ ਵਿਚ ਕਿਸੇ ਔਂਕੜ ਦਾ ਸਾਹਮਣਾ ਨਾ ਕਰਨਾਂ ਪਵੇ।

# ਪਿੰਡ ਜਾਲਾਂ ਵਿਖੇ ਨੈਸ਼ਨਲ ਹਾਈਵੇ ਦੇ ਅਧਿਕਾਰੀਆਂ 'ਤੇ ਪ੍ਰਸ਼ਾਸਨ ਨੂੰ ਜ਼ਮੀਨ ਉੱਤੇ ਕਬਜ਼ਾ ਨਹੀਂ ਕਰਨ ਦਿੱਤਾ



**ਪਟਿਆਲਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਤੇ ਸਮੂਹ ਪਿੰਡ ਵਾਸੀਆਂ ਵੱਲੋਂ ਅਧਿਕਾਰੀਆਂ ਤੇ ਪ੍ਰਸ਼ਾਸਨ ਤੇ ਦੋਸ਼ ਲਾਇਆ ਹੈ ਕਿ ਜੋ ਜ਼ਮੀਨ ਕਿਸਾਨਾਂ ਤੋਂ ਖੋਹੀ ਜਾ ਰਹੀ ਹੈ ਉਸ ਦਾ ਬਣਦਾ ਮੁਆਵਜ਼ਾ (ਪੈਸੇ) ਸਰਕਾਰ ਵੱਲੋਂ ਨਹੀਂ ਦਿੱਤੇ ਜਾ ਰਹੇ। ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦਾ ਪਰਦਾਫਾਸ਼ ਕੀਤਾ । ਸਰਕਾਰ ਕਿਸਾਨਾ ਤੋਂ ਜ਼ਮੀਨਾ ਖੋ ਕੇ ਕਾਰਪੋਰੇਟ ਘਰਾਨਿਆਂ ਨੂੰ ਸਸਤੇ ਭਾਅ ਤੇ ਦੇਣ ਜਾ ਰਹੀ ਹੈ ਜੇ ਵਰਤਾਰਾ ਇਸ ਤਰ੍ਹਾਂ ਹੀ ਜਾਰੀ ਰਿਹਾ ਤਾਂ ਇੱਕ ਦਿਨ ਕਿਸਾਨ ਭੀ ਮਜ਼ਦੂਰਾਂ ਦੀ ਲਾਈਨ ਲੱਗ ਜਾਣਗੇ ਅਤੇ ਪੰਜਾਬ ਵਿੱਚ ਬੇਰੋਜ਼ਗਾਰੀ, ਗਰੀਬੀ ਤੇ ਭੁੱਖ ਮਰੀ ਫੈਲ ਜਾਵੇਗੀ।

ਸਰਕਾਰ ਨੂੰ ਕਿਸਾਨਾ ਵੱਲੋ ਅਪੀਲ ਹੈ ਕਿ ਪਹਿਲਾਂ ਸਾਰੇ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦੇਵੇ ਫਿਰ ਕਬਜ਼ਾ ਲਵੋ, ਜੇ ਸਰਕਾਰ ਮੁਆਵਜ਼ਾ ਨਾ ਦੇ ਕੇ ਧੱਕੇ ਨਾਲ ਕਬਜਾ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਸਮੂਹ ਕਿਸਾਨਾਂ ਅਤੇ ਕਿਸਾਨ ਜੱਥੇਬੰਦੀਆਂ ਵੱਲੋਂ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ ਅਤੇ ਨੈਸ਼ਨਲ ਹਾਈਵੇ ਵਾਲਿਆਂ ਨੂੰ ਖੇਤਾਂ ਵਿੱਚ ਵੜਨ ਨਹੀਂ ਦਿੱਤਾ ਜਾਵੇਗਾ।

ਕਿਸਾਨਾ ਨੂੰ ਰਣਜੀਤ ਸਿੰਘ ਸਵਾਜਪੁਰ ਜ਼ਿਲ੍ਹਾ ਪ੍ਰਧਾਨ ਬੀ ਕੇ ਯੂ ਕ੍ਰਾਂਤੀਕਾਰੀ, ਸਤਵੰਤ ਸਿੰਘ ਵਜੀਦਪੁਰ ਸ਼ੂਬਾ ਆਗੂ, ਜਗਤਾਰ ਸਿੰਘ ਬਰਸਟ ਬਲਾਕ ਪ੍ਰਧਾਨ ਪਟਿਆਲਾ ਪਵਨ ਕੁਮਾਰ ਪਸਿਆਣਾ ਗੁਰਚਰਨ ਸਿੰਘ ਮੈਣ ਸੇਵਕ ਸਿੰਘ ਮੈਣ ਅਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਹਰਜਿੰਦਰ ਸਿੰਘ ਗੱਜੂ ਮਾਜਰਾ, ਰਜਿੰਦਰ ਸਿੰਘ, ਪ੍ਰਗਟ ਸਿੰਘ, ਜਗਵੰਤ ਸਿੰਘ, ਬਲਜੀਤ ਸਿੰਘ , ਗੁਰਪ੍ਰੀਤ ਸਿੰਘ ਸਾਬਕਾ ਸਰਪੰਚ ਜਾਲਾਂ, ਜਗਦੀਪ ਸਿੰਘ ਛੰਨਾਂ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਮਾਤਾ ਗੁਜਰ ਕੌਰ ਜੀ ਦੀ ਜਨਮ ਮਨਾਈ ਸ਼ਤਾਬਦੀ



**ਸਮਾਣਾ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਗੁਰਦੁਆਰਾ ਸ੍ਰੀ ਗੁਰੂ ਰਵੀਦਾਸ ਜੀ ਵਿਖੇ ਜਗਤ ਮਾਤਾ ਗੁਜਰੀ ਜੀ ਦੀ ਜਨਮ ਸ਼ਤਾਬਤੀ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਜਿਸ ਵਿਚ ਕਥਾ ਵਾਚਕ ਗਿਆਨੀ ਮਨਪ੍ਰੀਤ ਸਿੰਘ ਨੇ ਮਾਤਾ ਗੁਜਰੀ ਜੀ ਦੇ ਜੀਵਨ ਤੇ ਚਾਨਣਾ ਪਾਇਆ।

ਇਸੇ ਦੌਰਾਨ ਸਕੂਲੀ ਬੱਚਿਆਂ ਗੁਰਨੂਰ ਕੌਰ ਅਤੇ ਅਰਸ਼ ਬੇਦੀ ਵੱਲੋਂ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ।

ਸਮਾਗਮ ਦੌਰਾਨ ਗੁਰੂ ਘਰ ਦੇ ਮੁੱਖ ਸੇਵਾਦਾਰ ਭਾਈ ਰਾਜ ਸਿੰਘ ਨੇ ਸੰਗਤਾਂ ਨੂੰ ਮਾਤਾ ਗੁਜਰ ਕੌਰ ਜੀ ਦੀ ਜਨਮ ਸ਼ਤਾਬਦੀ ਤੇ ਵਧਾਈ ਦਿੱਤੀ।

ਇਸ ਮੌਕੇ ਮਾਸਟਰ ਬਲਦੇਵ ਸਿੰਘ, ਅਵਤਾਰ ਸਿੰਘ, ਗੁਰਸੇਵਕ ਸਿੰਘ, ਨਿਰਮਲ ਸਿੰਘ, ਕਰਮ ਸਿੰਘ ਦਿਓਲ, ਭੁਪਿੰਦਰ ਸਿੰਘ, ਸਾਹਿਬ ਸਿੰਘਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾ ਸਾਮਲ ਸਨ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ

# ਚੰਡੀਗੜ੍ਹ ਵਿੱਚ ਹਰਿਆਣਾ ਦੀ ਵਿਧਾਨ ਸਭਾ ਉਸਾਰਨ ਦਾ ਪ੍ਰਸਤਾਵ ਕੇਂਦਰ ਤੁਰੰਤ ਰੱਦ ਕਰੇ: ਆਰ.ਐਮ.ਪੀ.ਆਈ.

**ਗੜ੍ਹਸ਼ੰਕਰ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਵਲੋਂ ਚੰਡੀਗੜ੍ਹ ਵਿੱਚ ਹਰਿਆਣਾ ਦੀ ਰਾਜਧਾਨੀ ਉਸਾਰਨ ਲਈ ਥਾਂ ਅਤੇ ਪੈਸਾ ਮੁੱਹਈਆ ਕਰਨ ਦੇ ਅਨਿਆਂਪੂਰਨ ਪ੍ਰਸਤਾਵ ਨੂੰ ਤੁਰੰਤ ਰੱਦ ਕਰਵਾਉਣ ਲਈ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ ਪ੍ਰਧਾਨ ਮੰਤਰੀ ਦੇ ਨਾਂ ਮੰਗ ਪੱਤਰ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਪਿਆਰਾ ਸਿੰਘ ਦੀ ਅਗਵਾਈ ਵਿੱਚ ਐਸ.ਡੀ.ਐਮ.ਗੜ੍ਹਸ਼ੰਕਰ ਰਾਹੀਂ ਭੇਜਿਆ ਗਿਆ। ਇਸ ਸਬੰਧੀ ਪਾਰਟੀ ਦੇ ਤਹਿਸੀਲ ਗੜ੍ਹਸ਼ੰਕਰ ਦੇ ਸਕੱਤਰ ਕਾਮਰੇਡ ਰਾਮ ਜੀ ਦਾਸ ਚੌਹਾਨ ਨੇ ਦੱਸਿਆ ਕਿ ਕੇਂਦਰ ਦਾ ਇਹ ਪ੍ਰਸਤਾਵ ਪੂਰਨ ਰੂਪ ਵਿਚ ਅਨਿਆਂਪੂਰਨ, ਗੈਰ ਸੰਵਿਧਾਨਕ ਤੇ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ ਕਿਉਂਕਿ ਚੰਡੀਗੜ੍ਹ ਤੇ ਸਿਰਫ ਪੰਜਾਬ ਦਾ ਹੱਕ ਹੈ ਕਿਉਂਕਿ ਇਹ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਇਆ ਗਿਆ ਸੀ। ਪੰਜਾਬ ਪੁਨਰਗਠਨ ਐਕਟ 1966 ਅਨੁਸਾਰ ਇਹ ਤੈਅ ਹੋਇਆ ਸੀ ਕਿ ਚੰਡੀਗੜ੍ਹ ਪੰਜਾਬ ਦਾ ਹੀ ਰਹੇਗਾ ਤੇ ਹਰਿਆਣਾ ਦੀ ਰਾਜਧਾਨੀ ਦੀ ਉਸਾਰੀ ਕਿਸੇ ਹੋਰ ਥਾਂ ਤੇ ਕੀਤੀ ਜਾਵੇਗੀ । 1985 ਦੇ



ਰਾਜੀਵ ਲੌਂਗੋਵਾਲ ਸਮਝੌਤੇ ਅਤੇ ਹੋਰ ਅੰਤਰਰਾਜੀ ਵਰਤਾਂਵਾਂ ਵਿਚ ਵੀ ਚੰਡੀਗੜ੍ਹ ਪੰਜਾਬ ਨੂੰ ਦੇਣ ਉੱਤੇ ਸਹਿਮਤੀ ਬਣੀ ਸੀ।

ਇਹਨਾਂ ਤੱਥਾਂ ਨੂੰ ਜਾਣਦੇ ਹੋਏ ਵੀ ਕੇਂਦਰ ਸਰਕਾਰ ਦਾ ਇਹ ਪ੍ਰਸਤਾਵ ਕਈ ਪ੍ਰਕਾਰ ਦੇ ਸ਼ੰਕੇ ਖੜ੍ਹੇ ਕਰਦਾ ਹੈ। ਪਿਛਲੀ ਸਦੀ ਦੇ ਅੱਠਵੇਂ ਤੇ ਨੌਵੇਂ ਦਹਾਕੇ ਵਿਚ ਪੰਜਾਬ ਦੇ ਲੋਕਾਂ ਨੇ ਜੋ ਸੰਤਾਪ ਝੱਲਿਆ ਹੈ ਉਸਦੇ ਮੁੱਖ ਕਾਰਨਾਂ ਵਿਚ ਇੱਕ ਚੰਡੀਗੜ੍ਹ ਨੂੰ ਪੰਜਾਬ ਦੇ ਹਵਾਲੇ ਨਾ ਕਰਨਾ ਸੀ। ਪਿਛਲੇ ਸਮੇਂ ਤੋਂ ਸਬਕ ਨਾ ਸਿੱਖਦੇ ਹੋਏ ਜੇ ਹੁਣ ਵੀ ਕੇਂਦਰ ਚੰਡੀਗੜ੍ਹ ਵਿਚ ਹਰਿਆਣਾ ਦੀ ਰਾਜਧਾਨੀ ਉਸਾਰਨ ਸਬੰਧੀ ਕੋਈ ਕਦਮ ਚੁੱਕਦਾ ਹੈ ਤਾਂ ਪੰਜਾਬ ਤੇ ਹਰਿਆਣਾ ਦੇ ਦੇ ਲੋਕਾਂ ਵਿਚ ਕੁੜੱਤਣ ਦਾ ਮਾਹੌਲ ਪੈਦਾ ਹੋ ਸਕਦਾ ਹੈ ਜਿਸ ਦਾ ਫਾਇਦਾ ਦੇਸ਼ ਦੇਸ਼ ਤੇ ਪੰਜਾਬ ਵਿਰੋਧੀ ਅਨਸਰ ਚੁੱਕ ਸਕਦੇ ਹਨ ਤੇ ਦੋਹਾਂ ਰਾਜਾਂ ਦੇ ਲੋਕਾਂ ਨੂੰ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਸਮੇਂ ਮੰਗ ਕੀਤੀ ਗਈ ਕੇਂਦਰ ਸਰਕਾਰ ਇਸ ਪ੍ਰਸਤਾਵ ਨੂੰ ਰੱਦ ਕਰਕੇ ਚੰਡੀਗੜ੍ਹ ਨੂੰ ਤਰੰਤ ਪੰਜਾਬ ਦੇ ਹਾਵਾਲੇ ਕੀਤਾ ਜਾਵੇ ਅਤੇ ਇਸ ਨਾਲ਼ ਸੰਬੰਧੀ ਹੋਰ ਮਸਲਿਆਂ ਦਾ ਹੱਲ ਵੀ ਤਰਕ ਤੇ ਨਿਆਂਪੂਰਨ ਤਰੀਕੇ ਨਾਲ ਕੀਤਾ ਜਾਵੇ।

ਇਸ ਸਮੇਂ ਕੁਲਭੂਸ਼ਣ ਮਹਿੰਦਵਾਨੀ, ਦਵਿੰਦਰ ਕੁਮਾਰ ਰਾਣਾ, ਮਲਕੀਅਤ ਸਿੰਘ ਬਾਹੋਵਾਲ, ਮੱਖਣ ਸਿੰਘ ਲੰਗੇਰੀ, ਕਾਮਰੇਡ ਸੁੱਚਾ ਰਾਮ, ਸ਼ਿੰਗਾਰਾ ਰਾਮ ਭੱਜਲ , ਗੋਪਾਲ ਦਾਸ ਮਨਹੋਤਰਾ ਤੇ ਸ਼ਾਮ ਸੁੰਦਰ ਹਾਜ਼ਿਰ ਸਨ।

# ਸਰਦੀਆਂ 'ਚ ਵਧਦਾ ਹੈ ਭਾਰ

ਸਰਦੀਆਂ ਦੀ ਸ਼ੁਰੂਆਤ ਹੁੰਦਿਆਂ ਹੀ ਆਮ ਤੌਰ 'ਤੇ ਕਈ ਲੋਕਾਂ ਦਾ ਭਾਰ ਵਧਣਾ ਸ਼ੁਰੂ ਹੋ ਜਾਂਦਾ ਹੈ। ਜ਼ਿਆਦਾਤਰ ਲੋਕਾਂ ਨੂੰ ਲਗਦਾ ਹੈ ਕਿ ਇਸ ਦਾ ਕਾਰਨ ਉਨ੍ਹਾਂ ਵੱਲੋਂ ਖਾਧਾ ਗਿਆ ਭੋਜਨ ਹੈ, ਜੋ ਕਾਫ਼ੀ ਹਦ ਤਕ ਸਹੀ ਹੈ। ਅਸਲ 'ਚ ਭਾਰ ਵਧਣ ਦੇ ਹੋਰ ਵੀ ਕਈ ਕਾਰਨ ਹਨ, ਜੋ ਇਸ ਮੌਸਮ ਵਿਚ ਭਾਰ ਵਧਾਉਂਦੇ ਹਨ। ਆਓ, ਜਾਣਦੇ ਹਾਂ ਭਾਰ ਨੂੰ ਕਾਬੂ 'ਚ ਰੱਖਣ ਦੇ ਤਰੀਕਿਆਂ ਬਾਰੇ :

**ਕਸਰਤ** : ਸਰਦੀਆਂ 'ਚ ਗਰਮੀਆਂ ਦੇ ਮੁਕਾਬਲੇ ਜ਼ਿਆਦਾ ਤੇਜ਼ੀ ਨਾਲ ਭਾਰ ਵਧਦਾ ਹੈ। ਠੰਢ ਵਿਚ ਲੋਕ ਘਰਾਂ 'ਚੋਂ ਬਾਹਰ ਨਿਕਲਣ ਤੋਂ ਘਬਰਾਉਂਦੇ ਹਨ, ਜਿਸ ਵਜ੍ਹਾ ਕਰਕੇ ਕਸਰਤ ਨਹੀਂ ਹੁੰਦੀ। ਇਹੀ ਕਾਰਨ ਹੈ ਕਿ ਹੌਲੀ-ਹੌਲੀ ਸਾਡਾ ਭਾਰ ਵਧਣਾ ਸ਼ੁਰੂ ਹੋ ਜਾਂਦਾ ਹੈ।

**ਜ਼ਿਆਦਾ ਸੌਣਾ** : ਸਰਦੀਆਂ 'ਚ ਦਿਨ ਛੋਟੇ ਅਤੇ ਰਾਤਾਂ ਲੰਬੀਆਂ ਹੁੰਦੀਆਂ ਹਨ, ਜਿਸ ਕਾਰਨ ਅਸੀਂ ਗਰਮੀਆਂ ਦੇ ਮੁਕਾਬਲੇ ਜ਼ਿਆਦਾ ਸਮਾਂ ਸੌਂਦੇ ਹਾਂ। ਸਰੀਰ ਪ੍ਰਤੀ ਇਹੋ ਜਿਹੀ ਅਣਗਹਿਲੀ ਕਰਨ ਨਾਲ ਰੋਜ਼ਾਨਾ ਥੋੜ੍ਹਾ-ਥੋੜ੍ਹਾ ਭਾਰ ਵਧਦਾ ਰਹਿੰਦਾ ਹੈ।



**ਮੈਟਾਬੋਲਿਜ਼ਮ** : ਸਰੀਰ 'ਚ ਮੈਟਾਬੋਲਿਜ਼ਮ ਜਾਂ ਮੈਟਾਬੋਲਿਕ ਐਕਟੀਵਿਟੀਜ਼ ਦੇ ਵਧਣ ਨਾਲ ਮੋਟਾਪਾ ਘੱਟ ਹੁੰਦਾ ਹੈ ਪਰ ਇਸ ਦੀ ਮਾਤਰਾ ਬਹੁਤਾਤ 'ਚ ਹੋਣ ਨਾਲ ਇਹ ਭਾਰ ਘਟਾਉਣ ਦੀ ਜਗ੍ਹਾ ਵਧਾ ਦਿੰਦਾ ਹੈ।

**ਮਿੱਠੀਆਂ ਚੀਜ਼ਾਂ ਦੀ ਵਰਤੋਂ** : ਗਰਮੀਆਂ ਦੇ ਮੁਕਾਬਲੇ ਸਰਦੀਆਂ 'ਚ ਜ਼ਿਆਦਾ ਮਿੱਠਾ ਖਾਣ ਨੂੰ ਮਨ ਕਰਦਾ ਹੈ। ਸਰੀਰ ਨੂੰ ਜੇ ਜ਼ਰੂਰਤ ਤੋਂ ਜ਼ਿਆਦਾ ਕੈਲੋਰੀਜ਼ ਮਿਲਣ ਤਾਂ ਮੋਟਾਪਾ ਆਉਣਾ ਸ਼ੁਰੂ ਹੋ ਜਾਂਦਾ ਹੈ।

### ਕਿਵੇਂ ਘਟਾਈਏ ਮੋਟਾਪਾ?

- ਸਰਦੀਆਂ ਵਿਚ ਹਾਈ ਪ੍ਰੋਟੀਨ ਵਾਲਾ ਨਾਸ਼ਤਾ ਕਰੋ।
- ਰੋਜ਼ਾਨਾ ਹਲਕੀ ਕਸਰਤ ਕਰੋ। ਭਾਰ ਨੂੰ ਕਾਬੂ 'ਚ ਰੱਖਣ ਅਤੇ ਤੰਦਰੁਸਤ ਰਹਿਣ ਲਈ ਯੋਗਾ ਵੀ ਕਰ ਸਕਦੇ ਹੋ।
- ਅਲਕੋਹਲ, ਕਾਰਬੋਹਾਈਡ੍ਰੇਟਸ ਅਤੇ ਹਾਈ ਸ਼ੂਗਰ ਵਾਲੀਆਂ ਚੀਜ਼ਾਂ ਤੋਂ ਦੂਰ ਰਹੋ।
- ਸਰਦੀਆਂ ਵਿਚ ਤਿਉਹਾਰਾਂ ਦਾ ਸੀਜ਼ਨ ਵੀ ਸ਼ੁਰੂ ਹੋ ਜਾਂਦਾ ਹੈ, ਇਸ ਲਈ ਤਿਉਹਾਰੀ ਮਠਿਆਈਆਂ ਤੋਂ ਪਰਹੇਜ਼ ਰੱਖੋ।
- ਜ਼ਿਆਦਾ ਮਾਤਰਾ 'ਚ ਪਾਣੀ ਪੀਓ। ਇਸ ਨਾਲ ਸਰੀਰ ਨੂੰ ਊਰਜਾ ਮਿਲੇਗੀ, ਕੈਲੋਰੀਜ਼ ਨੂੰ ਸਰੀਰਕ ਊਰਜਾ ਵਿਚ ਤਬਦੀਲ ਕਰਨ 'ਚ ਮਦਦ ਮਿਲੇਗੀ। •

# ਕੋਲੈਸਟਰੋਲ ਸਰੀਰ ਲਈ ਕਿਉਂ ਜ਼ਰੂਰੀ?



ਡਾ. ਹਰਿੰਦਰਪਾਲ ਸਿੰਘ

ਕੋਲੈਸਟਰੋਲ ਦਾ ਨਾਂ ਸੁਣਦਿਆਂ ਹੀ ਸਭ ਦੇ ਕੰਨ ਖੜ੍ਹੇ ਹੋ ਜਾਂਦੇ ਹਨ। ਇਸ ਨੂੰ ਬੜਾ ਖ਼ਤਰਨਾਕ ਸਮਝਿਆ ਜਾਂਦਾ ਹੈ ਪਰ ਸੱਚ ਇਹ ਹੈ ਕਿ ਇਸ ਤੋਂ ਬਿਨਾਂ ਮਨੁੱਖ ਜਿਉਂਦਾ ਨਹੀਂ ਰਹਿ ਸਕਦਾ। ਹਾਈ ਕੋਲੈਸਟਰੋਲ ਕੋਈ ਬਿਮਾਰੀ ਨਹੀਂ ਬਲਕਿ ਪਾਚਨ-ਤੰਤਰ ਦਾ ਇਕ ਵਿਗਾੜ ਹੈ। ਇਹ ਇਕ ਤਰ੍ਹਾਂ ਦਾ ਫੈਟ ਹੈ, ਜੋ ਸਾਡਾ ਜਿਗਰ ਪੈਦਾ ਕਰਦਾ ਹੈ, ਜੋ ਸਰੀਰ ਦੇ ਸੁਚਾਰੂ ਢੰਗ ਨਾਲ ਕੰਮ ਕਰਨ ਲਈ ਬੜਾ ਜ਼ਰੂਰੀ ਹੈ। ਇਸ ਤਰ੍ਹਾਂ ਸਰੀਰ ਦੀ 90 ਫ਼ੀਸਦੀ ਜ਼ਰੂਰਤ ਜਿਗਰ ਤੋਂ ਪੂਰੀ ਹੋ ਜਾਂਦੀ ਹੈ। ਸਿਰਫ਼ 10 ਫ਼ੀਸਦੀ ਫੈਟ ਹੀ ਭੋਜਨ ਤੋਂ ਲੈਣ ਦੀ ਲੋੜ ਹੁੰਦੀ ਹੈ। ਸਰੀਰ ਦੇ ਹਰੇਕ ਸੈੱਲ ਦੀ ਬਾਹਰੀ ਪਰਤ 'ਤੇ ਕੋਲੈਸਟਰੋਲ ਦੀ ਪਰਤ ਹੁੰਦੀ ਹੈ। ਇਹ ਇਕ ਤਰ੍ਹਾਂ ਦਾ ਵੈਕਸੀ ਸਟੀਰਾਇਡ ਹੁੰਦਾ ਹੈ, ਜੋ ਖ਼ੂਨ 'ਚ ਚਲਾ ਜਾਂਦਾ ਹੈ।

### ਕੰਮ

- ਸੈੱਲ ਦੀ ਝਿੱਲੀ ਦਾ ਨਿਰਮਾਣ ਤੇ ਸੰਭਾਲ ਕਰਦਾ ਹੈ।
- ਇਹ ਪਛਾਣ ਨੂੰ ਦ੍ਰਿੜ੍ਹ ਕਰਦਾ ਹੈ ਕਿ ਕਿਹੜਾ ਅਣੂ ਸੈੱਲ ਵਿੱਚੋਂ ਪਾਸ ਹੋ ਸਕਦਾ ਹੈ।
- ਐਡਰੀਨਲ ਗਲੈਂਡ 'ਚੋਂ ਪੈਦਾ ਹੋਣ ਵਾਲੇ ਹਾਰਮੋਨ, ਜਿਵੇਂ ਕੋਰਟੀਸੋਲ, ਕੋਰਟੀਕੋਸਟੀਰੋਨ, ਐਲਡੋਸਟੇਰੋਨ ਅਤੇ ਹੋਰ ਸਰੀਰਕ ਰਸਾਇਣਾਂ ਲਈ ਸਰੀਰ ਅੰਦਰ ਇਸ ਦੀ ਹੋਂਦ ਬੇਹੱਦ ਜ਼ਰੂਰੀ ਹੈ।
- ਇਹ ਸੂਰਜ ਦੀ ਰੋਸ਼ਨੀ ਨੂੰ ਵਿਟਾਮਿਨ-ਡੀ 'ਚ ਬਦਲਦਾ ਹੈ। ਨਰਵ ਫਾਈਬਰ ਨੂੰ ਇੰਸੂਲੇਟ ਕਰਦਾ ਹੈ।
- ਫੈਟ ਵਿਚ ਘੁਲਣਸ਼ੀਲ ਵਿਟਾਮਿਨ-ਏ, ਵਿਟਾਮਿਨ-ਡੀ, ਵਿਟਾਮਿਨ-ਈ ਅਤੇ ਵਿਟਾਮਿਨ-ਕੇ ਆਦਿ ਦੇ ਮੈਟਾਬੋਲਿਜ਼ਮ ਲਈ ਮਹੱਤਵਪੂਰਨ ਹੈ। ਕੋਲੈਸਟਰੋਲ ਨੂੰ ਲਿਪੋ ਪ੍ਰੋਟੀਨ ਵੀ ਕਿਹਾ ਜਾਂਦਾ ਹੈ। ਇਸ ਵਿਚ ਲਿਪਿਡ ਭਾਵ ਫੈਟ ਅਤੇ ਪ੍ਰੋਟੀਨ ਦਾ ਮਿਸ਼ਰਣ ਹੁੰਦਾ ਹੈ। ਇਹ ਤਿੰਨ ਤਰ੍ਹਾਂ ਦਾ ਹੁੰਦਾ ਹੈ।

**ਐੱਲਡੀਐੱਲ** - ਇਹ ਕੋਲੈਸਟਰੋਲ ਨੂੰ ਜਿਗਰ ਤੋਂ ਸੈੱਲਾਂ ਤਕ ਲਿਜਾਂਦਾ ਹੈ। ਸਾਡੇ ਖ਼ੂਨ ਵਿਚ 70 ਫ਼ੀਸਦੀ ਮਾਤਰਾ ਐੱਲਡੀਐੱਲ ਦੀ ਹੀ ਹੁੰਦੀ ਹੈ।

**ਐੱਚਡੀਐੱਲ** - ਇਹ ਕੋਲੈਸਟਰੋਲ ਨੂੰ ਸੈੱਲਾਂ ਤੋਂ ਪਰ੍ਹੇ ਵਾਪਸ ਲਿਵਰ ਤਕ ਪਹੁੰਚਾਉਂਦਾ ਹੈ। ਦਿਲ ਨਾਲ ਸਬੰਧਤ ਰੋਗਾਂ ਦੇ ਖ਼ਤਰੇ ਨੂੰ ਖ਼ਤਮ ਕਰਦਾ ਹੈ।

**ਟਰਾਈਗਲਿਸਰਾਈਡ** - ਇਹ ਤੇਜ਼ਾਬੀ ਮਾਦੇ ਦੇ ਰੂਪ ਵਿਚ ਹੁੰਦਾ ਹੈ, ਜਿਸ ਵਿਚ ਸਰੀਰ ਦਾ ਜ਼ਿਆਦਾ ਫੈਟ ਹੁੰਦਾ ਹੈ। ਇਹ ਖ਼ੂਨ ਦੇ ਪਲਾਜ਼ਮਾ 'ਚ ਸਥਿਤ ਹੁੰਦਾ ਹੈ। ਇਹ ਕੋਲੈਸਟਰੋਲ ਨਾਲ ਮਿਲ ਕੇ ਬਲੱਡ ਫੈਟ ਦਾ ਨਿਰਮਾਣ ਕਰਦਾ ਹੈ।

ਆਮ ਤੌਰ 'ਤੇ ਸਮਝਿਆ ਜਾਂਦਾ ਹੈ ਕਿ ਐੱਲਡੀਐੱਲ ਮਾੜਾ ਅਤੇ ਐੱਚਡੀਐੱਲ ਵਧੀਆ ਹੁੰਦਾ ਹੈ ਪਰ ਇਹ ਸਹੀ ਨਹੀਂ ਹੈ। ਹਰ ਤਰ੍ਹਾਂ ਦਾ ਕੋਲੈਸਟਰੋਲ ਸਰੀਰ ਲਈ ਜ਼ਰੂਰੀ ਹੈ।

### ਵਧਣ ਦੇ ਕਾਰਨ

- ਮਾਡਰਨ ਲਾਈਫ ਸਟਾਈਲ, ਪੌਸ਼ਟਿਕ ਤੱਤਾਂ ਦੀ ਕਮੀ, ਤਣਾਅ ਭਰੀ ਜੀਵਨਸ਼ੈਲੀ, ਜੰਕ ਫੂਡ, ਸਰੀਰ ਦਾ ਜ਼ਿਆਦਾ ਵਜ਼ਨ, ਸਿਗਰਟ, ਫੈਟ, ਸ਼ੂਗਰ ਅਤੇ ਸ਼ਰਾਬ ਦਾ ਜ਼ਿਆਦਾ ਸੇਵਨ ਆਦਿ।
- ਕੋਲੈਸਟਰੋਲ ਘੱਟ ਕਰਨ ਵਾਲੀਆਂ ਦਵਾਈਆਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ, ਕਿਉਂਕਿ ਇਨ੍ਹਾਂ ਦੇ ਸਰੀਰ ਉਪਰ ਜ਼ਿਆਦਾ ਸਾਈਡ ਇਫੈਕਟ ਹੁੰਦੇ ਹਨ।
- ਜਦੋਂ ਅਸੀਂ ਡਾਕਟਰ ਕੋਲ ਜਾਂਦੇ ਹਾਂ ਤਾਂ ਡਾਕਟਰ ਸਾਨੂੰ ਕੋਲੈਸਟਰੋਲ ਘੱਟ ਕਰਨ ਵਾਲੀਆਂ ਦਵਾਈਆਂ, ਜਿਨ੍ਹਾਂ ਨੂੰ ਸਟਾਟਿਨ ਡਰੱਗਜ਼ ਵੀ ਕਹਿੰਦੇ ਹਨ, ਲਿਖ ਦਿੰਦੇ ਹਨ ਤੇ ਕੁਝ ਡਰੱਗਜ਼ ਇਹ ਹਨ, ਜਿਵੇਂ ਕਰੈਸਟਰ, ਜ਼ੋਕੋਰ, ਲਿਪੀਟੋਰ, ਪਰਵਾਕੋਲ ਆਦਿ। ਅਸੀਂ ਤੰਦਰੁਸਤੀ ਨਾਲ ਜਿਉਣਾ ਚਾਹੁੰਦੇ ਹਾਂ, ਇਸ ਲਈ ਅਸੀਂ ਇਨ੍ਹਾਂ ਦਾ ਸੇਵਨ ਸ਼ੁਰੂ ਕਰ ਦਿੰਦੇ ਹਾਂ।

### ਬੁਰੇ ਪ੍ਰਭਾਵ

ਡਾਕਟਰ ਕੋਲ ਭੀੜ ਹੀ ਇੰਨੀ ਹੁੰਦੀ ਹੈ ਕਿ ਉਸ ਕੋਲ ਇਸ ਦੇ ਮਾੜੇ ਪ੍ਰਭਾਵ ਦੱਸਣ ਦਾ ਨਾ ਤਾਂ ਸਮਾਂ ਹੁੰਦਾ ਹੈ, ਨਾ ਹੀ ਉਸ ਦੀ ਰੁਚੀ। ਇਹ ਸਟਾਟਿਨ ਡਰੱਗਜ਼ ਐੱਲਡੀਐੱਲ, ਭਾਵ ਬੁਰੇ ਕੋਲੈਸਟਰੋਲ ਦੇ ਪੱਧਰ ਨੂੰ ਥੱਲੇ ਲੈ ਆਉਂਦੀਆਂ ਹਨ। ਅਸਲੀਅਤ ਵਿਚ ਇਹ ਆਰਾਮ ਨਾਲੋਂ ਨੁਕਸਾਨ ਜ਼ਿਆਦਾ ਕਰਦੀਆਂ ਹਨ। ਕੁਝ ਖ਼ਾਸ ਬੁਰੇ ਪ੍ਰਭਾਵਾਂ ਦਾ ਅਸੀਂ ਜ਼ਿਕਰ ਕਰਦੇ ਹਾਂ, ਜਿਵੇਂ ਪੱਠਿਆਂ ਦਾ ਦਰਦ ਤੇ ਕਮਜ਼ੋਰੀ, ਸਿਰਦਰਦ, ਸੌਣ ਵਿਚ ਦਿੱਕਤ, ਸੁਸਤੀ, ਉਲਟੀਆਂ ਆਉਣੀਆਂ, ਹੈਜ਼ਾ ਅਤੇ ਕਬਜ਼ ਹੋਣਾ, ਯਾਦਦਾਸ਼ਤ ਘਟਣਾ ਅਤੇ ਦੁਚਿੱਤੀ ਦਾ ਵਧਣਾ, ਥਕਾਵਟ, ਨਿਪੁੰਸਕਤਾ ਤੇ ਬਾਂਝਪਣ, ਲਿਵਰ ਅਤੇ ਗੁਰਦੇ ਦੇ ਰੋਗ, ਸ਼ੂਗਰ ਹੋਣ ਦਾ ਖ਼ਤਰਾ ਵਧ ਜਾਣਾ ਆਦਿ। ਜਿੱਥੋਂ ਤਕ ਹੋ ਸਕੇ ਕੋਲੈਸਟਰੋਲ ਨੂੰ ਘੱਟ ਕਰਨ ਲਈ ਕੁਦਰਤੀ ਤਰੀਕੇ ਹੀ ਇਸਤੇਮਾਲ ਕਰਨੇ ਚਾਹੀਦੇ ਹਨ।

### ਪਾਚਨ-ਤੰਤਰ

ਸਰੀਰ ਦਾ ਸਭ ਤੋਂ ਪਹਿਲਾ ਤੇ ਅਹਿਮ ਹਿੱਸਾ ਮੂੰਹ ਹੈ, ਜੋ 'ਸਲਾਇਵਾ' ਰਸ ਪੈਦਾ ਕਰਦਾ ਹੈ। ਇਹ ਸਟਾਰਚ ਅਤੇ ਕਾਰਬੋਹਾਈਡ੍ਰੇਟਸ ਨੂੰ ਹਜ਼ਮ ਕਰਦਾ ਹੈ। ਇਸ ਤੋਂ ਬਾਅਦ ਮਿਹਦਾ ਆਉਂਦਾ ਹੈ। ਇਹ ਪੈਪਸਿਨ ਅਤੇ ਹਾਈਡ੍ਰੋਕਲੋਰਿਕ ਐਸਿਡ ਪੈਦਾ ਕਰਦਾ ਹੈ, ਜੋ ਪ੍ਰੋਟੀਨ ਨੂੰ ਹਜ਼ਮ ਕਰਦੇ ਹਨ। ਇਸ ਤੋਂ ਬਾਅਦ ਵਾਰੀ ਆਉਂਦੀ ਹੈ ਲਿਵਰ ਦੀ, ਜੋ ਬਾਈਲ ਜੂਸ ਭਾਵ ਪਿੱਤ ਨੂੰ ਪੈਦਾ ਕਰਦਾ ਹੈ, ਜੋ ਫੈਟ ਨੂੰ ਹਜ਼ਮ ਕਰਦੀ ਹੈ। ਇਸੇ ਤਰ੍ਹਾਂ ਪੈਨਕਰੀਆਜ਼ ਵਿੱਚੋਂ ਪੈਨਕ੍ਰੀਆਟਿਕ ਜੂਸ ਪੈਦਾ ਹੁੰਦਾ ਹੈ, ਜੋ ਸਟਾਰਚ, ਫੈਟ ਅਤੇ ਪ੍ਰੋਟੀਨ ਨੂੰ ਹਜ਼ਮ ਕਰਨ 'ਚ ਸਹਾਈ ਹੁੰਦਾ ਹੈ। ਇਸੇ ਤਰ੍ਹਾਂ ਛੋਟੀ ਅੰਤੜੀ ਵਿੱਚੋਂ ਇੰਟੈਸਟਾਈਨਲ ਜੂਸ ਨਿਕਲਦੇ ਹਨ, ਜੋ ਸ਼ੂਗਰ, ਫੈਟ ਅਤੇ ਪ੍ਰੋਟੀਨ ਨੂੰ ਹਜ਼ਮ ਕਰਦੇ ਹਨ। ਇਹ ਲਿਵਰ, ਪੈਨਕਰੀਆਜ਼ ਜਾਂ ਛੋਟੀ ਅੰਤੜੀ ਦੇ ਠੀਕ ਤਰ੍ਹਾਂ ਕੰਮ ਨਾ ਕਰਨ ਦੀ ਸੂਰਤ ਵਿਚ ਸਰੀਰ ਵਿਚਲਾ ਫੈਟ ਪੂਰੀ ਤਰ੍ਹਾਂ ਹਜ਼ਮ ਨਹੀਂ ਹੁੰਦਾ ਅਤੇ ਖ਼ੂਨ ਵਿਚ ਚਲਾ ਜਾਂਦਾ ਹੈ। ਇਸ ਨੂੰ ਹੀ ਹਾਈ ਕੋਲੈਸਟਰੋਲ ਕਹਿੰਦੇ ਹਨ। ਇਸ ਨੂੰ ਸਹੀ ਸਮੇਂ 'ਤੇ ਕੰਟਰੋਲ ਕਰ ਲੈਣਾ ਚਾਹੀਦਾ ਹੈ, ਨਹੀਂ ਤਾਂ ਆਰਟਰੀਜ਼ ਦਾ ਤੰਗ ਹੋ ਜਾਣਾ, ਕੋਰੋਨਰੀ ਹਾਰਟ ਅਟੈਕ, ਐਨਜਾਈਨਾ ਦਾ ਦਰਦ, ਸਟਰੋਕ ਅਤੇ ਕਾਰਡੀਓ-ਵੈਸਕੂਲਰ ਡਿਜ਼ੀਜ਼ ਪੈਦਾ ਹੋ ਸਕਦੀਆਂ ਹਨ।

### ਜੜ੍ਹੀ-ਬੂਟੀਆਂ

ਉਬਲਿਆ ਹੋਇਆ ਐਸਪੈਰੇਗਸ, ਬਲਿਊਬੇਰੀ, ਐਵੋਕੇਡੋ, ਗਰੇਪ ਸੀਡ ਤੇਲ, ਪੁਦੀਨਾ, ਰੋਜ਼ਹਿਪ, ਲੀਕ, ਸਮੁੰਦਰੀ ਸਬਜ਼ੀਆਂ, ਓਟਮੀਲ, ਬਕਵ੍ਹੀਟ, ਅਮਰਥ, ਚਮੇਲੀ, ਵਲੇਰੀਅਨ ਦੀ ਜੜ੍ਹ, ਡੈਂਡਲੀਅਨ ਦੀ ਜੜ੍ਹ ,ਗੈਨੋਡਰਮਾ, ਧਨੀਆ, ਸਕਿਮਡ ਮਿਲਕ, ਫਾਈਟੋਸਟੀਰਲ, ਗੁਗਲ, ਲਾਲ ਜੰਗਲੀ ਚਾਵਲ ਅਤੇ ਰੇਸ਼ੇ ਯੁਕਤ ਭੋਜਨ ਆਦਿ।

ਕੋਲੈਸਟਰੋਲ ਦਾ ਨਾਂ ਸੁਣ ਕੇ ਘਬਰਾਉਣ ਦੀ ਲੋੜ ਨਹੀਂ, ਕਿਉਂਕਿ ਇਸ ਤੋਂ ਬਿਨਾਂ ਜ਼ਿੰਦਗੀ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਇਸ ਨੂੰ ਕਾਬੂ ਹੇਠ ਰੱਖਣਾ ਜਾਂ ਨਿਯਮਿਤ ਹੋਣਾ ਬਹੁਤ ਜ਼ਰੂਰੀ ਹੈ, ਕਿਉਂਕਿ ਵਧਿਆ ਹੋਇਆ ਕੋਲੈਸਟਰੋਲ ਦਿਲ ਦੇ ਦੌਰੇ ਦਾ ਕਾਰਨ ਬਣ ਕੇ ਜਾਨਲੇਵਾ ਸਿੱਧ ਹੋ ਸਕਦਾ ਹੈ।

98148-13674

### ਕੋਲੈਸਟਰੋਲ ਘਟਾਉਣ ਵਾਲੇ ਭੋਜਨ ਪਦਾਰਥ

ਅੰਜੀਰ, ਸਪੀਰੂਲੀਨਾ, ਕੱਦੂ ਦੇ ਬੀਜ, ਬੀਨਜ਼, ਲੈਟਿਸ, ਟੋਫੂ, ਸੋਇਆਬੀਨ, ਸਪਰਾਊਟ, ਹੋਲਗਰੇਨ, ਰਾਈ, ਸੱਤੂ, ਮੂਲੀ, ਲਾਲ ਮਿਰਚ, ਪਿਆਜ਼, ਲਸਣ, ਬੰਦ ਗੋਭੀ, ਪਾਲਕ, ਗਾਜਰ, ਬਰੋਕਲੀ, ਖੀਰਾ, ਮਸ਼ਰੂਮ, ਖੱਟੇ ਫਲ, ਟਮਾਟਰ, ਕੇਲਾ, ਬਦਾਮ, ਅਲਸੀ ਦੇ ਬੀਜ ਤੇ ਤੇਲ, ਅਖਰੋਟ, ਪੁੰਗਰੇ ਹੋਏ ਸੂਰਜਮੁਖੀ ਦੇ ਬੀਜ, ਸਾਰਡੀਨ ਅਤੇ ਸੈਲਮਨ ਮੱਛੀ, ਫੈਟ ਫਰੀ ਦਹੀਂ, ਸੰਤਰੇ ਦਾ ਜੂਸ, ਰਾਜਮਾਂਹ, ਗਰੀਨ ਚਾਹ, ਚਾਕਲੇਟ, ਨਾਰੀਅਲ, ਸੇਬ, ਕੜੀ ਪੱਤਾ, ਹਲਦੀ, ਸ਼ਕਰਕੰਦੀ ਆਦਿ। ਕੁਕਿੰਗ ਲਈ ਵੀ ਅਜਿਹੇ ਤੇਲ ਹੀ ਇਸਤੇਮਾਲ ਕਰਨੇ ਚਾਹੀਦੇ ਹਨ, ਜਿਨ੍ਹਾਂ 'ਚ ਜ਼ੀਰੋ ਕੋਲੈਸਟਰੋਲ ਹੋਵੇ।



# ਪਿੱਤੇ ਦੀ ਪੱਥਰੀ ਦਾ ਇਲਾਜ



ਡਾ. ਅਮਰੀਕ ਸਿੰਘ ਕੰਡਾ

ਪਿੱਤੇ ਦੀ ਪੱਥਰੀ ਦਾ ਹੋਣਾ ਅੱਜ-ਕੱਲ੍ਹ ਆਮ ਹੋ ਗਿਆ ਹੈ, ਜਿਸ ਦਾ ਕਾਰਨ ਸਾਡਾ ਖਾਣ-ਪੀਣ ਤੇ ਸਾਡੀਆਂ ਮਾੜੀਆਂ ਆਦਤਾਂ ਹਨ। ਇਸ ਨੂੰ ਅੰਗਰੇਜ਼ੀ 'ਚ 'ਗਾਲ ਬਲੈਡਰ ਸਟੋਨ' ਵੀ ਕਿਹਾ ਜਾਂਦਾ ਹੈ। ਵੈਸੇ ਜ਼ਿਆਦਾਤਰ ਡਾਕਟਰ ਮਰੀਜ਼ ਦਾ ਪਿੱਤਾ ਹੀ ਕੱਢ ਦਿੰਦੇ ਹਨ ਪਰ ਇਸ ਦਾ ਸੌ ਫ਼ੀਸਦੀ ਇਲਾਜ ਹੈ। ਆਓ, ਜਾਣਦੇ ਹਾਂ ਇਸ ਦੇ ਕੁਦਰਤੀ ਇਲਾਜ ਬਾਰੇ :

### ਪਿੱਤਾ

ਪਿੱਤਾ ਸਾਡੇ ਸਰੀਰ ਦਾ ਇਕ ਛੋਟਾ ਜਿਹਾ ਅੰਗ ਹੈ, ਜਿਹੜਾ ਜਿਗਰ ਦੇ ਪਿੱਛੇ ਹੁੰਦਾ ਹੈ। ਦਰਅਸਲ, ਪਿੱਤਾ ਸਾਡਾ ਇਕ ਤਰ੍ਹਾਂ ਦਾ ਜੂਸ ਸਟੋਰ ਹੁੰਦਾ ਹੈ। ਜਦੋਂ ਅਸੀਂ ਭੋਜਨ ਖਾਂਦੇ ਹਾਂ, ਉਸ ਵੇਲੇ ਇਹ ਪਿੱਤ ਛੱਡਦਾ ਹੈ। ਜਿਵੇਂ ਜਦੋਂ ਮਿਰਚ ਮਸਾਲਾ ਜ਼ਿਆਦਾ ਖਾ ਲਿਆ ਜਾਂਦਾ ਹੈ ਤਾਂ ਖਾਣ ਤੋਂ ਬਾਅਦ ਗੁੜ ਜਾਂ ਖੰਡ ਖਾਂਦੇ ਹਾਂ ਤਾਂ ਕਿ ਮਿਰਚ ਲੱਗਣੀ ਥੋੜ੍ਹੀ ਘਟ ਜਾਵੇ ਪਰ ਅੰਤੜੀਆਂ 'ਚ ਜਿਹੜੀਆਂ ਮਿਰਚਾਂ ਗਈਆਂ ਹਨ, ਉਹ ਪਿੱਤੇ ਅਤੇ ਲਿਵਰ ਅੰਦਰ ਸਪਰੇਅ ਕਰ ਕੇ ਪੇਟ ਨੂੰ ਠੀਕ ਰੱਖਦੇ ਹਨ। ਕਦੇ-ਕਦੇ ਪਿੱਤੇ 'ਚ ਕੋਲੈਸਟਰੋਲ, ਬਿਲੀਰੂਬਿਨ ਤੇ ਪਿੱਤ ਲਵਣ ਜਮ੍ਹਾਂ ਹੋ ਜਾਂਦੇ ਹਨ। 80 ਫ਼ੀਸਦੀ ਪੱਥਰੀ ਕਿਲੋਸਰੋਲ ਤੋਂ ਬਣੀ ਹੁੰਦੀ ਹੈ। ਹੌਲੀ-ਹੌਲੀ ਇਹ ਸਖ਼ਤ ਹੋ ਜਾਂਦੀ ਹੈ ਤੇ ਇਹ ਪੱਥਰ ਵਰਗੀ ਠੋਸ ਹੋ ਜਾਂਦੀ ਹੈ।

### ਘਰੇਲੂ ਨੁਸਖ਼ੇ

- ਚੁਕੰਦਰ, ਨਾਸ਼ਪਤੀ ਤੇ ਸੇਬ ਦਾ ਜੂਸ ਪੀਓ। ਇਹ ਤਿੰਨੇ ਲਿਵਰ ਦੀ ਡਿਟਾਕਸੀਫਿਕੇਸ਼ਨ ਕਰਦੇ ਹਨ ਤੇ ਪੱਥਰੀ ਨੂੰ ਬਣਨ ਤੋਂ ਰੋਕਦੇ ਹਨ।
- ਸੇਬ ਦਾ ਸਿਰਕਾ ਇਕ ਚਮਚ ਇਕ ਗਲਾਸ ਪਾਣੀ 'ਚ ਪਾ ਕੇ ਹਰ ਰੋਜ਼ ਪੀਓ।
- ਪੱਥਰਚੱਟ ਖਾਓਗੇ, ਕਦੇ ਵੀ ਪਿੱਤੇ-ਗੁਰਦੇ ਦੀ ਪੱਥਰੀ ਨਹੀਂ ਹੋਵੇਗੀ।

### ਰਸੋਈ

ਕਾਲੀ ਮਿਰਚ, ਸੁੰਢ, ਮਖਾਂ, ਜੀਰਾ, ਅਜਵਾਇਣ, ਅਨਾਰਦਾਣਾ ਵੀਹ-ਵੀਹ ਗ੍ਰਾਮ ਅਤੇ 100 ਗ੍ਰਾਮ ਕਾਲਾ ਨਮਕ ਤੇ 100 ਗ੍ਰਾਮ ਪੁਦੀਨਾ ਸੁੱਕਾ ਲੈ ਕੇ ਸਭ ਨੂੰ ਪੀਸ ਲਵੋ। ਰੋਜ਼ ਇਕ ਚਮਚਾ ਦਹੀਂ 'ਚ ਪਾ ਕੇ ਖਾਓ। ਕਦੇ ਪੇਟ ਰੋਗ ਨਹੀਂ ਲੱਗੇਗਾ ਤੇ ਤਾਂ ਨਾ ਕਦੇ ਪੱਥਰੀ ਬਣੇਗੀ। •

98557-35666

### ਦੁੱਧ ਤੇ ਕੋਲਡ ਡਰਿੰਕ

*ਦੁੱਧ ਤੇ ਕੋਲਡ ਡਰਿੰਕਸ ਨਾਲ ਪੱਥਰੀ ਜ਼ਿਆਦਾ ਹੁੰਦੀ ਹੈ, ਇਸ ਲਈ ਇਨ੍ਹਾਂ ਤੋਂ ਪਰਹੇਜ਼ ਰੱਖੋ। ਜੇ ਦੁੱਧ ਪੀਣਾ ਹੈ ਤਾਂ ਹਰ ਰੋਜ਼ ਕੁਝ ਸਮੇਂ ਲਈ ਧੁੱਪੇ ਜ਼ਰੂਰ ਬੈਠੋ ਜਾਂ ਵਿਟਾਮਿਨ-ਡੀ ਦੀ ਮਾਤਰਾ ਵਧਾ ਦੇਵੋ। ਰੋਜ਼ਾਨਾ ਘੱਟੋ ਘੱਟ ਦੋ ਕਿਲੋਮੀਟਰ ਸੈਰ ਕਰੋ। ਦੁੱਧ 'ਚ ਹਮੇਸ਼ਾ ਮੋਟੀ ਅਲਾਇਚੀ, ਸੌਂਫ, ਦਾਲਚੀਨੀ ਤੇ ਲੌਂਗ ਪਾ ਕੇ ਚੰਗੀ ਤਰ੍ਹਾਂ ਉਬਾਲ ਕੇ ਕੋਸਾ ਕਰਨ ਤੋਂ ਬਾਅਦ ਪੀਓ। ਦੁੱਧ 'ਚ ਬੈਅ ਜਾਂ ਵਾਈ ਨਹੀਂ ਰਹੇਗੀ।*

# ਗੁਣਕਾਰੀ ਹੈ ਹਲਦੀ



ਰਜੀਵ ਕਪੂਰ 'ਮੱਖੂ'

ਹਲਦੀ ਦੇ ਗੁਣਾਂ ਤੋਂ ਹਰ ਕੋਈ ਜਾਣੂ ਹੈ ਪਰ ਰੋਜ਼ਾਨਾ ਜ਼ਿੰਦਗੀ 'ਚ ਇਸ ਦੀ ਵਰਤੋਂ ਅਸੀਂ ਸਿਰਫ਼ ਦਾਲ-ਸਬਜ਼ੀ ਵਿਚ ਹੀ ਕਰਦੇ ਹਾਂ। ਭਾਰਤੀ ਸਮਾਜ 'ਚ ਹਲਦੀ ਨੂੰ ਸ਼ੁੱਭ ਮੰਨਿਆ ਜਾਂਦਾ ਹੈ। ਐਂਟੀਸੈਪਟਿਕ ਗੁਣਾਂ ਕਾਰਨ ਇਸ ਦੀ ਵਰਤੋਂ ਪ੍ਰਾਚੀਨ ਕਾਲ ਤੋਂ ਹੀ ਸਿਹਤ ਤੇ ਸੁੰਦਰਤਾ, ਦੋਵਾਂ ਨੂੰ ਵਧੀਆ ਬਣਾਈ ਰੱਖਣ ਲਈ ਕੀਤੀ ਜਾਂਦੀ ਹੈ। ਹਲਦੀ ਚਮੜੀ ਲਈ ਵੀ ਲਾਭਦਾਇਕ ਹੈ। ਇਸ ਦੀ ਵਰਤੋਂ ਸੁੰਦਰਤਾ ਨਿਖਾਰਨ ਵਾਲੇ ਅਨੇਕਾਂ ਕਰੀਮਾਂ ਵਿਚ ਕੀਤੀ ਜਾਂਦੀ ਹੈ। ਘੱਟ ਬਲੱਡ ਪ੍ਰੈਸ਼ਰ ਲਈ ਲਾਭਦਾਇਕ ਹਲਦੀ ਖ਼ੂਨ ਦੇ ਵਹਾਅ ਨੂੰ ਤੇਜ਼ ਕਰਨ 'ਚ ਮਦਦ ਕਰਦੀ ਹੈ।

**ਕੋਲੈਸਟਰੋਲ 'ਤੇ ਕਾਬੂ** : ਹਲਦੀ ਐੱਲਡੀਐੱਲ ਨੂੰ ਘੱਟ ਕਰਦੀ ਹੈ। ਜਾਂਚ ਦੌਰਾਨ ਪਤਾ ਲੱਗਾ ਹੈ ਕਿ ਐੱਲ ਆਰਟਰੀਜ਼ ਨੂੰ ਬੰਦ ਕਰ ਦਿੰਦਾ ਹੈ, ਜਿਸ ਨਾਲ ਦਿਲ ਸਬੰਧੀ ਰੋਗ ਹੋਣ ਦਾ ਖ਼ਤਰਾ ਵਧ ਜਾਂਦਾ ਹੈ। ਅਜਿਹੀਆਂ ਸੰਭਾਵਨਾਵਾਂ ਤੋਂ ਬਚਣ ਲਈ ਹਲਦੀ ਦੀ ਵਰਤੋਂ ਰੋਜ਼ ਕਰੋ।

**ਦਸਤ ਰੋਗ** : ਹਲਦੀ ਦਸਤ ਦੇ ਕੀਟਾਣੂਆਂ ਤੋਂ ਬਚਾਉਂਦੀ ਹੈ। ਜਰਮਨ ਹੈੱਲਥ ਅਥਾਰਿਟੀਜ਼ ਅਨੁਸਾਰ ਦਸਤ ਦੀ ਸਮੱਸਿਆ ਹੋਵੇ ਤਾਂ ਟਰਮੈਰਿਕ ਹਰਬਲ ਚਾਹ ਪੀਣੀ ਚਾਹੀਦੀ ਹੈ।

**ਸੈੱਲਾਂ ਦੀ ਸੁਰੱਖਿਆ** : ਹਲਦੀ ਇਕ ਵਧੀਆ ਐਂਟੀਆਕਸੀਡੈਂਟ ਹੈ, ਜੋ ਅਸਥਿਰ ਆਕਸੀਜਨ ਨੂੰ ਸੰਤੁਲਿਤ ਕਰਨ 'ਚ ਮਦਦ ਕਰਦੀ ਹੈ। ਇਨ੍ਹਾਂ ਨੂੰ ਵੀ ਰੈਡੀਕਲਜ਼ ਵੀ ਆਖਦੇ ਹਨ। ਇਹ ਫਰੀ ਰੈਡੀਕਲਜ਼ ਸੈੱਲਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ, ਜਿਸ ਕਰਕੇ ਚਮੜੀ ਸਬੰਧੀ ਬਿਮਾਰੀਆਂ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ।

**ਹੱਡੀਆਂ ਦੀ ਮਜ਼ਬੂਤੀ** : ਰੋਜ਼ ਰਾਤ ਨੂੰ ਹਲਦੀ ਦਾ ਜੂਸ ਪੀਓ। ਅੱਧਾ ਗਲਾਸ ਦੁੱਧ 'ਚ ਅੱਧਾ ਇੰਚ ਸੁੱਕੀ ਹਲਦੀ ਦਾ ਟੁਕੜਾ ਮਿਲਾ ਕੇ ਚੰਗੀ ਤਰ੍ਹਾਂ ਉਬਾਲੋ। ਜਦੋਂ ਦੁੱਧ ਦਾ ਰੰਗ ਬਿਲਕੁਲ ਪੀਲਾ ਹੋ ਜਾਵੇ ਤਾਂ ਉਸ ਨੂੰ ਕੋਸਾ ਕਰ ਕੇ ਪੀ ਲਵੋ। ਇਹ ਬਹੁਤ ਸਾਰੀਆਂ ਬਿਮਾਰੀਆਂ ਲਈ ਫ਼ਾਇਦੇਮੰਦ ਹੈ। ਖ਼ਾਸ ਤੌਰ 'ਤੇ ਔਰਤਾਂ ਨੂੰ ਇਸ ਦਾ ਜੂਸ ਰੋਜ਼ ਰਾਤ ਨੂੰ ਪੀਣਾ ਚਾਹੀਦਾ ਹੈ, ਕਿਉਂਕਿ ਇਹ ਆਸਟੀਓਪੋਰੋਸਿਸ ਦੇ ਖ਼ਤਰੇ ਨੂੰ ਰੋਕਦਾ ਹੈ। •

97815-13519

# ਮੂੰਗਫਲੀ ਤੇ ਗੁੜ ਦੇ ਫ਼ਾਇਦੇ



ਗਰਮੀ ਦੇ ਮੌਸਮ ਵਿਚ ਸਰੀਰ ਨੂੰ ਠੰਡਕ ਪਹੁੰਚਾਉਣ ਲਈ ਠੰਡੀ ਤਾਸੀਰ ਤੇ ਸਰਦੀਆਂ 'ਚ ਗਰਮ ਤਾਸੀਰ ਵਾਲੀਆਂ ਚੀਜ਼ਾਂ ਖਾਣ ਨਾਲ ਸਿਹਤ ਠੀਕ ਰਹਿੰਦੀ ਹੈ। ਸਰਦੀਆਂ 'ਚ ਗੁੜ ਤੇ ਮੂੰਗਫਲੀ ਦਾ ਸੇਵਨ ਸਿਹਤ ਲਈ ਵਧੀਆ ਮੰਨਿਆ ਗਿਆ ਹੈ। ਗੁੜ ਤੇ ਮੂੰਗਫਲੀ ਖਾਣ 'ਚ ਸਵਾਦੀ ਹੋਣ ਦੇ ਨਾਲ-ਨਾਲ ਸਿਹਤ ਸਬੰਧੀ ਪਰੇਸ਼ਾਨੀਆਂ ਤੋਂ ਵੀ ਰਾਹਤ ਦਿਵਾਉਣ ਦਾ ਕੰਮ ਕਰਦੇ ਹਨ। ਜਾਣਦੇ ਹਾਂ ਗੁੜ ਤੇ ਮੂੰਗਫਲੀ ਦੇ ਫ਼ਾਇਦੇ

**ਦਿਲ ਦੇ ਰੋਗ** : ਮੂੰਗਫਲੀ ਵਿਚ ਦਿਲ ਲਈ ਲਾਹੇਵੰਦ 'ਮੋਨੋ ਅਨਸੈਚੁਰੇਟਿਡ ਫੈਟ' ਭਾਵ ਚਰਬੀ ਅਤੇ ਓਲਿਕ ਐਸਿਡ ਨਾਂ ਦਾ ਐਂਟੀ ਆਕਸੀਡੈਂਟ ਹੁੰਦਾ ਹੈ। ਇਹ ਤੱਤ ਦਿਲ ਨੂੰ ਕਾਰਡੀਓ ਵੈਸਕੂਲਰ ਅਤੇ ਨਸਾਂ ਦੇ ਹੋਰ ਰੋਗਾਂ ਤੋਂ ਬਚਾਉਂਦੇ ਹਨ ਤੇ ਦਿਲ ਦੇ ਦੌਰੇ ਦੇ ਖ਼ਤਰੇ ਨੂੰ ਘੱਟ ਕਰਦਾ ਹੈ।

**ਕਬਜ਼ ਤੋਂ ਛੁਟਕਾਰਾ** : ਫਾਈਬਰ ਨਾਲ ਭਰਪੂਰ ਮੂੰਗਫਲੀ ਐਸੀਡਿਟੀ ਜਾਂ ਕਬਜ਼ ਜਿਹੀਆਂ ਪਰੇਸ਼ਾਨੀਆਂ ਤੋਂ ਵੀ ਬਚਾਅ ਰੱਖਦੀ ਹੈ।

**ਖ਼ੂਨ ਦਾ ਗੇੜ** : ਗੁੜ ਅਤੇ ਮੂੰਗਫਲੀ ਦਾ ਸੇਵਨ ਕਰਨ ਨਾਲ ਸਰੀਰ 'ਚ ਖ਼ੂਨ ਦਾ ਗੇੜ ਸਹੀ ਰਹਿੰਦਾ ਹੈ। ਇਨ੍ਹਾਂ ਦੀ ਤਾਸੀਰ ਗਰਮ ਹੋਣ ਕਰਕੇ ਸੀਮਤ ਮਾਤਰਾ 'ਚ ਹੀ ਇਨ੍ਹਾਂ ਦਾ ਸੇਵਨ ਕੀਤਾ ਜਾਵੇ।

**ਦੰਦਾਂ ਤੇ ਹੱਡੀਆਂ ਦੀ ਮਜ਼ਬੂਤੀ**: ਪ੍ਰੋਟੀਨ ਅਤੇ ਕੈਲਸ਼ੀਅਮ ਨਾਲ ਭਰਪੂਰ ਮੂੰਗਫਲੀ ਅਤੇ ਗੁੜ ਦਾ ਸੇਵਨ ਕਰਨ ਨਾਲ ਦੰਦ ਅਤੇ ਹੱਡੀਆਂ ਮਜ਼ਬੂਤ ਹੁੰਦੇ ਹਨ। •



# ਲਾਹੇਵੰਦ ਹੈ ਅਨਾਰ



ਪ੍ਰਿੰਸ ਅਰੋੜਾ ਮਲੌਦ

ਅਨਾਰ ਲਾਲ ਰੰਗ ਦਾ ਛੋਟਾ ਜਿਹਾ ਫਲ ਹੈ ਪਰ ਮਨੁੱਖੀ ਸਰੀਰ ਨੂੰ ਅਣਗਿਣਤ ਲਾਭ ਦਿੰਦਾ ਹਨ। ਅਨਾਰ ਅੰਦਰ ਛੋਟੇ-ਛੋਟੇ ਲਾਲ ਰੰਗ ਦੇ ਰਸਭਰੇ ਦਾਣੇ ਹੁੰਦੇ ਹਨ। ਅਨਾਰ ਜ਼ਿਆਦਾਤਰ ਗਰਮ ਦੇਸ਼ਾਂ 'ਚ ਪਾਇਆ ਜਾਂਦਾ ਹੈ। ਭਾਰਤ ਵਿਚ ਅਨਾਰ ਜ਼ਿਆਦਾਤਰ ਮਹਾਰਾਸ਼ਟਰ, ਰਾਜਸਥਾਨ, ਉੱਤਰ ਪ੍ਰਦੇਸ਼, ਹਰਿਆਣਾ, ਗੁਜਰਾਤ ਆਦਿ ਸੂਬਿਆਂ 'ਚ ਹੁੰਦਾ ਹੈ। ਖ਼ੂਨ ਵਧਾਉਣ ਲਈ ਅਨਾਰ ਸਭ ਤੋਂ ਵਧੀਆ ਫਲ ਮੰਨਿਆ ਜਾਂਦਾ ਹੈ ਅਤੇ ਇਹ ਸਾਰਾ ਸਾਲ ਹੀ ਮਿਲ ਜਾਂਦਾ ਹੈ। ਅਨਾਰ 'ਚ ਵਿਟਾਮਿਨ-ਬੀ, ਵਿਟਾਮਿਨ-ਸੀ ਤੇ ਵਿਟਾਮਿਨ-ਕੇ ਭਰਪੂਰ ਮਾਤਰਾ 'ਚ ਹੁੰਦੇ ਹਨ। ਆਓ, ਜਾਣਦੇ ਹਾਂ ਇਸ ਦੇ ਫ਼ਾਇਦਿਆਂ ਬਾਰੇ :

### ਲਾਭ

- ਖ਼ੂਨ ਦੀ ਕਮੀ ਹੋਣ 'ਤੇ ਡਾਕਟਰ ਸਭ ਤੋਂ ਪਹਿਲਾਂ ਮਰੀਜ਼ ਨੂੰ ਅਨਾਰ ਖਾਣ ਦੀ ਸਲਾਹ ਦਿੰਦੇ ਹਨ। ਅਨਾਰ ਦੇ ਬੀਜ ਬਹੁਤ ਲਾਹੇਵੰਦ ਹੁੰਦੇ ਹਨ। ਇਹ ਸਰੀਰ ਵਿਚ ਨਵਾਂ ਖ਼ੂਨ ਬਣਾਉਣ 'ਚ ਕਾਫ਼ੀ ਮਦਦਗਾਰ ਹੁੰਦੇ ਹਨ। ਅਨੀਮੀਆ ਦੇ ਸ਼ਿਕਾਰ ਲੋਕਾਂ ਨੂੰ ਰੋਜ਼ਾਨਾ ਘੱਟੋ ਘੱਟ ਇਕ ਅਨਾਰ ਜ਼ਰੂਰ ਖਾਣਾ ਚਾਹੀਦਾ ਹੈ।
- ਅਨਾਰ ਦੇ ਰਸ 'ਚ ਮੌਜੂਦ ਫਰੂਕਟੋਜ ਨਾਂ ਦਾ ਤੱਤ ਖ਼ੂਨ ਵਿਚ ਸ਼ੂਗਰ ਦਾ ਪੱਧਰ ਨਹੀਂ ਵਧਣ ਦਿੰਦਾ। ਸ਼ੂਗਰ ਦੇ ਮਰੀਜ਼ ਇਸ ਫਲ ਦੀ ਵਰਤੋਂ ਕਰ ਸਕਦੇ ਹਨ।
- ਅਨਾਰ ਦੀ ਨਿਯਮਤ ਵਰਤੋਂ ਕਰਨ ਨਾਲ ਬਲੱਡ ਪ੍ਰੈਸ਼ਰ ਕਾਬੂ ਵਿਚ ਰਹਿੰਦਾ ਹੈ।
- ਅਨਾਰ ਦੀ ਵਰਤੋਂ ਵਿਦਿਆਰਥੀਆਂ ਲਈ ਬੜੀ ਲਾਹੇਵੰਦ ਹੈ। ਇਸ ਨਾਲ ਯਾਦਦਾਸ਼ਤ ਤੇਜ਼ ਹੁੰਦੀ ਹੈ।
- ਅਨਾਰ ਦੇ ਸੇਵਨ ਨਾਲ ਚਿਹਰੇ 'ਤੇ ਝੁਰੜੀਆਂ

# ਵ੍ਹੀਟ ਗਰਾਸ ਜੂਸ ਮਰੀਜ਼ਾਂ ਲਈ ਸੰਜੀਵਨੀ





ਹਰਦੀਪ ਸਿੰਘ ਜਟਾਣਾ

ਵ੍ਹੀਟ ਗਰਾਸ ਜੂਸ ਜਾਂ ਪੁੰਗਰਦੀ ਹੋਈ ਕਣਕ ਦਾ ਰਸ ਆਪਣੇ ਅੰਦਰ ਅਨੇਕਾਂ ਕਿਸਮ ਦੇ ਅਜਿਹੇ ਤੱਤ ਸਮੋਈ ਬੈਠਾ ਹੈ, ਜਿਹੜੇ ਕਿਸੇ ਵੀ ਰੋਗ ਨੂੰ ਠੀਕ ਕਰਨ ਦੇ ਗੁਣ ਰੱਖਦੇ ਹਨ। ਭਾਰਤ 'ਚ ਭਾਵੇਂ ਇਸ ਦੀ ਆਮ ਅਤੇ ਸਿੱਧੇ ਰੂਪ ਵਿਚ ਵਰਤੋਂ ਹੁਣ ਸ਼ੁਰੂ ਹੋਈ ਹੈ ਪਰ ਪਸ਼ੂਆਂ, ਪੰਛੀਆਂ ਵੱਲੋਂ ਅਤੇ ਜਰਮਨ, ਅਮਰੀਕਾ ਵਰਗੇ ਕਈ ਵਿਕਸਿਤ ਦੇਸ਼ਾਂ ਵਿਚ ਇਸ ਦੀ ਵਰਤੋਂ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਹੈ। ਜਰਮਨ ਦੇ ਬਹੁਤੇ ਡਾਕਟਰ ਪੁੰਗਰਦੀ ਹੋਈ ਕਣਕ ਦੇ ਰਸ ਨਾਲ ਹੀ ਮਰੀਜ਼ਾਂ ਦਾ ਇਲਾਜ ਕਰਦੇ ਹਨ ਅਤੇ ਬਹੁਤ ਜਲਦ ਤੰਦਰੁਸਤੀ ਦੇ ਨਤੀਜੇ ਹਾਸਲ ਕਰਦੇ ਹਨ।

ਜੇਕਰ ਪਸ਼ੂ-ਪੰਛੀਆਂ ਦੀ ਗੱਲ ਕਰੀਏ ਤਾਂ ਘੁੱਗੀਆਂ, ਕਬੂਤਰ ਸਾਡੇ ਹੋਸ਼ ਸੰਭਾਲਣ ਤੋਂ ਪਹਿਲਾਂ ਹੀ ਕਣਕ ਦੇ ਪੁੰਗਰਦੇ ਦਾਣਿਆਂ ਨੂੰ ਚੁਗਦੇ ਆ ਰਹੇ ਹਨ। ਪੰਛੀਆਂ ਵਿਚ ਸਾਇਬੇਰੀਆ ਵਰਗੇ ਬਰਫ਼ੀਲੇ ਦੇਸ਼ ਤੋਂ ਹਜ਼ਾਰਾਂ ਕੋਹ ਦੂਰ ਕੱਤਕ ਮਹੀਨੇ ਪੰਜਾਬ, ਰਾਜਸਥਾਨ ਅਤੇ ਗੁਜਰਾਤ ਵਿਖੇ ਪੁੱਜਣ ਵਾਲੀਆਂ ਕੂੰਜਾਂ ਦੀ ਕਹਾਣੀ ਵੀ ਵ੍ਹੀਟ ਗਰਾਸ ਦੇ ਗੁਣਾਂ 'ਤੇ ਮੋਹਰ ਲਾਉਂਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਵੀ ਕੂੰਜਾਂ ਸਬੰਧੀ ਕਈ ਸ਼ਬਦ ਸੁਸ਼ੋਭਿਤ ਹਨ। ਜੇਕਰ ਵੇਖਿਆ ਜਾਵੇ ਤਾਂ ਬਰਫ਼ੀਲੇ ਇਲਾਕੇ ਦੀਆਂ ਕੂੰਜਾਂ ਨੂੰ ਟਿੱਬਿਆਂ ਦੀ ਸੈਰ ਕਿਵੇਂ ਭਾਅ ਗਈ। ਗੁਰਬਾਣੀ ਅਨੁਸਾਰ ਉਹ ਹਜ਼ਾਰਾਂ ਮੀਲ ਦੂਰ ਆਪਣੇ ਬੱਚੇ ਛੱਡ ਵੱਖਰੀ ਕਿਸਮ ਦੇ ਪੌਣ-ਪਾਣੀ ਅਤੇ ਜੀਵ-ਜੰਤੂਆਂ ਵਾਲੀ ਧਰਤੀ 'ਤੇ ਹਰ ਸਾਲ ਆਉਂਦੀਆਂ ਹਨ। ਸਵਾਲ ਉੱਠਦਾ ਹੈ ਕਿ ਉਹ ਇਥੇ ਕੀ ਕਰਨ ਆਉਂਦੀਆਂ ਹਨ ਤਾਂ ਇਸ ਦਾ ਸਿੱਧਾ ਉਤਰ ਹੈ ਕਿ ਉਹ ਪੁੰਗਰਦੀ ਕਣਕ ਅਤੇ ਛੋਲਿਆਂ ਦੇ ਚੰਗੂਰ ਖਾਣ ਹੀ ਆਉਂਦੀਆਂ ਹਨ। ਉਡਣ ਅਤੇ ਰਾਤ ਗੁਜ਼ਾਰਨ ਵਕਤ ਹੱਦੋਂ ਵੱਧ ਤਕਨੀਕੀ ਅਤੇ ਅਨੁਸ਼ਾਸਿਤ ਇਨ੍ਹਾਂ ਪੰਛੀਆਂ ਵੱਲੋਂ ਪੰਜਾਬ ਦੀ ਧਰਤੀ 'ਤੇ ਕੁਦਰਤੀ ਰੂਪ ਵਿਚ ਪੁੰਗਰਦੀਆਂ ਫਸਲਾਂ ਅਤੇ ਕਣਕ ਦੇ ਗੁਣਾਂ ਨੂੰ ਸੈਂਕੜੇ ਸਾਲ ਪਹਿਲਾਂ ਹੀ ਮਾਨਤਾ ਦੇ ਦਿੱਤੀ ਗਈ ਸੀ ਪਰ ਅਸੀਂ ਕਾਫ਼ੀ ਦੇਰ ਨਾਲ ਚੇਤੰਨ ਹੋਏ ਹਾਂ।

ਜੇ ਖੇਤਾਂ 'ਚ ਚਰਨ ਵਾਲੇ ਪਸ਼ੂਆਂ ਦੀ ਗੱਲ ਕਰੀਏ ਤਾਂ ਉਹ ਵੀ ਪੁੰਗਰਦੀ ਹੋਈ ਕਣਕ ਨੂੰ ਖਾਣਾ ਸਭ ਤੋਂ ਜ਼ਿਆਦਾ ਪਸੰਦ ਕਰਦੇ ਹਨ। ਹਰੇ ਰੰਗ ਦੇ ਨਰਮੇ ਅਤੇ ਛੋਲੇ ਨੂੰ ਮੁੱਛਣ ਦੀ ਥਾਂ ਬੇਸਹਾਰਾ ਪਸ਼ੂ ਵੀ ਕਣਕ ਮੁੱਛਣਾ ਪਸੰਦ ਕਰਦੇ ਹਨ, ਜਿਸ ਲਈ ਉਨ੍ਹਾਂ ਨੂੰ ਕੰਡਿਆਲੀਆਂ ਤਾਰਾਂ ਦੀਆ ਰੋਕਾਂ ਅਤੇ ਕਿਸਾਨਾਂ ਦੇ ਰੈਂਗਲਿਆਂ (ਅਣਘੜੇ ਸੋਟਿਆਂ) ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਅੱਜ-ਕੱਲ੍ਹ ਕਮਜ਼ੋਰ ਜਿਹੇ ਦਿਖਾਈ ਦੇ ਰਹੇ ਇਨ੍ਹਾਂ ਪਸ਼ੂਆਂ ਦਾ ਨਿਰੀਖਣ ਕੀਤਾ ਜਾਵੇ ਤਾਂ ਭੁੱਖ ਨਾਲ ਹਾਲੋਂ ਬੇਹਾਲ ਹੋਏ ਇਹ ਪਸ਼ੂ ਕਣਕ ਦੇ ਫੁਟਾਰੇ ਦਾ ਚਾਰਾ ਮਿਲਣ 'ਤੇ ਦਸ-ਪੰਦਰਾਂ ਦਿਨਾਂ ਬਾਅਦ ਹੀ ਤਾਕਤਵਰ ਹੋ ਜਾਣਗੇ। ਫਿਰ ਇਨ੍ਹਾਂ ਨੂੰ ਨਾ ਕਿਸਾਨਾਂ ਦੇ ਰੈਂਗਲਿਆਂ ਦਾ ਡਰ ਰਹਿਣਾ ਹੈ ਅਤੇ ਨਾ ਹੀ ਪੋਹ-ਮਾਘ ਦੀਆਂ ਜਮਾ ਦੇਣ ਵਾਲੀਆਂ ਰਾਤਾਂ ਦਾ। ਗੁਣਾਂ ਦੇ ਅਧਾਰ 'ਤੇ ਜੇ ਅਸੀਂ ਇਸ ਰਸ ਨੂੰ ਸੰਜੀਵਨੀ ਰਸ ਵੀ ਕਹਿ ਲਈਏ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ।

### ਫ਼ਾਇਦੇ

ਜੇ ਕੋਈ ਵਿਅਕਤੀ ਕਣਕ ਦੇ ਬੀਜ ਨੂੰ ਬੀਜਣ ਤੋਂ ਬਾਅਦ ਛੇ ਤੋਂ ਲੈ ਕੇ ਤੇਰਾਂ ਦਿਨਾਂ ਤਕ ਦੀ ਉਮਰ ਦੇ ਬੂਟੇ ਦਾ ਰਸ ਪੀਂਦਾ ਹੈ ਤਾਂ ਇਸ ਦੇ ਕੌਤਕੀ ਪ੍ਰਭਾਵ ਵੇਖਣ ਨੂੰ ਮਿਲਦੇ ਹਨ। ਵ੍ਹੀਟ ਗਰਾਸ ਜੂਸ ਕੈਂਸਰ ਵਰਗੇ ਭਿਆਨਕ ਰੋਗ ਨੂੰ ਜੜ੍ਹੋਂ ਖ਼ਤਮ ਕਰਨ ਦੀ ਤਾਕਤ ਰੱਖਦਾ ਹੈ। 2007 ਵਿਚ ਹੋਈ ਖੋਜ ਅਨੁਸਾਰ ਵ੍ਹੀਟ ਗਰਾਸ ਜੂਸ ਔਰਤਾਂ ਦੇ ਛਾਤੀ ਦੇ ਕੈਂਸਰ ਨੂੰ ਸੌ ਫ਼ੀਸਦੀ ਠੀਕ ਕਰਨ ਦੇ ਗੁਣ ਰੱਖਦਾ ਹੈ। ਇਹ ਰਸ ਸ਼ੂਗਰ ਰੋਗੀਆਂ ਦੇ ਇਲਾਜ ਲਈ ਬਹੁਤ ਕਾਰਗਰ ਹੈ। ਗਠੀਆ, ਬਵਾਸੀਰ, ਚਮੜੀ ਰੋਗ, ਪਾਚਨ ਪ੍ਰਕਿਰਿਆ, ਥਕਾਵਟ, ਖ਼ੂਨ ਦੀ ਘਾਟ, ਸਾਹ ਰੋਗ ਅਤੇ ਸਰੀਰ ਦੀ ਬਦਬੂ, ਵਜ਼ਨ ਘਟਾਉਣ, ਕੋਲੈਸਟਰੋਲ ਕੰਟਰੋਲ ਕਰਨ, ਦਿਲ ਦੇ ਰੋਗਾਂ ਸਮੇਤ ਅਨੇਕਾਂ ਨਿੱਕੇ-ਵੱਡੇ ਰੋਗਾਂ ਲਈ ਇਹ ਰਸ ਰਾਮਬਾਣ ਜਿਹਾ ਕੰਮ ਕਰਦਾ ਹੈ। ਜੇ ਇਸ ਦੀ ਨਿਯਮਤ ਵਰਤੋਂ ਕੀਤੀ ਜਾਵੇ ਤਾਂ ਇਸ ਨਾਲ ਘਾਤਕ ਨਸ਼ਿਆਂ ਤੋਂ ਪੀੜਤ ਵੀ ਤੰਦਰੁਸਤ ਹੋ ਕੇ ਨਸ਼ਾ-ਮੁਕਤੀ ਵੱਲ ਤੁਰ ਸਕਦੇ ਹਨ। ਮਾਹਿਰ ਤਾਂ ਇਹ ਵੀ ਕਹਿੰਦੇ ਹਨ ਕਿ ਕਣਕ ਦਾ ਇਹ ਰਸ ਸਹੀ ਮਾਤਰਾ 'ਚ ਲੈਣ ਨਾਲ ਕਣਕ ਦੇ ਆਟੇ ਤੋਂ ਹੋਣ ਵਾਲੀ ਐਲਰਜੀ ਨੂੰ ਵੀ ਠੀਕ ਕਰਨ ਦੀ ਸਮਰਥਾ ਰੱਖਦਾ ਹੈ।

ਜੇਕਰ ਇਸ ਰਸ ਦੀ ਤੰਦਰੁਸਤੀ ਲਈ ਕੀਤੀ ਜਾਣ ਵਾਲੀ ਪ੍ਰਕਿਰਿਆ ਦੀ ਗੱਲ ਕਰੀਏ ਤਾਂ ਇਹ ਬਹੁਤ ਹੀ ਸਧਾਰਨ ਅਤੇ ਸਰਲ ਹੈ। ਮਾਹਿਰਾਂ ਮੁਤਾਬਿਕ ਵ੍ਹੀਟ ਗਰਾਸ ਜੂਸ ਕਲੋਰੋਫਿਲ ਦੀ ਬਹੁਤਾਤ ਕਾਰਨ ਸਰੀਰ ਵਿਚ ਜਾ ਕੇ ਖ਼ੂਨ ਵਿਚ ਆਕਸੀਜਨ ਦੀ ਮਾਤਰਾ ਕਾਫ਼ੀ ਵਧਾ ਦਿੰਦਾ ਹੈ। ਸਰੀਰ ਵਿਚ ਵਧੀ ਹੋਈ ਆਕਸੀਜਨ ਦੀ ਮਾਤਰਾ ਆਕਸੀਜਨ ਦੀ ਘਾਟ ਕਾਰਨ ਨਕਾਰਾ ਹੋਏ ਸੈੱਲਾਂ ਦੀ ਮੁਰੰਮਤ ਕਰਦੀ ਹੈ, ਉਨ੍ਹਾਂ ਨੂੰ ਜੀਵਤ ਕਰ ਕੇ ਮੁੜ ਕਾਰਜਸ਼ੀਲ ਕਰਦੀ ਹੈ ਅਤੇ ਕਹਿਣਾ ਨਾ ਮੰਨਣ ਵਾਲੇ ਸੈੱਲਾਂ ਨੂੰ ਮਲ ਤਿਆਗ ਰਸਤੇ ਬਾਹਰ ਕੱਢ ਦਿੰਦੀ ਹੈ। ਜਦੋਂ ਸਰੀਰ ਦੇ ਸੈੱਲ ਤਾਕਤਵਰ ਹੋ ਜਾਣ ਤਾਂ ਫਿਰ ਸਰੀਰ ਦੇ ਰੋਗ ਆਪਣੇ ਆਪ ਜੜ੍ਹੋਂ ਖ਼ਤਮ ਹੋ ਜਾਂਦੇ ਹਨ। ਜੇ ਕਣਕ ਪੁੰਗਾਰਨ ਦੀਆਂ ਸਧਾਰਨ ਤਕਨੀਕਾਂ ਸਿੱਖ ਕੇ ਘਰ ਦੇ ਇਸ ਡਾਕਟਰ ਨੂੰ ਘਰ ਵਿਚ ਹਾਜ਼ਰ ਕਰ ਲਈਏ ਤਾਂ ਪੂਰਾ ਸਮਾਜ ਰੋਗ-ਮੁਕਤ ਹੋ ਸਕਦਾ ਹੈ। ਸਸਤਾ, ਜਲਦੀ ਪੈਦਾ ਹੋ ਕੇ ਜਲਦੀ ਨਤੀਜੇ ਦੇਣ ਵਾਲਾ ਵ੍ਹੀਟ ਗਰਾਸ ਹਰ ਤਰ੍ਹਾਂ ਦੇ ਰੋਗ ਭਜਾ ਕੇ ਤੰਦਰੁਸਤੀ ਪੈਦਾ ਕਰ ਸਕਦਾ ਹੈ। ਮੌਜੂਦਾ ਸਮਾਂ ਪੰਜਾਬ ਵਿਚ ਕਣਕ ਬੀਜਣ ਦਾ ਮਹੀਨਾ ਹੈ। ਜੇਕਰ ਥੋੜ੍ਹਾ ਜਿਹਾ ਉੱਦਮ ਕੀਤਾ ਜਾਵੇ ਤਾਂ ਅਸੀਂ ਆਪਣੇ ਖੇਤਾਂ, ਘਰਾਂ ਤੇ ਹੋਰ ਸਾਂਝੀਆਂ ਥਾਵਾਂ 'ਤੇ ਰਸਾਇਣਾਂ ਤੋਂ ਮੁਕਤ ਜ਼ਮੀਨ ਉੱਪਰ ਜ਼ਹਿਰ ਮੁਕਤ ਕਣਕ ਪੈਦਾ ਕਰ ਕੇ ਤੰਦਰੁਸਤ ਸਮਾਜ ਦੀ ਨੀਂਹ ਰੱਖ ਸਕਦੇ ਹਾਂ। •

94172-54517

### ਖੋਜ

ਮਾਹਿਰਾਂ ਵੱਲੋਂ ਕੀਤੀ ਗਈ ਲੰਬੀ ਖੋਜ ਅਨੁਸਾਰ ਵ੍ਹੀਟ ਗਰਾਸ ਵਿਚ ਧਰਤੀ 'ਤੇ ਹੁਣ ਤਕ ਖੋਜੇ ਗਏ ਕੁੱਲ 102 ਤੱਤਾਂ ਵਿੱਚੋਂ 98 ਤੱਤ ਮੌਜੂਦ ਹਨ। ਖੋਜਕਾਰਾਂ ਅਨੁਸਾਰ ਇਹ ਪੌਦਾ ਚਾਨਣੇ ਅਤੇ ਧਰਤੀ 'ਤੇ ਪੈਦਾ ਹੋਣ ਵਾਲੇ ਸਾਰੇ ਪੌਦਿਆਂ ਵਿੱਚੋਂ ਸਭ ਤੋਂ ਜ਼ਿਆਦਾ ਕਲੋਰੋਫਿਲ ਦੀ ਮਾਤਰਾ ਰੱਖਦਾ ਹੈ।

ਕੌਮੀ ਪੱਤ੍ਰਿਕਾ

# ਸੰਧਵਾਂ ਨੇ ਪਾਰਟੀ ਪ੍ਰਧਾਨ ਅਤੇ ਕਾਰਜਕਾਰੀ ਪ੍ਰਧਾਨ ਦੀ ਜ਼ਿੰਮੇਵਾਰੀ ਮਿਲਣ 'ਤੇ ਅਮਨ ਅਰੋੜਾ ਅਤੇ ਸ਼ੈਰੀ ਕਲਸੀ ਨੂੰ ਦਿੱਤੀ ਵਧਾਈ

**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕਾਰਜਕਾਰੀ ਪ੍ਰਧਾਨ ਦੀ ਜ਼ਿੰਮੇਵਾਰੀ ਮਿਲਣ 'ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਅਤੇ ਵਿਧਾਇਕ ਸ੍ਰੀ ਸ਼ੈਰੀ ਕਲਸੀ ਨੂੰ ਵਧਾਈ ਦਿੱਤੀ ਹੈ।

ਅੱਜ ਇੱਥੋਂ ਜਾਰੀ ਇੱਕ ਪ੍ਰੈਸ ਬਿਆਨ 'ਚ ਸ. ਸੰਧਵਾਂ ਨੇ ਸ੍ਰੀ ਅਮਨ ਅਰੋੜਾ ਅਤੇ ਸ੍ਰੀ ਸ਼ੈਰੀ ਕਲਸੀ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਮੁਬਾਰਕਾਂ ਦਿੰਦਿਆਂ ਕਿਹਾ ਕਿ, ''ਮੈਨੂੰ ਪੂਰਨ ਆਸ ਹੈ ਕਿ ਸ੍ਰੀ ਅਰੋੜਾ ਅਤੇ ਸ੍ਰੀ ਕਲਸੀ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸ੍ਰੀ ਸੰਦੀਪ ਪਾਠਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੰਗਠਨ ਦੇ ਕੰਮ ਨੂੰ ਹੋਰ ਸੁਚਾਰੂ ਢੰਗ ਨਾਲ ਸੰਭਾਲਣਗੇ।

ਸ. ਸੰਧਵਾਂ ਨੇ ਦੋਵਾਂ ਆਗੂਆਂ ਨੂੰ ਸਮਰੱਥ ਦੱਸਦਿਆਂ ਕਿਹਾ ਕਿ ਦੋਵੇਂ ਹੀ ਬਤੌਰ ਮੰਤਰੀ ਅਤੇ ਬਤੌਰ ਵਿਧਾਇਕ ਲੋਕਾਂ ਦੀ ਲਗਾਤਾਰ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਦੀ ਅਗਵਾਈ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

**.ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਰੋਕਣ ਲਈ ਇੱਕ ਹੋਰ ਪਹਿਲਕਦਮੀ**

# ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ 'ਪੰਜਾਬ ਮਾਈਨਜ਼ ਇੰਸਪੈਕਸ਼ਨ' ਮੋਬਾਈਲ ਐਪ ਲਾਂਚ




**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖਣਨ ਖੇਤਰ ਵਿੱਚ ਆਧੁਨਿਕ ਤਕਨਾਲੌਜੀ ਨੂੰ ਲਾਗੂ ਕਰਨ ਵੱਲ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ 'ਪੰਜਾਬ ਮਾਈਨਜ਼ ਇੰਸਪੈਕਸ਼ਨ' ਮੋਬਾਈਲ ਐਪਲੀਕੇਸ਼ਨ ਲਾਂਚ ਕੀਤੀ ਹੈ। ਇਹ ਮੋਬਾਈਲ ਐਪ ਸੂਬੇ ਭਰ ਵਿੱਚ ਖਣਨ ਗਤੀਵਿਧੀਆਂ ਦੀ ਨਿਗਰਾਨੀ ਅਤੇ ਚੈਕਿੰਗ ਵਧਾਉਣ ਲਈ ਡਿਜ਼ਾਈਨ ਕੀਤੀ ਗਈ ਹੈ।

ਖਣਨ ਅਤੇ ਭੂ-ਵਿਗਿਆਨ ਵਿਭਾਗ ਵੱਲੋਂ ਤਿਆਰ ਕੀਤੀ ਗਈ ਇਹ ਐਂਡਰਾਇਡ-ਆਧਾਰਤ ਐਪਲੀਕੇਸ਼ਨ ਵਿਭਾਗੀ ਅਧਿਕਾਰੀਆਂ ਲਈ ਮਾਈਨਿੰਗ ਵਾਲੀਆਂ ਥਾਵਾਂ ਦੀ ਸਹੀ ਢੰਗ ਨਾਲ ਚੈਕਿੰਗ ਕਰਨ ਅਤੇ ਉਨ੍ਹਾਂ ਦੇ ਦਸਤਾਵੇਜ਼ੀਕਰਨ ਸਬੰਧੀ ਸ਼ਕਤੀਸ਼ਾਲੀ ਸਾਧਨ ਵਜੋਂ ਕੰਮ ਕਰੇਗੀ। ਇਹ ਐਪ ਸੂਬੇ ਵਿੱਚ ਖਣਨ ਨਿਯਮਾਂ ਅਤੇ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਨਵੀਨਤਾਕਾਰੀ ਵਿਸ਼ੇਸ਼ਤਾਵਾਂ ਨਾਲ ਲੈਸ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਹ ਐਪ ਪਾਰਦਰਸ਼ੀ ਅਤੇ ਕੁਸ਼ਲ ਚੈਕਿੰਗ ਪ੍ਰਕਿਰਿਆਵਾਂ ਨੂੰ ਯਕੀਨੀ ਬਣਾਏਗੀ ਅਤੇ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਸਾਡੀ ਲੜਾਈ ਵਿੱਚ ਇੱਕ ਅਹਿਮ ਹਥਿਆਰ ਵਜੋਂ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਇਹ ਤਕਨਾਲੌਜੀ-ਆਧਾਰਤ ਪਹੁੰਚ ਖਣਨ ਨਿਯਮਾਂ ਦਾ ਬਿਹਤਰ ਲਾਗੂਕਰਨ ਯਕੀਨੀ ਬਣਾ ਕੇ ਸੂਬੇ ਦੇ ਮਾਲੀਏ ਨੂੰ ਵਧਾਉਣ ਵਿੱਚ ਵੀ ਸਹਾਈ ਹੋਵੇਗੀ।

ਉਨ੍ਹਾਂ ਕਿਹਾ ਕਿ ਇਹ ਐਪ ਜ਼ਿਲ੍ਹਾ ਮਾਈਨਿੰਗ ਅਫ਼ਸਰਾਂ, ਉਪ-ਮੰਡਲ ਅਫ਼ਸਰਾਂ ਅਤੇ ਜੂਨੀਅਰ ਇੰਜੀਨੀਅਰਾਂ ਨੂੰ ਮਾਈਨਿੰਗ ਵਾਲੀਆਂ ਨਿਰਧਾਰਤ ਥਾਵਾਂ ਦੇ 200 ਮੀਟਰ ਦੇ ਘੇਰੇ ਲਈ ਵਿਸਥਾਰਤ ਨਿਰੀਖਣ ਰਿਪੋਰਟ ਤਿਆਰ ਕਰਨ ਦੇ ਯੋਗ ਬਣਾਵੇਗੀ।

ਇਹ ਐਪ ਸ਼ਨਾਖ਼ਤ ਕੀਤੇ ਗਏ ਹੌਟਸਪਾਟ ਦੇ ਆਲੇ-ਦੁਆਲੇ ਦੇ 500-ਮੀਟਰ ਨਿਗਰਾਨੀ ਜ਼ੋਨ ਨੂੰ ਖ਼ੁਦ-ਬ-ਖ਼ੁਦ ਰੇਖਾਂਕਿਤ ਕਰੇਗੀ, ਛਾਪੇ ਦੌਰਾਨ ਭੂਗੋਲਿਕ ਸਥਿਤੀ ਨੂੰ ਦਰਸਾਏਗੀ ਅਤੇ ਅਧਿਕਾਰੀਆਂ ਨੂੰ ਤਸਵੀਰਾਂ ਤੇ ਵੀਡੀਓਜ਼ ਅਪਲੋਡ ਕਰਨ ਵਿੱਚ ਸਹਾਈ ਹੋਵੇਗੀ। ਇਸ ਐਪ ਦੀ ਮੁੱਖ ਵਿਸ਼ੇਸ਼ਤਾ ਇਹ ਹੈ ਕਿ ਇਸ ਵਿੱਚ ਨਾਲ ਜਾਣ ਵਾਲੇ ਅਧਿਕਾਰੀਆਂ ਦੇ ਦਸਤਾਵੇਜ਼ੀਕਰਨ ਸਣੇ ਗ਼ੈਰ-ਕਾਨੂੰਨੀ ਖਣਨ ਗਤੀਵਿਧੀਆਂ ਦੇ ਅਣਸੁਲਝੇ ਮਾਮਲਿਆਂ ਨੂੰ ਉਪਰਲੇ ਪੱਧਰ 'ਤੇ ਭੇਜਣ ਲਈ ਆਟੋ-ਐਸਕੇਲੇਸ਼ਨ ਵਿਧੀ ਵੀ ਸ਼ਾਮਲ ਹੈ।

ਇਸ ਐਪਲੀਕੇਸ਼ਨ ਦੀ ਵਿਆਪਕ ਪਹੁੰਚ ਵਿੱਚ ਕਾਰਵਾਈ ਰਿਪੋਰਟ ਪੇਸ਼ ਕਰਨ ਦੀ ਕਾਰਜਕੁਸ਼ਲਤਾ ਅਤੇ ਜਨਤਕ ਮਾਈਨਿੰਗ ਸਾਈਟਾਂ (ਪੀ.ਐਮ.ਐਸ.) ਤੇ ਵਪਾਰਕ ਮਾਈਨਿੰਗ ਸਾਈਟਾਂ (ਸੀ.ਐਮ.ਐਸ.) ਦੋਵਾਂ ਦੀ ਰੀਅਲ ਟਾਈਮ ਨਿਗਰਾਨੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਹ ਤਕਨੀਕੀ ਪਹਿਲ ਸੂਬੇ ਭਰ ਵਿੱਚ ਸਥਾਈ ਖਣਨ ਗਤੀਵਿਧੀਆਂ ਅਤੇ ਬਿਹਤਰ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਦੇ ਹੋਏ ਨਿਯਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਮਦਦਗਾਰ ਸਿੱਧ ਹੋਵੇਗੀ।

ਐਪ ਜਾਰੀ ਕਰਨ ਮੌਕੇ ਵਿਧਾਇਕ ਰਾਮਪੁਰਾ ਫੂਲ ਸ੍ਰੀ ਬਲਕਾਰ ਸਿੱਧੂ, ਖਣਨ ਤੇ ਭੂ-ਵਿਗਿਆਨ ਦੇ ਸਕੱਤਰ ਸ੍ਰੀ ਗੁਰਕੀਰਤ ਕਿਰਪਾਲ ਸਿੰਘ, ਖਣਨ ਵਿਭਾਗ ਦੇ ਡਾਇਰੈਕਟਰ ਸ੍ਰੀ ਅਭਿਜੀਤ ਕਪਲਿਸ਼ ਅਤੇ ਖਣਨ ਵਿਭਾਗ ਦੇ ਚੀਫ਼ ਇੰਜਨੀਅਰ ਡਾ. ਹਰਿੰਦਰਪਾਲ ਸਿੰਘ ਬੇਦੀ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸ਼ਹੀਦੀ ਸਭਾ ਤੋਂ ਪਹਿਲਾਂ ਮੁੱਖ ਮੰਤਰੀ ਵੱਲੋਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਨੂੰ ਜਾਣ ਵਾਲੀਆਂ ਸੜਕਾਂ ਨੂੰ 'ਪੈਚ ਮੁਕਤ' ਬਣਾਉਣ ਲਈ 95.54 ਲੱਖ ਰੁਪਏ ਜਾਰੀ

**➢ ਸ਼ਹੀਦੀ ਸਮਾਗਮ ਦੌਰਾਨ ਮੱਥਾ ਟੇਕਣ ਆਉਣ ਵਾਲੀਆਂ ਲੱਖਾਂ ਸੰਗਤਾਂ ਨੂੰ ਸਹੂਲਤ ਦੇਣਾ ਸੂਬਾ ਸਰਕਾਰ ਦਾ ਮੁੱਢਲਾ ਫਰਜ਼ : ਮੁੱਖ ਮੰਤਰੀ ➢ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਪੇਸ਼ ਨਾ ਆਉਣ ਦੇਣ ਲਈ ਅਧਿਕਾਰੀਆਂ ਨੂੰ ਕੀਤੀ ਹਦਾਇਤ**

**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਭਾ ਦੌਰਾਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੀ ਸਹੂਲਤ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰਦੁਆਰਾ ਸਾਹਿਬ ਨੂੰ ਜਾਣ ਵਾਲੀਆਂ ਸੜਕਾਂ ਦੀ ਮੁਰੰਮਤ (ਪੈਚ ਮੁਕਤ ਬਣਾਉਣ) ਲਈ 95.54 ਲੱਖ ਰੁਪਏ ਜਾਰੀ ਕੀਤੇ ਹਨ।

ਮੁੱਖ ਮੰਤਰੀ ਨੇ ਇਹ ਫੰਡ ਬੱਸੀ ਸੰਘੋਲ ਰੋਡ, ਜੋਧਪੁਰ ਤੋਂ ਮਹਿਦੀਆਂ ਰੋਡ, ਸਰਹਿੰਦ ਚੁੰਨੀ ਰੋਡ ਤੋਂ ਘੁਮੰਡਗੜ੍ਹ, ਸਰਹਿੰਦ ਚੁੰਨੀ ਰੋਡ ਤੋਂ ਦੁਫੇਰਾ, ਨੌਗਾਵਾਂ ਤੋਂ ਲੋਹਾੜੀ ਰੋਡ, ਬੱਸੀ ਤੋਂ ਡਡਹੇੜੀ ਵਾਇਆ ਜੇਰਖੇਲਾ ਖੇੜੀ, ਫਿਰੋਜ਼ਪੁਰ, ਬਾਗ ਸਿਕੰਦਰ, ਖਰੜ ਬੱਸੀ ਰੋਡ ਤੋਂ ਘੁਮੰਡਗੜ੍ਹ, ਬੱਸੀ ਸੰਘੋਲ ਰੋਡ ਤੋਂ ਕੋਟਲਾ ਮਕਸੂਦਾਂ ਵਾਇਆ ਅਬਦੁੱਲਾਪੁਰ ਮਹਿਦੂਦਾਂ, ਖੇੜੀ ਨੌਧ ਸਿੰਘ ਤੋਂ ਬੱਸੀ ਪਠਾਣਾ ਤੋਂ ਮੈਕ ਲਿਮਟ ਵਾਇਆ ਬੋਰ ਅਤੇ ਹੋਰ ਪੈਚ ਮੁਕਤ ਕਰਨ ਲਈ ਜਾਰੀ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਇਸ ਮੰਤਵ ਲਈ ਲੋੜੀਂਦੇ ਫੰਡ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਾਰੀ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਇਸ ਕੰਮ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਕਿਹਾ ਕਿ ਸ਼ਹੀਦੀ ਸਭਾ ਦੌਰਾਨ ਪਵਿੱਤਰ ਅਸਥਾਨ ਦੇ ਦਰਸ਼ਨ ਕਰਨ ਆਏ ਲੱਖਾਂ ਸ਼ਰਧਾਲੂਆਂ ਨੂੰ ਸਾਰੀਆਂ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਸੂਬਾ ਸਰਕਾਰ ਵਚਨਬਧ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਸੂਬਾ ਸਰਕਾਰ ਵੱਲੋਂ ਦਸਮ ਪਿਤਾ ਦੇ ਪਰਿਵਾਰ ਵੱਲੋਂ ਦਿੱਤੀ ਗਈ ਮਹਾਨ ਤੇ ਲਾਸਾਨੀ ਕੁਰਬਾਨੀ ਅੱਗੇ ਇਕ ਨਿਮਾਣੀ ਜਿਹੀ ਸ਼ਰਧਾਂਜਲੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਕੇਵਲ ਸਿੱਖਾਂ ਨੂੰ ਹੀ ਨਹੀਂ ਬਲਕਿ ਸਮੁੱਚੀ ਮਾਨਵਤਾ ਨੂੰ ਪ੍ਰੇਰਿਤ ਕਰਦੀ ਹੈ, ਜਿੱਥੇ ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਟ ਕਰਨ ਲਈ ਆਉਂਦੀਆਂ ਹਨ। ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਦਾ ਜ਼ਿਕਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚ ਹੋਰ ਕਿਧਰੇ ਨਹੀਂ ਮਿਲਦੀ।

ਮੁੱਖ ਮੰਤਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪਵਿੱਤਰ ਅਸਥਾਨ 'ਤੇ ਮੱਥਾ ਟੇਕਣ ਸਮੇਂ ਸ਼ਰਧਾਲੂਆਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸ਼ਰਧਾਲੂਆਂ ਦੀ ਸੇਵਾ ਵਿੱਚ ਕੋਈ ਕਸਰ ਬਾਕੀ ਨਾ ਛੱਡਣ ਲਈ ਸਮੁੱਚੇ ਪ੍ਰਬੰਧਾਂ ਦੀ ਖੁਦ ਨਿਗਰਾਨੀ ਕਰਨਗੇ ਤਾਂ ਜੋ ਸੰਗਤਾਂ ਨੂੰ ਕੋਈ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਵਿੱਤਰ ਅਸਥਾਨ ਦੇ ਦਰਸ਼ਨਾਂ ਲਈ ਆਉਣ ਵਾਲੇ ਹਰ ਸ਼ਰਧਾਲੂ ਲਈ ਵੱਧ ਤੋਂ ਵੱਧ ਸਹੂਲਤ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਇੰਤਜ਼ਾਮ ਕੀਤੇ ਜਾਣ।

# ਪੰਜਾਬ ਸਰਕਾਰ ਵੱਲੋਂ ਸਰਹੱਦੀ ਜ਼ਿਲ੍ਹੇ ਪਠਾਨਕੋਟ ਵਿੱਚ ਸੀ-ਪਾਈਟ ਕੈਂਪ ਨੂੰ ਮਨਜ਼ੂਰੀ

## ਪਠਾਨਕੋਟ ਵਿੱਚ ਸੀ-ਪਾਈਟ ਕੈਂਪ ਦੀ ਉਸਾਰੀ ਲਈ 5.5 ਏਕੜ ਜ਼ਮੀਨ ਦੀ ਪਛਾਣ: ਅਮਨ ਅਰੋੜਾ

**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਨੌਜਵਾਨਾਂ ਨੂੰ ਸਿਖਲਾਈ ਦੇ ਕੇ ਪੁਲੀਸ, ਹਥਿਆਰਬੰਦ ਬਲਾਂ ਅਤੇ ਸੀ.ਏ.ਪੀ.ਐਫ. ਵਿੱਚ ਰੋਜ਼ਗਾਰ ਦੇ ਸਮਰੱਥ ਬਣਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ ਸਰਹੱਦੀ ਜ਼ਿਲ੍ਹੇ ਪਠਾਨਕੋਟ ਵਿੱਚ ਸੀ-ਪਾਈਟ ਕੈਂਪ ਸਥਾਪਤ ਕਰਨ ਦੀ ਪ੍ਰਵਾਨਗੀ ਦਿੱਤੀ ਹੈ।



ਇਹ ਫ਼ੈਸਲਾ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਸੈਂਟਰ ਆਫ਼ ਇੰਪਲਾਈਮੈਂਟ ਜੈਨਰੇਸ਼ਨ ਐਂਡ ਟਰੇਨਿੰਗ ਦੇ ਕਾਰਜਕਾਰੀ ਬੋਰਡ ਦੀ ਮੀਟਿੰਗ ਦੌਰਾਨ ਲਿਆ ਗਿਆ।

ਮੌਜੂਦਾ ਸਮੇਂ ਪੰਜਾਬ ਵਿੱਚ 14 ਸੀ-ਪਾਈਟ ਕੈਂਪ ਚੱਲ ਰਹੇ ਹਨ ਅਤੇ ਪਠਾਨਕੋਟ ਜ਼ਿਲ੍ਹੇ ਦੇ ਤੰਗੋ ਸ਼ਾਹ ਵਿਖੇ ਇੱਕ ਨਵਾਂ ਕੈਂਪ ਬਣਾਇਆ ਜਾਵੇਗਾ, ਜਿਸ ਵਾਸਤੇ 5.5 ਏਕੜ ਜ਼ਮੀਨ ਦੀ ਸ਼ਨਾਖ਼ਤ ਵੀ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਸੀ-ਪਾਈਟ ਕੈਂਪਾਂ ਵਿੱਚ ਹੁਣ ਤੱਕ 2,57,595 ਨੌਜਵਾਨਾਂ ਨੂੰ ਮੁਫ਼ਤ ਸਿਖਲਾਈ ਦਿੱਤੀ ਜਾ ਚੁੱਕੀ ਹੈ ਅਤੇ 1,14,861 ਨੌਜਵਾਨਾਂ ਨੂੰ ਰੋਜ਼ਗਾਰ ਮਿਲ ਚੁੱਕਾ ਹੈ।

ਕਾਰਜਕਾਰੀ ਬੋਰਡ ਵੱਲੋਂ ਸੀ-ਪਾਈਟ ਦੇ ਸਿਲੇਬਸ ਵਿੱਚ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐਨ.ਐਸ.ਡੀ.ਸੀ.) ਪ੍ਰਮਾਣਿਤ ਸੁਰੱਖਿਆ ਗਾਰਡ ਸਿਖਲਾਈ ਦੀ ਸ਼ੁਰੂਆਤ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਹ ਸਿਖਲਾਈ ਟਰੇਨਿੰਗ ਪਾਰਟਨਰ ਰਾਹੀਂ ਦਿੱਤੀ ਜਾਵੇਗੀ ਅਤੇ ਸੀ-ਪਾਈਟ ਯੋਗਤਾ ਪ੍ਰਾਪਤ ਨੌਜਵਾਨਾਂ ਦੀ ਪਲੇਸਮੈਂਟ ਲਈ ਪੈਸਕੋ ਨਾਲ ਸਮਝੌਤਾ ਵੀ ਕੀਤਾ ਜਾਵੇਗਾ।

ਇਸ ਮੀਟਿੰਗ ਵਿੱਚ ਲਏ ਗਏ ਇੱਕ ਹੋਰ ਅਹਿਮ ਫ਼ੈਸਲੇ ਬਾਰੇ ਦੱਸਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੀ-ਪਾਈਟ ਕੈਂਪਾਂ ਵਿੱਚ ਪ੍ਰਸਨੈਲਿਟੀ ਡਿਵੈੱਲਪਮੈਂਟ ਅਤੇ ਸਾਫ਼ਟ ਸਕਿੱਲ ਦੀ ਕੋਚਿੰਗ ਵੀ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਨੌਜਵਾਨਾਂ ਦੀ ਰੋਜ਼ਗਾਰ ਸਮਰੱਥਾ ਨੂੰ ਹੋਰ ਨਿਖਾਰਿਆ ਜਾ ਸਕੇ।

ਜ਼ਿਕਰਯੋਗ ਹੈ ਕਿ ਇਹ ਕਦਮ ਨੌਜਵਾਨਾਂ ਵਿੱਚ ਇਮਾਨਦਾਰੀ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਇਕਾਗਰਤਾ ਨੂੰ ਹੋਰ ਵਿਕਸਤ ਕਰਨ ਵਿੱਚ ਮਦਦ ਕਰੇਗਾ। ਇਸ ਤੋਂ ਇਲਾਵਾ ਇਹ ਕੋਚਿੰਗ ਨੌਜਨਾਵਾਂ ਨੂੰ ਬਿਹਤਰ ਨਾਗਰਿਕ ਬਣਨ ਲਈ ਵੀ ਪ੍ਰੇਰਿਤ ਕਰੇਗੀ।

ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀਮਤੀ ਜਸਪ੍ਰੀਤ ਤਲਵਾੜ ਨੇ ਕੈਬਨਿਟ ਮੰਤਰੀ ਨੂੰ ਦੱਸਿਆ ਕਿ ਸੀ-ਪਾਈਟ ਕੈਂਪ ਨੌਜਵਾਨਾਂ ਵਿੱਚ ਅਨੁਸ਼ਾਸਨ, ਸਮਾਜਿਕ ਸਰੋਕਾਰ ਅਤੇ ਰਾਸ਼ਟਰ ਨਿਰਮਾਣ ਸਮੇਤ ਹੋਰ ਕਦਰਾਂ-ਕੀਮਤਾਂ ਪੈਦਾ ਕਰਨ ਲਈ ਅਣਥੱਕ ਮਿਹਨਤ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਹਥਿਆਰਬੰਦ ਬਲਾਂ, ਪੁਲਿਸ, ਪੈਰਾ ਮਿਲਟਰੀ ਫੋਰਸਿਜ਼ ਅਤੇ ਹੋਰ ਉਦਯੋਗਿਕ ਖੇਤਰਾਂ ਵਿੱਚ ਰੋਜ਼ਗਾਰ ਪ੍ਰਾਪਤ ਕਰਨ ਲਈ ਵੀ ਸਿਖਲਾਈ ਦੇ ਰਹੇ ਹਨ। ਸੀ-ਪਾਈਟ ਦੇ ਡਾਇਰੈਕਟਰ ਜਨਰਲ ਮੇਜਰ ਜਨਰਲ (ਸੇਵਾਮੁਕਤ) ਰਾਮਬੀਰ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਫ਼ੈਸਲਿਆਂ ਨਾਲ ਪੰਜਾਬ ਦੇ ਨੌਜਵਾਨਾਂ ਦੀ ਸਿਖਲਾਈ ਨੂੰ ਹੋਰ ਸੁਚਾਰੂ ਨਾਲ ਚਲਾਉਣ ਅਤੇ ਸਮੇਂ ਦੇ ਹਾਣ ਦਾ ਬਣਾਉਣ ਵਿੱਚ ਮਦਦ ਮਿਲੇਗੀ। ਇਸ ਮੀਟਿੰਗ ਵਿੱਚ ਹੋਰ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਸੀਟੂ ਆਗੂਆਂ ਨੇ ਕਿਰਤੀਆਂ ਨੂੰ 26 ਨਵੰਬਰ ਦੇ ਸੂਬਾ ਪੱਧਰੀ ਧਰਨਿਆਂ ਵਿੱਚ ਸ਼ਾਮਲ ਹੋਣ ਦਾ ਦਿੱਤਾ ਸੱਦਾ

**ਸੰਗਰੂਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਦੀਆਂ ਮਜ਼ਦੂਰ, ਕਿਸਾਨ, ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀਆਂ ਕਾਰਨ ਦੇਸ਼ ਦਾ ਹਰ ਵਰਗ ਸੰਘਰਸ਼ ਦੇ ਰਾਹ ਪਿਆ ਹੋਇਆ ਹੈ। ਦੇਸ਼ ਦਾ ਅੰਨਦਾਤਾ ਕਿਸਾਨ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਫ਼ਸਲ ਪੈਦਾ ਕਰਕੇ ਮੰਡੀਆਂ ਵਿੱਚ ਰੁਲ ਰਿਹਾ ਹੈ। ਕਿਸਾਨਾਂ ਨੂੰ ਕਰਜ਼ਿਆਂ ਦੀ ਪੰਡ ਦੇ ਭਾਰ ਨੇ ਖੁਦਕਸ਼ੀਆਂ ਲਈ ਮਜਬੂਰ ਕਰ ਦਿੱਤਾ ਹੈ। ਉਨ੍ਹਾਂ ਨੂੰ ਫਸਲਾਂ ਉਗਾਉਣ ਲਈ ਕਣਕ ਅਤੇ ਝੋਨੇ ਦੇ ਫਸਲੀ ਚੱਕਰ ਵਿੱਚ ਜਾਣਬੁੱਝ ਕੇ ਫਸਾਇਆ ਜਾ ਰਿਹਾ ਹੈ। ਉਨ੍ਹਾਂ ਨੂੰ ਬਦਲਵੀਆਂ ਫ਼ਸਲਾਂ ਉੱਤੇ ਐਮ.ਐਸ.ਪੀ. ਦੇਕੇ ਖਰੀਦਣ ਦੀ ਕੋਈ ਵੀ ਗਰੰਟੀ ਨਹੀਂ ਦਿੱਤੀ ਜਾਂਦੀ।ਇਹ ਸੱਭ ਕੁਝ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਲਈ ਕੀਤਾ ਜਾ ਰਿਹਾ ਹੈ। ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਨਹੀਂ ਕੀਤੇ ਜਾ ਰਹੇ। ਵਿਜੇ ਮਾਲਿਆ,ਨੀਰਵ ਮੋਦੀ ਵਰਗੇ ਹੋਰ ਅਨੇਕਾਂ ਲੁਟੇਰਿਆਂ ਤੋਂ ਵੱਡੀ ਪੱਧਰ ਤੇ ਭਾਜਪਾ ਨੇ ਫੰਡ ਉਗਰਾਹ ਕੇ ਉਨ੍ਹਾਂ ਵੱਲੋਂ ਬੈਂਕਾਂ ਤੋਂ ਲਏ ਕਰੋੜਾਂ ਰੁਪਏ ਕਰਜ਼ੇ ਨੂੰ ਵੱਟੇ ਖਾਤੇ ਵਿੱਚ ਪਾ ਦਿੱਤਾ ਅਤੇ ਉਨ੍ਹਾਂ ਨੂੰ ਵਿਦੇਸ਼ਾਂ ਵਿਚ ਜਾ ਕੇ ਆਪਣੇ ਕਾਰੋਬਾਰ ਕਰਨ ਦੀਆਂ ਖੁੱਲਾਂ ਦਿੱਤੀਆਂ ਹਨ। ਸੰਯੁਕਤ ਕਿਸਾਨ ਮੋਰਚੇ ਨੇ 13 ਮਹੀਨੇ ਦਿੱਲੀ ਦੀਆਂ ਬਰੂਹਾਂ ਤੇ ਸੰਘਰਸ਼ ਕਰਕੇ ਜਿਹੜੀਆਂ ਮੰਗਾਂ ਮੋਦੀ ਸਰਕਾਰ ਤੋਂ ਮਨਾਈਆਂ ਉਸ ਤੋਂ ਵੀ ਮੋਦੀ ਸਰਕਾਰ ਮੁੱਕਰ ਗਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਸੀਟੂ ਦੇ ਸੂਬਾਈ ਪ੍ਰਧਾਨ ਸ਼ੇਰ ਸਿੰਘ ਫਰਵਾਹੀ, ਕ੍ਰਮਵਾਰ ਸੂਬਾਈ ਜਨਰਲ ਸਕੱਤਰ ਅਮਰਨਾਥ ਕੂੰਮਕਲਾਂ,ਵਿੱਤ ਸਕੱਤਰ ਗੁਰਨਾਮ ਸਿੰਘ ਘਨੌਰ ਨੇ ਕਰਦਿਆਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਅਦਾਰੇ ਮਿੱਟੀ ਦੇ ਭਾਅ ਵੇਚ ਦਿੱਤੇ ਗਏ ਹਨ ਮਜ਼ਦੂਰ ਪੱਖੀ ਕਾਨੂੰਨ ਤੋੜਕੇ ਵੱਡੇ ਵੱਡੇ ਪੂੰਜੀਪਤੀਆਂ ਦੇ ਪੱਖ ਵਿੱਚ ਚਾਰ ਲੇਬਰ ਕੋਡਜ ਬਣਾ ਦਿੱਤੇ ਹਨ। ਕੰਮ ਕਰਨ ਦਾ ਸਮਾਂ 8 ਘੰਟੇ ਤੋਂ ਵਧਾਕੇ 12 ਘੰਟੇ ਕਰ ਦਿੱਤਾ ਹੈ। 44ਵੀਂ 45ਵੀਂ 46ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਅਨੁਸਾਰ 26000/-ਹਜਾਰ ਰੁਪਏ ਹਰ ਕਿਰਤੀ ਨੂੰ ਤਨਖਾਹ ਦੇਣੀ ਬਣਦੀ ਹੈ, ਉਹ ਵੀ 10 ਤੋਂ 15 ਹਜ਼ਾਰ ਰੁਪਏ ਹੀ ਪ੍ਰਤੀ ਮਹੀਨਾ ਹੈ, ਮਾਨਯੋਗ ਸੁਪਰੀਮ ਕੋਰਟ ਅਤੇ ਹਾਈਕੋਰਟ ਵੱਲੋਂ ਦਿੱਤੇ ਫੈਸਲੇ ਬਰਾਬਰ ਕੰਮ ਬਰਾਬਰ ਤਨਖਾਹ ਨਹੀਂ ਦਿੱਤੀ ਜਾ ਰਹੀ ਲਗਾਤਾਰ ਦਿੱਤੇ ਹੁਕਮਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ।ਮਨਰੇਗਾ ਮਜ਼ਦੂਰਾਂ ਨੂੰ 700/- ਰੁਪਏ ਦਿਹਾੜੀ ਅਤੇ 200 ਦਿਨ ਕੰਮ ਦਿੱਤਾ ਜਾਵੇ, ਜਿੰਨੀਂ ਦੇਰ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਉਨੀਂ ਦੇਰ ਮਨਰੇਗਾ ਕਾਨੂੰਨ ਦੇ ਮੁਤਾਬਿਕ ਖੇਤ ਮਜ਼ਦੂਰਾਂ ਦੇ ਬਰਾਬਰ 437.26 ਪੈਸੇ ਪ੍ਰਤੀ ਦਿਨ ਦਿਹਾੜੀ ਦਿੱਤੀ ਜਾਵੇ।60 ਸਾਲ ਦੀ ਉਮਰ ਵਿੱਚ ਮਜ਼ਦੂਰਾਂ, ਕਿਸਾਨਾਂ ਨੂੰ 10,000/- ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ, ਬਿਜਲੀ ਸੋਧ ਬਿਲ 2020 ਫੌਰੀ ਰੱਦ ਕੀਤਾ ਜਾਵੇ,ਕੇਂਦਰ ਦੀ ਮੋਦੀ ਸਰਕਾਰ ਨੂੰ ਡਾਕਟਰ ਭੀਮ ਰਾਓ ਅੰਬੇਦਕਰ ਵੱਲੋਂ ਲਿਖੇ ਸੰਵਿਧਾਨ ਨਾਲ ਛੇੜ ਛਾੜ ਕਰਨ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ। ਉਪਰੋਕਤ ਆਗੂਆਂ ਨੇ ਪੰਜਾਬ ਦੇ ਸਮੂਹ ਮਨਰੇਗਾ ਮਜ਼ਦੂਰਾਂ ਨੂੰ 26 ਨਵੰਬਰ ਦੇ ਚਿਤਾਵਨੀ ਦਿਵਸ ਦੇ ਸਾਂਝੇ ਐਕਸ਼ਨ ਵਿੱਚ ਜ਼ੋਰਦਾਰ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਅਤੇ ਮੋਦੀ ਸਰਕਾਰ ਵਲੋਂ ਕੀਤੀ ਗਈ ਵਾਅਦਾ ਖਿਲਾਫੀ ਵਿਰੁੱਧ ਰੋਹ ਭਰਪੂਰ ਅਵਾਜ਼ ਬੁਲੰਦ ਕਰੋ।

# ਪੰਜਾਬ ਦੇ ਰਾਜਪਾਲ ਤੇ ਯੂ.ਟੀ. ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਤਿਮਾਹੀ ਮੈਗਜ਼ੀਨ 'ਸੰਕਲਪ' ਜਾਰੀ



**ਚੰਡੀਗੜ੍ਹ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਅੱਜ ਇੱਕ ਤਿਮਾਹੀ ਮੈਗਜ਼ੀਨ 'ਪੰਜਾਬ ਰਾਜ ਭਵਨ ਸੰਕਲਪ' ਜਾਰੀ ਕੀਤੀ ਗਈ ਹੈ, ਜਿਸ ਵਿੱਚ ਪੰਜਾਬ ਅਤੇ ਯੂ.ਟੀ. ਚੰਡੀਗੜ੍ਹ ਦੀਆਂ ਵੱਖ-ਵੱਖ ਗਤੀਵਿਧੀਆਂ ਦਾ ਸਾਰ ਸ਼ਾਮਲ ਕੀਤਾ ਗਿਆ ਹੈ। ਪੰਜਾਬ ਰਾਜ ਭਵਨ ਅਤੇ ਯੂ.ਟੀ. ਚੰਡੀਗੜ੍ਹ ਵੱਲੋਂ ਪ੍ਰਕਾਸ਼ਿਤ ਕੀਤੀ ਇਹ ਮੈਗਜ਼ੀਨ ਦੋਵਾਂ ਖੇਤਰਾਂ ਵਿੱਚ ਰਾਜਪਾਲ ਦੇ ਦੌਰਿਆਂ ਦਾ ਵਰਣਨ ਕਰਨ ਦੇ ਨਾਲ-ਨਾਲ ਭਾਈਚਾਰਿਆਂ ਅਤੇ ਵਸਨੀਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਅਨੇਕਾਂ ਭਲਾਈ ਸਕੀਮਾਂ ਅਤੇ ਜਾਗਰੂਕਤਾ ਪ੍ਰੋਗਰਾਮਾਂ ਨੂੰ ਵੀ ਉਜਾਗਰ ਕਰਦੀ ਹੈ। ਜ਼ਿਕਰਯੋਗ ਹੈ ਕਿ ਇਹ ਮੈਗਜ਼ੀਨ ਪ੍ਰਸ਼ਾਸਨ ਵੱਲੋਂ ਜਾਰੀ ਕੀਤੀਆਂ ਪਹਿਲਕਦਮੀਆਂ ਅਤੇ ਸਥਾਈ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰਸ਼ਾਸਨ ਦੇ ਸਮਰਪਣ ਬਾਰੇ ਜਨਤਾ ਨੂੰ ਸੂਚਿਤ ਕਰਨ ਵਾਸਤੇ ਰਾਜਪਾਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਆਗਾਮੀ ਐਡੀਸ਼ਨ ਵਿੱਚ ਲੋਕ ਭਲਾਈ ਸਕੀਮਾਂ ਅਤੇ ਪੰਜਾਬ ਤੇ ਚੰਡੀਗੜ੍ਹ ਦੇ ਸੈਰ-ਸਪਾਟਾ ਆਕਰਸ਼ਣ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਇਹ ਮੈਗਜ਼ੀਨ ਪ੍ਰਿੰਟ ਦੇ ਨਾਲ-ਨਾਲ punjab rajbhavan.gov.in ਪਲੇਟਫਾਰਮ 'ਤੇ ਵੀ ਉਪਲਬਧ ਹੈ।

ਮੈਗਜ਼ੀਨ ਰਿਲੀਜ਼ ਦੌਰਾਨ ਪ੍ਰਸ਼ਾਸਕ ਦੇ ਸਲਾਹਕਾਰ ਸ੍ਰੀ ਰਾਜੀਵ ਵਰਮਾ; ਰਾਜਪਾਲ ਦੇ ਵਧੀਕ ਮੁੱਖ ਸਕੱਤਰ ਸ੍ਰੀ ਕੇ. ਸਿਵਾ ਪ੍ਰਸਾਦ; ਸਕੱਤਰ ਲੋਕ ਸੰਪਰਕ ਯੂ.ਟੀ. ਮਿਸ ਪ੍ਰੇਰਨਾ ਪੁਰੀ, ਪ੍ਰਸ਼ਾਸਕ ਦੇ ਵਿਸ਼ੇਸ਼ ਸਕੱਤਰ ਸ੍ਰੀ ਅਭਿਜੀਤ ਵਿਜੇ ਚੌਧਰ, ਡਿਪਟੀ ਡਾਇਰੈਕਟਰ ਪ੍ਰੈੱਸ ਟੂ ਗਵਰਨਰ ਸ੍ਰੀ ਗੁਰਮੀਤ ਖਹਿਰਾ ਅਤੇ ਲੋਕ ਸੰਪਰਕ ਯੂ.ਟੀ. ਦੇ ਡਾਇਰੈਕਟਰ ਸ੍ਰੀ ਰਾਜੀਵ ਤਿਵਾੜੀ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# ਅੱਜ ਲੱਗਣਗੇ ਵੋਟਰ ਸੁਧਾਈ ਦੇ ਸਪੈਸ਼ਲ ਕੈਂਪ

**ਮਲੇਰਕੋਟਲਾ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 01.01.2025 ਦੇ ਅਧਾਰ ਤੇ ਮਿੰ 28.11.2024 ਤੱਕ ਵੋਟਰ ਸੂਚੀਆਂ ਦੀ ਸੁਧਾਈ ਦੀ ਮੁਹਿੰਮ ਚਲਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵਲੋਂ ਜਾਰੀ ਸ਼ੈਡਿਊਲ ਅਨੁਸਾਰ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਨਿਯੁਕਤ ਕੀਤੇ ਗਏ ਬੂਥ ਲੈਵਲ ਅਫਸਰਾਂ ਵਲੋਂ 24 ਨਵੰਬਰ ( ਦਿਨ ਐਤਵਾਰ ) ਨੂੰ ਆਪਣੇ- ਆਪਣੇ ਨਿਰਧਾਰਤ ਪੋਲਿੰਗ ਸਟੇਸ਼ਨਾਂ ਉਤੇ ਸਪੈਸ਼ਲ ਕੈਂਪ ਲਗਾਏ ਜਾ ਰਹੇ ਹਨ ਜਿਸ ਵਿੱਚ ਕੋਈ ਵੀ ਯੋਗ ਵਿਅਕਤੀ ਜਿਸ ਦੀ ਉਮਰ 01 ਜਨਵਰੀ 2025 ਨੂੰ 18 ਸਾਲ ਪੂਰੀ ਹੋ ਜਾਂਦੀ ਹੈ ਅਤੇ ਉਸਦਾ ਨਾਮ ਭਾਰਤ ਦੇਸ਼ ਦੇ ਕਿਸੇ ਵੀ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ, ਤਾਂ ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਲਈ ਫਾਰਮ ਨੰ: 6 ਭਰਕੇ ਬਤੌਰ ਵੋਟਰ ਰਜਿਸਟਰ ਹੋ ਸਕਦਾ ਹੈ। ਵੋਟਰ ਸੂਚੀ ਵਿਚ ਸ਼ਾਮਲ ਨਾਮ ਬਾਰੇ ਇਤਰਾਜ ਜਾਂ ਵੋਟ ਕਟਵਾਉਣ/ਦਰੁਸਤੀ ਲਈ ਫਾਰਮ ਨੰਬਰ 7 ਭਰਿਆ ਜਾ ਸਕਦਾ ਹੈ ਜਦਕਿ ਡੁਪਲੀਕੇਟ ਵੋਟਰ ਕਾਰਡ ਲਈ ਫਾਰਮ ਨੰਬਰ 8 ਭਰ ਕੇ ਬੂਥ ਲੈਵਲ ਅਧਿਕਾਰੀ/ਸਹਾਇਕ ਚੋਣ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਜਾਂ ਵੋਟਰ ਹੈਲਪਲਾਈਨ ਐਪ ਜਾਂ ਐਨ.ਵੀ.ਐਸ.ਪੀ. ਪੋਰਟਲ ਰਾਹੀਂ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।

ਭਾਰਤ ਚੋਣ ਕਮਿਸ਼ਨ ਵਲੋਂ 17 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨ ਵਰਗ ਦੇ ਬੱਚਿਆਂ, ਜਿਨ੍ਹਾਂ ਦੀ ਸਾਲ 2025 ਦੌਰਾਨ ਕਿਸੇ ਵੀ ਮਿਤੀ ਨੂੰ 18 ਸਾਲ ਦੀ ਉਮਰ ਪੂਰੀ ਹੋ ਜਾਵੇਗੀ , ਪਾਸੋਂ ਉਨ੍ਹਾਂ ਦੀ 18 ਸਾਲ ਉਮਰ ਪੂਰੀ ਹੋਣ ਦੀ ਮਿਤੀ ਤੇ ਬਤੌਰ ਵੋਟਰ ਰਜਿਸਟੇ?ਸ਼ਨ ਕਰਨ ਸਬੰਧੀ ਐਡਵਾਂਸ ਤੌਰ ਤੇ ਫਾਰਮ ਨੰ: 6 ਪ੍ਰਾਪਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਵੋਟਰ ਸੂਚੀਆਂ ਦੀ ਸੁਧਾਈ ਬਾਰੇ ਵੱਧ ਤੋਂ ਵੱਧ ਪ੍ਰਚਾਰ/ਪ੍ਰਸਾਰ ਕੀਤਾ ਜਾਵੇ।

# ਤੰਬਾਕੂ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ



**ਮਲੇਰਕੋਟਲਾ, 25 ਨਵੰਬਰ**
**ਦਿਲਦਾਰ ਹੁਸੈਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਧੀਨ ਜ਼ਿਲ੍ਹੇ 'ਚ ਤੰਬਾਕੂ ਐਕਟ ਦੀ ਪਾਲਣਾ ਯਕੀਨੀ ਬਣਾਉਣ ਲਈ ਸਿਹਤ ਵਿਭਾਗ ਅਮਰਗੜ੍ਹ ਦੀ ਟੀਮ ਵੱਲੋਂ ਵੱਖ-ਵੱਖ ਥਾਵਾਂ 'ਤੇ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ। ਬਲਾਕ ਅਮਰਗੜ੍ਹ ਦੇ ਸੀਨੀਅਰ ਬਲਾਕ ਹੈਲਥ ਇੰਸਪੈਕਟਰ ਜਗਤਾਰ ਸਿੰਘ ਸਿੱਧੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀਨੀਅਰ ਮੈਡੀਕਲ ਅਫ਼ਸਰ ਅਮਰਗੜ੍ਹ ਡਾਕਟਰ ਗੀਤੂ ਸੇਠੀ ਵੱਲੋਂ ਬਲਾਕ ਨੋਡਲ ਅਫ਼ਸਰ ਰਣਬੀਰ ਸਿੰਘ ਢੰਡੇ ਦੀ ਅਗਵਾਈ ਵਿੱਚ ਬਲਾਕ ਅਮਰਗੜ੍ਹ ਦੇ ਸਿਹਤ ਸੁਪਰਵਾਈਜ਼ਰਾਂ ਦੀ ਟੀਮ ਵੱਲੋਂ ਅੱਜ ਪਿੰਡ ਬਨਭੌਰਾ ਅਤੇ ਮਾਹੋਰਾਣਾ ਵਿਖੇ ਸਥਾਨਕ ਪ੍ਰਚੂਨ ਵਿਕਰੇਤਾਵਾਂ ਦੀਆਂ ਦੁਕਾਨਾਂ ਦਾ ਦੌਰਾ ਕੀਤਾ ਕਰਕੇ ਉਨ੍ਹਾਂ ਨੂੰ ਤੰਬਾਕੂ ਐਕਟ ਦੀ ਪਾਲਣਾ ਕਰਨ ਲਈ ਕਿਹਾ ਗਿਆ।

ਉਨ੍ਹਾਂ ਕਿਹਾ ਕਿ ਸਿਵਲ ਸਰਜਨ ਮਲੇਰਕੋਟਲਾ ਡਾਕਟਰ ਸੰਜੇ ਗੋਇਲ ਦੇ ਹੁਕਮਾਂ ਤੇ ਜ਼ਿਲ੍ਹਾ ਤੰਬਾਕੂ ਨੋਡਲ ਅਫ਼ਸਰ ਡਾਕਟਰ ਪੁਨੀਤ ਸਿੱਧੂ ਵੱਲੋਂ ਦਿੱਤੀਆਂ ਗਈਆਂ ਹਿਦਾਇਤਾਂ ਤੇ ਤੰਬਾਕੂ ਐਕਟ 2003 ÷ਕੋਟਪਾ÷ (ਸਿਗਰਟ ਐਂਡ ਅਦਰ ਤੰਬਾਕੂ ਪ੍ਰੋਡਕਟ) ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕਰਕੇ ਮੌਕੇ ਤੇ ਜੁਰਮਾਨੇ ਵਸੂਲੇ ਗਏ। ਟੀਮ ਵੱਲੋਂ ਜਨਤਕ ਥਾਵਾਂ ਤੇ ਤੰਬਾਕੂਨੋਸ਼ੀ ਕਰਨ ਵਾਲਿਆਂ ਨੂੰ ਤਾੜਨਾ ਕੀਤੀ ਗਈ ਅਤੇ ਸੱਥਾਂ 'ਚ ਬੈਠੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਕੂਲਾਂ, ਕਾਲਜਾਂ ਸਰਕਾਰੀ, ਗੈਰਸਰਕਾਰੀ, ਅਤੇ ਪ੍ਰਾਈਵੇਟ ਅਦਾਰਿਆਂ ਵਿੱਚ ਆਮ ਤੌਰ ਤੇ ਤੰਬਾਕੂਨੋਸ਼ੀ ਬਾਰੇ ਜਾਗਰੂਕ ਕਰਨ ਸਿਹਤ ਸਿੱਖਿਆ ਅਤੇ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਂਦਾ ਹੈ। ਵਿਭਾਗ ਦੀਆਂ ਹਦਾਇਤਾਂ ਤੇ ਉਕਤ ਸੰਸਥਾਵਾਂ ਵਿਖੇ ਤੰਬਾਕੂ ਮੁਕਤ ਖੇਤਰ ਦੇ ਬੋਰਡ ਪਹਿਲਾਂ ਹੀ ਲਗਾਏ ਹੋਏ ਹਨ। ਇਸ ਮੌਕੇ ਟੀਮ ਵਿੱਚ ਹੈਲਥ ਇੰਸਪੈਕਟਰ ਅੰਮ੍ਰਿਤਪਾਲ ਸਿੰਘ, ਪਰਮਜੀਤ ਸਿੰਘ ਭੁੱਲਰ,ਕੇਵਲ ਸਿੰਘ ਅਤੇ ਨਿਰਭੈ ਸਿੰਘ ਲੱਡਾ ਸ਼ਾਮਲ ਸਨ।

# ਪੰਜਾਬ ਪੁਲਿਸ ਨੇ ਜਲੰਧਰ 'ਚ ਜ਼ਬਰਦਸਤ ਗੋਲੀਬਾਰੀ ਪਿੱਛੋਂ ਲੰਡਾ ਗੈਂਗ ਦੇ ਦੋ ਗੈਂਗਸਟਰਾਂ ਨੂੰ ਕੀਤਾ ਕਾਬੂ; 7 ਹਥਿਆਰ ਬਰਾਮਦ

**➢ ਪੰਜਾਬ ਪੁਲਿਸ ਸੂਬੇ ਚੋਂ ਸੰਗਠਿਤ ਅਪਰਾਧ ਗਠਜੋੜ ਨੂੰ ਠੱਲ੍ਹ ਪਾਉਣ ਲਈ ਵਚਨਬੱਧ ➢ ਗ੍ਰਿਫਤਾਰ ਕੀਤੇ ਦੋਵੇਂ ਵਿਅਕਤੀ ਅਤੇ ਦੋ ਪੁਲਿਸ ਅਧਿਕਾਰੀ ਮੁੱਠਭੇੜ ਦੌਰਾਨ ਜ਼ਖ਼ਮੀ: ਡੀ.ਜੀ.ਪੀ. ਗੌਰਵ ਯਾਦਵ**

**ਚੰਡੀਗੜ੍ਹ/ਜਲੰਧਰ, 22 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਠਿਤ ਅਪਰਾਧ ਵਿਰੁੱਧ ਜੰਗ ਵਿੱਚ ਇੱਕ ਵੱਡੀ ਸਫਲਤਾ ਦਰਜ ਕਰਦੇ ਹੋਏ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਜਲੰਧਰ ਦੇ ਪਿੰਡ ਫੋਲਰੀਵਾਲ ਦੇ ਬਾਹਰਵਾਰ ਇੱਕ ਜ਼ਬਰਦਸਤ ਮੁੱਠਭੇੜ ਤੋਂ ਬਾਅਦ ਕਥਿਤ ਲੰਡਾ ਗਿਰੋਹ ਦੇ ਦੋ ਖ਼ਤਰਨਾਕ ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਗੈਂਗਸਟਰਾਂ ਦੇ ਕਬਜ਼ੇ ਚੋਂ 7 ਹਥਿਆਰਾਂ ਸਮੇਤ ਛੇ ਮੈਗਜ਼ੀਨਾਂ ਅਤੇ ਛੇ ਕਾਰਤੂਸ ਬਰਾਮਦ ਕੀਤੇ ਗਏ ਹਨ।




ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਸਕਰਨ ਉਰਫ ਕਰਨ ਵਾਸੀ ਭੀਖਾ ਨੰਗਲ ਕਰਤਾਰਪੁਰ ਅਤੇ ਫਗਵਾੜਾ ਦੇ ਮੇਹਲੀ ਗੇਟ ਸਥਿਤ ਮੁਹੱਲਾ ਥਾਣੇਦਾਰਾ ਦੇ ਰਹਿਣ ਵਾਲੇ ਫਤਿਹਦੀਪ ਸਿੰਘ ਉਰਫ ਪ੍ਰਦੀਪ ਸੈਣੀ ਵਜੋਂ ਹੋਈ ਹੈ। ਦੋਵਾਂ ਮੁਲਜ਼ਮਾਂ ਨੂੰ ਥਾਣਾ ਸਦਰ, ਜਲੰਧਰ ਵਿਖੇ ਦਰਜ ਕੇਸ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੂੰ ਜਲੰਧਰ ਕਮਿਸ਼ਨਰੇਟ ਖੇਤਰ ਵਿੱਚ ਲੰਡਾ ਗਿਰੋਹ ਨਾਲ ਸਬੰਧਤ ਅਪਰਾਧੀਆਂ ਦੀ ਮੌਜੂਦਗੀ ਬਾਰੇ ਖੁਫੀਆ ਇਤਲਾਹ ਮਿਲੀ ਸੀ , ਜਿਸ ਤੇ ਕਾਰਵਾਈ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਜਲੰਧਰ ਸਵਪਨ ਸ਼ਰਮਾ ਦੀ ਨਿਗਰਾਨੀ ਹੇਠ ਪੁਲਿਸ ਟੀਮਾਂ ਨੇ ਇੱਕ ਵਿਆਪਕ ਅਭਿਆਨ ਚਲਾਇਆ ਅਤੇ ਪਿੰਡ ਫੋਲਰੀਵਾਲ ਨੇੜੇ ਦੋਸ਼ੀਆਂ ਦਾ ਟਿਕਾਣਾ ਦਾ ਪਤਾ ਲਗਾਉਣ ਵਿੱਚ ਸਫ਼ਲਤਾ ਹਾਸਲ ਕੀਤੀ।

ਉਨ੍ਹਾਂ ਦੱਸਿਆ ਕਿ ਕਾਰਵਾਈ ਨੂੰ ਅੰਜਾਮ ਦੇਣ ਲਈ ਪੁਲਿਸ ਟੀਮਾਂ ਨੇ ਬੜੀ ਮੁਸ਼ੱਕਤ ਨਾਲ ਕਾਫ਼ੀ ਦੂਰ ਤੱਕ ਦੋਸ਼ੀਆਂ ਦਾ ਪਿੱਛਾ ਕੀਤਾ ਅਤੇ ਇਸੇ ਦੌਰਾਨ ਗੈਂਗਸਟਰਾਂ ਨੇ ਪਿੱਛਾ ਕਰ ਰਹੀਆਂ ਪੁਲਿਸ ਟੀਮਾਂ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸ ਕਰਕੇ ਪੁਲਿਸ ਪਾਰਟੀਆਂ ਨੂੰ ਵੀ ਜਵਾਬੀ ਕਰਦਿਆਂ ਗੋਲੀ ਚਲਾਉਣੀ ਪਈ। ਇਸ ਗੋਲੀਬਾਰੀ ਦੌਰਾਨ ਦੋਵੇਂ ਮੁਲਜ਼ਮਾਂ ਦੇ ਨਾਲ-ਨਾਲ ਦੋ ਪੁਲਿਸ ਅਧਿਕਾਰੀ ਵੀ ਗੋਲੀ ਲੱਗਣ ਨਾਲ ਜ਼ਖਮੀ ਹੋ ਗਏ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ, ਆਪਰੇਸ਼ਨ ਦੌਰਾਨ ਦੋਵਾਂ ਪਾਸਿਆਂ ਤੋਂ 50 ਤੋਂ ਵੱਧ ਗੋਲੀਆਂ ਚਲਾਈਆਂ ਗਈਆਂ।

ਹੋਰ ਵੇਰਵੇ ਸਾਂਝੇ ਕਰਦਿਆਂ ਸੀ.ਪੀ. ਜਲੰਧਰ ਸਵਪਨ ਸ਼ਰਮਾ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਜ਼ਬਰਨ ਵਸੂਲੀ, ਕਤਲ ਅਤੇ ਇਰਾਦਾ ਕਤਲ ਸਮੇਤ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਸਨ। ਉਨ੍ਹਾਂ ਅੱਗੇ ਕਿਹਾ ਕਿ ਉਕਤ ਦੋਸ਼ੀ, ਗਿਰੋਹ ਦੇ ਹੋਰ ਮੈਂਬਰਾਂ ਨੂੰ ਲਾਜਿਸਟਿਕ ਸਹਾਇਤਾ ਪ੍ਰਦਾਨ ਕਰਨ ਅਤੇ ਅਪਰਾਧਿਕ ਸੰਗਠਨਾਂ ਨੂੰ ਹਥਿਆਰਾਂ ਦੀ ਸਪਲਾਈ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਸਨ। ਸੀ.ਪੀ. ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਵੇਂ ਗੈਂਗਸਟਰ ਸਿੱਧੇ ਤੌਰ 'ਤੇ ਲੰਡਾ ਦੇ ਸੰਪਰਕ ਵਿੱਚ ਸਨ ਅਤੇ ਆਪਣੇ ਵਿਰੋਧੀ ਗੈਂਗ ਨਾਲ ਸਬੰਧਤ ਦੋ ਵਿਅਕਤੀਆਂ ਨੂੰ ਮੌਤ ਦੇ ਘਾਟ ਉਤਾਰਨ ਦੀ ਸਾਜ਼ਿਸ਼ ਰਚ ਰਹੇ ਸਨ। ਉਨ੍ਹਾਂ ਦੱਸਿਆ ਕਿ ਜ਼ਖਮੀ ਗੈਂਗਸਟਰ ਅਤੇ ਪੁਲਿਸ ਅਧਿਕਾਰੀ ਦਾ ਸਥਾਨਕ ਹਸਪਤਾਲ ਵਿੱਚ ਜ਼ੇਰੇ-ਇਲਾਜ ਹਨ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੇ ਨੈੱਟਵਰਕ ਅਤੇ ਹੋਰ ਅਪਰਾਧਿਕ ਸਮੂਹਾਂ ਨਾਲ ਸੰਭਾਵਿਤ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰੂਪਨਗਰ ਵਿਖੇ ਲਗਾਏ ਪਲੇਸਮੈਂਟ ਕੈਂਪ 'ਚ 19 ਉਮੀਦਵਾਰਾਂ ਦੀ ਹੋਈ ਨੌਕਰੀ ਲਈ ਚੋਣ



**ਰੂਪ ਨਗਰ, 25 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰੂਪਨਗਰ ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਜੈਨ ਅਗਵਾਈ ਵਿੱਚ ਹਫਤਾਵਰੀ ਪਲੇਸਮੈਂਟ ਲਗਾਕੇ ਰੋਜ਼ਗਾਰ ਦੇਣ ਦਾ ਉਪਰਾਲਾ ਨਿਰੰਤਰ ਜਾਰੀ ਹੈ। ਇਸੇ ਲੜੀ ਤਹਿਤ ਲਗਾਏ ਪਲੇਸਮੈਂਟ ਕੈਂਪ ਵਿੱਚ 19 ਉਮੀਦਵਾਰਾਂ ਦੀ ਨੌਕਰੀ ਲਈ ਚੋਣ ਕੀਤੀ ਗਈ।

ਇਸ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਫਸਰ ਸ. ਪ੍ਰਭਜੋਤ ਸਿੰਘ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ ਬਾਬਾ ਸ਼੍ਰੀ ਚੰਦ ਜੀ ਇੰਟਰਪ੍ਰਾਈਜ਼ ਕੰਪਨੀ ਦੇ ਨੁਮਾਇੰਦਿਆਂ ਵੱਲੋਂ ਲਗਭਗ 200 ਅਸਾਮੀਆਂ ਲਈ ਉਮੀਦਵਾਰਾਂ ਦੀ ਇੰਟਰਵਿਊ ਲਈ ਗਈ, ਜਿਸ ਵਿੱਚ 34 ਉਮੀਦਵਾਰਾਂ ਨੇ ਭਾਗ ਲਿਆ ਅਤੇ 19 ਉਮੀਦਵਾਰਾਂ ਦੀ ਮੌਕੇ ਤੇ ਨੌਕਰੀ ਲਈ ਚੁਣ ਲਿਆ ਗਿਆ।

ਉਨ੍ਹਾਂ ਵਿਸਥਾਰ ਨਾਲ ਦੱਸਿਆ ਕਿ ਕੰਪਨੀ ਵੱਲੋਂ ਕਸਟਮਰ ਕੇਅਰ ਐਗਜ਼ੀਕਿਊਟਿਵ ਦੀਆਂ ਅਸਾਮੀਆਂ ਲਈ ਗ੍ਰੈਜੂਏਟ, ਬੀ.ਟੈਕ., ਬੀ.ਐਸ.ਸੀ (ਆਈ.ਟੀ) ਵਿੱਦਿਅਕ ਯੋਗਤਾ ਪਾਸ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ। ਇਸ ਅਸਾਮੀ ਤੇ ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 21,000 ਰੁਪਏ ਪ੍ਰਤੀ ਮਹੀਨਾ ਤਨਖਾਹ ਅਤੇ 3000 ਰੁਪਏ ਰਾਤ ਦੀ ਸ਼ਿਫਟ ਲਈ ਭੱਤਾ ਮਿਲੇਗਾ। ਯੂਐਸ ਬਿਲਿੰਗ ਐਨਾਲਿਸਟ ਲਈ ਗ੍ਰੈਜੂਏਟ ਜਾਂ ਬਾਰਵੀਂ ਤੇ ਘੱਟੋ-ਘੱਟ 6 ਮਹੀਨਿਆਂ ਦਾ ਤਜਰਬੇ ਕਿਸੇ ਵੀ ਬੀ.ਪੀ.ਓ ਅਧੀਨ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਉਮੀਦਵਾਰ ਨੂੰ ਮੈਡੀਕਲ ਬਿਲਿੰਗ ਅਤੇ ਸਿਹਤ ਸੰਭਾਲ ਦਾ ਚੰਗਾ ਗਿਆਨ ਹੋਣਾ ਚਾਹੀਦਾ ਹੈ। ਇਸ ਅਸਾਮੀ ਤੇ ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 20,000/- ਤੋਂ 22,800/- ਪ੍ਰਤੀ ਮਹੀਨਾ ਤਨਖਾਹ ਮਿਲੇਗੀ। ਚੈਟ ਐਨਾਲਿਸਟ (ਘਰੇਲੂ) ਦੀਆਂ ਅਸਾਮੀਆਂ ਲਈ ਗ੍ਰਾਹਕਾਂ ਨੂੰ ਜਾਣਕਾਰੀ ਪ੍ਰਦਾਨ ਲਈ ਅਤੇ ਸਵਾਲਾਂ ਦੇ ਜਵਾਬ ਦੇਣ ਲਈ ਅਤੇ ਗਾਹਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ 30 ਸ਼ਬਦ ਪ੍ਰਤੀ ਮਿੰਟ ਸਪੀਡ. ਨਾਲ 90 ਫ਼ੀਸਦੀ ਤੱਕ ਸਹੀ ਟਾਈਪਿੰਗ ਦੇ ਨਾਲ ਬਾਰਵੀਂ ਅਤੇ ਕੰਪਿਊਟਰ ਡਿਪਲੋਮੇ ਦੀ ਮੰਗ ਕੀਤੀ ਗਈ ਹੈ। ਇਸ ਅਸਾਮੀ ਤੇ ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 14,000/- ਤੋਂ 16,000/- ਪ੍ਰਤੀ ਮਹੀਨਾ ਤਨਖਾਹ ਅਤੇ 80/- ਰੁਪਏ ਪ੍ਰਤੀ ਦਿਨ ਸ਼ਾਮ ਦੀ ਸ਼ਿਫਟ ਭੱਤਾ ਮਿਲੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮੂਹ ਅਸਾਮੀਆਂ ਲਈ ਨੌਕਰੀ ਕਰਨ ਦਾ ਸਥਾਨ ਮੋਹਾਲੀ ਹੈ।

# ਧਰਮ ਤੇ ਵਿਰਸਾ

## ਭਾਈ ਤਾਰੂ ਸਿੰਘ ਸ਼ਹੀਦ ਦੀ ਗਾਥਾ



**ਬਲਰਾਜ ਸਿੰਘ ਸਿੱਧੂ ਐਸ.ਪੀ.**

ਭਾਈ ਤਾਰੂ ਸਿੰਘ ਪਿੰਡ ਪੂਹਲਾ ਦਾ ਰਹਿਣ ਵਾਲਾ ਸੰਧੂ ਗੋਤ ਦਾ ਗੁਰਸਿੱਖ ਸੀ, ਜੋ ਖੇਤੀਬਾੜੀ ਕਰ ਕੇ ਆਪਣਾ ਗੁਜ਼ਾਰਾ ਕਰਦਾ ਸੀ। ਇਹ ਪਿੰਡ ਹੁਣ ਜ਼ਿਲ੍ਹਾ ਤਰਨ ਤਾਰਨ ਦੇ ਥਾਣਾ ਭਿੱਖੀਵਿੰਡ ਅਧੀਨ ਕਸਬਾ ਭਿੱਖੀਵਿੰਡ ਤੋਂ ਕਰੀਬ 5-6 ਕਿਲੋਮੀਟਰ ਲਹਿੰਦੇ ਵੱਲ ਹੈ। ਭਾਈ ਤਾਰੂ ਸਿੰਘ ਦੇ ਪਿਤਾ ਜੋਧ ਸਿੰਘ ਤੇ ਮਾਤਾ ਬੀਬੀ ਧਰਮ ਕੌਰ ਸਨ। ਭਾਈ ਤਾਰੂ ਸਿੰਘ ਅਜੇ ਛੋਟੇ ਹੀ ਸਨ, ਜਦੋਂ ਉਨ੍ਹਾਂ ਦੇ ਪਿਤਾ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦਾ ਪਾਲਣ-ਪੋਸ਼ਣ ਉਨ੍ਹਾਂ ਦੀ ਮਾਤਾ ਨੇ ਪੰਥਕ ਰਵਾਇਤਾਂ ਅਨੁਸਾਰ ਕੀਤਾ ਸੀ। ਉਹ ਬਚਪਨ ਤੋਂ ਹੀ ਦੂਜਿਆਂ ਦੀ ਮਦਦ ਕਰਨ ਵਾਲੇ ਧਾਰਮਿਕ ਤੇ ਸੱਚੇ-ਸੁੱਚੇ ਇਨਸਾਨ ਸਨ।

ਇੱਕ ਦਿਨ ਪੱਟੀ ਇਲਾਕੇ ਦਾ ਮਛੇਰਾ ਰਹੀਮ ਬਖ਼ਸ਼ ਉਸ ਕੋਲ ਆ ਕੇ ਰੋਣ ਲੱਗਾ ਕਿ ਪੱਟੀ ਦੇ ਫ਼ੌਜਦਾਰ ਨੇ ਜ਼ਬਰਦਸਤੀ ਉਸ ਦੀ ਜਵਾਨ ਬੇਟੀ ਅਗਵਾ ਕਰ ਲਈ ਹੈ। ਕੋਈ ਵੀ ਉਸ ਦੀ ਫ਼ਰਿਆਦ ਨਹੀਂ ਸੁਣ ਰਿਹਾ। ਭਾਈ ਤਾਰੂ ਸਿੰਘ ਨੇ ਉਸ ਦੀ ਮਦਦ ਲਈ ਸਿੰਘਾਂ ਦੇ ਜਥੇ ਨੂੰ ਬੁਲਾਇਆ। ਲੜਾਈ ਵਿੱਚ ਫ਼ੌਜਦਾਰ ਮਾਰਿਆ ਗਿਆ ਤੇ ਲੜਕੀ ਮਛੇਰੇ ਨੂੰ ਵਾਪਸ ਮਿਲ ਗਈ। ਸਿੰਘ ਆਪਣਾ ਕੰਮ ਨਿਬੇੜ ਕੇ ਜੰਗਲਾਂ ਨੂੰ ਤੁਰ ਗਏ। ਜੰਡਿਆਲਾ ਗੁਰੂ ਦੇ ਸਰਕਾਰੀ ਚੁਗਲ ਆਕਿਲ ਦਾਸ (ਹਰਿਭਗਤ ਨਿਰੰਜਨੀਆਂ) ਨੇ ਲਾਹੌਰ ਦੇ ਸੂਬੇਦਾਰ ਜ਼ਕਰੀਆ ਖ਼ਾਨ ਕੋਲ ਚੁਗਲੀ ਕਰ ਦਿੱਤੀ ਕਿ ਇਸ ਸਾਰੇ ਕਾਂਡ ਦਾ ਅਸਲੀ ਕਰਤਾ-ਧਰਤਾ ਭਾਈ ਤਾਰੂ ਸਿੰਘ ਹੈ। ਜ਼ਕਰੀਆ ਖ਼ਾਨ ਨੇ ਮੋਮਨ ਖ਼ਾਨ ਫ਼ੌਜਦਾਰ ਦੀ ਕਮਾਨ ਹੇਠ 100 ਸੈਨਿਕ ਭਾਈ ਤਾਰੂ ਸਿੰਘ ਨੂੰ ਗ੍ਰਿਫ਼ਤਾਰ ਕਰਨ ਲਈ ਭੇਜੇ। ਉਹ ਭਾਈ ਸਾਹਿਬ ਨੂੰ ਗ੍ਰਿਫ਼ਤਾਰ ਕਰ ਕੇ ਲਾਹੌਰ ਨੂੰ ਚੱਲ ਪਏ। ਰਾਤ ਨੂੰ ਫ਼ੌਜ ਨੇ ਪਿੰਡ ਭੜਾਣੇ ਵਿੱਚ ਪੜਾਅ ਕੀਤਾ। ਪਿੰਡ ਵਾਸੀਆਂ ਨੇ ਭਾਈ ਤਾਰੂ ਸਿੰਘ ਨੂੰ ਛੁਡਾਉਣ ਦੀ ਮਨਸ਼ਾ ਜ਼ਾਹਿਰ ਕੀਤੀ, ਪਰ ਭੜਾਣੀਏ ਸਿੱਖਾਂ 'ਤੇ ਸਰਕਾਰੀ ਕਹਿਰ ਟੁੱਟਣ ਦੇ ਖ਼ਤਰੇ ਕਾਰਨ ਭਾਈ ਤਾਰੂ ਸਿੰਘ ਨਾ ਮੰਨੇ।

ਦਰਬਾਰ ਵਿੱਚ ਪੇਸ਼ ਕਰਨ 'ਤੇ ਜ਼ਕਰੀਆ ਖ਼ਾਨ ਨੇ ਉਸ ਨੂੰ ਮੌਤ ਜਾਂ ਇਸਲਾਮ ਵਿੱਚੋਂ ਇੱਕ ਨੂੰ ਚੁਣਨ ਲਈ ਕਿਹਾ। ਭਾਈ ਤਾਰੂ ਸਿੰਘ ਵੱਲੋਂ ਇਨਕਾਰ ਕਰਨ 'ਤੇ ਸੂਬੇ ਨੇ ਮੌਤ ਦਾ ਡਰ ਦਿੱਤਾ। ਭਾਈ ਸਾਹਬ ਨੇ ਜਵਾਬ ਦਿੱਤਾ, "ਜੇ ਮੈਂ ਇਸਲਾਮ ਕਬੂਲ ਕਰ ਲਵਾਂ ਤਾਂ ਕੀ ਮੈਨੂੰ ਮੌਤ ਨਹੀਂ ਆਵੇਗੀ?" ਇਸ ਤੋਂ ਗੁੱਸੇ ਵਿੱਚ ਆਏ ਸੂਬੇ ਨੇ ਉਸ ਨੂੰ ਜੇਲ੍ਹ ਵਿੱਚ ਸੁੱਟ ਕੇ ਸਖ਼ਤ ਤਸੀਹੇ ਦੇਣੇ ਸ਼ੁਰੂ ਕਰ ਦਿੱਤੇ। ਉਸ ਦੇ ਸਾਹਮਣੇ ਹੀ ਭਾਈ ਮਹਿਤਾਬ ਸਿੰਘ ਮੀਰਾਂਕੋਟੀਆ ਤੇ ਦਿਆਲ ਸਿੰਘ ਸਹਿੰਸਰੇ ਵਾਲੇ ਨੂੰ ਚਰਖੜੀ ਅਤੇ ਗਰਜਾ ਸਿੰਘ ਨੂੰ ਸੂਲੀ 'ਤੇ ਚਾੜ੍ਹ ਕੇ ਸ਼ਹੀਦ ਕੀਤਾ ਗਿਆ। ਕਈ ਦਿਨਾਂ ਬਾਅਦ ਜਦੋਂ ਦੁਬਾਰਾ ਭਾਈ ਤਾਰੂ ਸਿੰਘ ਨੂੰ ਸੂਬੇ ਦੇ ਸਾਹਮਣੇ ਪੇਸ਼ ਕੀਤਾ ਗਿਆ ਤਾਂ ਤਾਰੂ ਸਿੰਘ ਤੇ ਜ਼ਕਰੀਆ ਖ਼ਾਨ ਦਰਮਿਆਨ ਸਿੱਖ ਇਤਿਹਾਸ ਦਾ ਪ੍ਰਸਿੱਧ ਸੰਵਾਦ ਹੋਇਆ। ਜ਼ਕਰੀਆ ਖ਼ਾਨ ਦੇ ਵਾਰ ਵਾਰ ਕੇਸ ਕਤਲ ਕਰਾਉਣ ਲਈ ਕਹਿਣ ਤੋਂ ਬਾਅਦ ਵੀ ਭਾਈ ਤਾਰੂ ਸਿੰਘ ਨਾ ਮੰਨਿਆ ਤਾਂ ਸੂਬੇ ਨੇ ਅੱਕ ਕੇ ਕਿਹਾ, "ਤੈਨੂੰ ਕੇਸਾਂ ਦਾ ਬਹੁਤ ਮਾਣ ਹੈ? ਮੈਂ ਤੇਰੇ ਕੇਸ ਹੀ ਉਡਾ ਦੇਵਾਂਗਾ।" ਉਸ ਨੇ ਜਵਾਬ ਦਿੱਤਾ, ਮੇਰੀ ਸਿੱਖੀ ਤਾਂ ਕੇਸਾਂ ਸਵਾਸਾਂ ਨਾਲ ਨਿਭ ਜਾਵੇਗੀ, ਪਰ ਤੈਨੂੰ ਖ਼ਾਲਸੇ ਦੀ ਜੁੱਤੀ ਅੱਗੇ ਲੱਗਣਾ ਪਵੇਗਾ। ਸੂਬੇ ਨੇ ਗੁੱਸੇ ਵਿੱਚ ਹੁਕਮ ਦਿੱਤਾ, "ਇਸ ਦੇ ਕੇਸ ਸਣੇ ਖੋਪੜੀ ਲਾਹ ਦਿੱਤੇ ਜਾਣ।" ਜਲਾਦ ਨੇ ਨਖਾਸ ਚੌਕ ਵਿੱਚ ਭਾਈ ਤਾਰੂ ਸਿੰਘ ਦੀ ਖੋਪੜੀ ਸਣੇ ਕੇਸਾਂ ਉਤਾਰ ਦਿੱਤੀ।

> **ਭਾਈ ਸਾਹਬ ਨੇ ਜਵਾਬ ਦਿੱਤਾ, "ਜੇ ਮੈਂ ਇਸਲਾਮ ਕਬੂਲ ਕਰ ਲਵਾਂ ਤਾਂ ਕੀ ਮੈਨੂੰ ਮੌਤ ਨਹੀਂ ਆਵੇਗੀ?" ਇਸ ਤੋਂ ਗੁੱਸੇ ਵਿੱਚ ਆਏ ਸੂਬੇ ਨੇ ਉਸ ਨੂੰ ਜੇਲ੍ਹ ਵਿੱਚ ਸੁੱਟ ਕੇ ਸਖ਼ਤ ਤਸੀਹੇ ਦੇਣੇ ਸ਼ੁਰੂ ਕਰ ਦਿੱਤੇ। ਉਸ ਦੇ ਸਾਹਮਣੇ ਹੀ ਭਾਈ ਮਹਿਤਾਬ ਸਿੰਘ ਮੀਰਾਂਕੋਟੀਆ ਤੇ ਦਿਆਲ ਸਿੰਘ ਸਹਿੰਸਰੇ ਵਾਲੇ ਨੂੰ ਚਰਖੜੀ ਅਤੇ ਗਰਜਾ ਸਿੰਘ ਨੂੰ ਸੂਲੀ 'ਤੇ ਚਾੜ੍ਹ ਕੇ ਸ਼ਹੀਦ ਕੀਤਾ ਗਿਆ। ਕਈ ਦਿਨਾਂ ਬਾਅਦ ਜਦੋਂ ਦੁਬਾਰਾ ਭਾਈ ਤਾਰੂ ਸਿੰਘ ਨੂੰ ਸੂਬੇ ਦੇ ਸਾਹਮਣੇ ਪੇਸ਼ ਕੀਤਾ ਗਿਆ ਤਾਂ ਤਾਰੂ ਸਿੰਘ ਤੇ ਜ਼ਕਰੀਆ ਖ਼ਾਨ ਦਰਮਿਆਨ ਸਿੱਖ ਇਤਿਹਾਸ ਦਾ ਪ੍ਰਸਿੱਧ ਸੰਵਾਦ ਹੋਇਆ। ਜ਼ਕਰੀਆ ਖ਼ਾਨ ਦੇ ਵਾਰ ਵਾਰ ਕੇਸ ਕਤਲ ਕਰਾਉਣ ਲਈ ਕਹਿਣ ਤੋਂ ਬਾਅਦ ਵੀ ਭਾਈ ਤਾਰੂ ਸਿੰਘ ਨਾ ਮੰਨਿਆ ਤਾਂ ਸੂਬੇ ਨੇ ਅੱਕ ਕੇ ਕਿਹਾ, "ਤੈਨੂੰ ਕੇਸਾਂ ਦਾ ਬਹੁਤ ਮਾਣ ਹੈ? ਮੈਂ ਤੇਰੇ ਕੇਸ ਹੀ ਉਡਾ ਦੇਵਾਂਗਾ।"**

ਖੋਪੜੀ ਲੱਥਣ ਤੋਂ 22 ਦਿਨ ਬਾਅਦ, ਪਹਿਲੀ ਜੁਲਾਈ 1745 ਨੂੰ 25 ਸਾਲ ਦੀ ਉਮਰ ਵਿੱਚ ਭਾਈ ਤਾਰੂ ਸਿੰਘ ਗੁਰੂ ਚਰਨਾਂ ਵਿੱਚ ਜਾ ਬਿਰਾਜੇ।

1762 ਵਿੱਚ ਜਦੋਂ ਭੰਗੀ ਸਰਦਾਰਾਂ ਨੇ ਲਾਹੌਰ 'ਤੇ ਕਬਜ਼ਾ ਕੀਤਾ ਤਾਂ ਉਨ੍ਹਾਂ ਨੇ ਭਾਈ ਸਾਹਿਬ ਦੀ ਯਾਦ ਵਿੱਚ ਉਸ ਜਗ੍ਹਾ 'ਤੇ (ਨੌਲੱਖਾ ਬਾਜ਼ਾਰ ਦੇ ਨਜ਼ਦੀਕ) ਗੁਰਦੁਆਰਾ ਸ਼ਹੀਦ ਗੰਜ ਭਾਈ ਤਾਰੂ ਸਿੰਘ ਤਿਆਰ ਕਰਵਾਇਆ। ਹੁਣ ਇਹ ਗੁਰਦੁਆਰਾ ਪਾਕਿਸਤਾਨੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਹੈ।

ਸੰਪਰਕ: 98151-24449

# ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਵਿੱਚ ਇਤਿਹਾਸਕ ਹਵਾਲੇ

> **"ਦੇਸ਼ ਦੀ ਕਿਸਮਤ ਬਦਲਣ ਲਈ ਚੱਲੀਆਂ ਲਹਿਰਾਂ ਦੇ ਇਤਿਹਾਸ ਦਾ ਵਿਸ਼ਲੇਸ਼ਣ ਕਰਦਾ ਹੋਇਆ ਭਗਤ ਸਿੰਘ ਕਹਿੰਦਾ ਹੈ ਕਿ ਇਹ ਸਾਰੀਆਂ ਲਹਿਰਾਂ ਵਿਦੇਸ਼ੀ ਹਾਕਮਾਂ ਨਾਲ ਸੰਘਰਸ਼ ਦੇ ਮਨੋਰਥ ਤੇ ਆਦਰਸ਼ ਤੋਂ ਅਣਜਾਣ ਸਨ। ਉਹ ਆਪਣੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲਾਲਾ ਰਾਮ ਸਰਨ ਦੀ ਕਾਵਿ-ਪੁਸਤਕ 'ਡਰੀਮਲੈਂਡ' ਦੀ ਭੂਮਿਕਾ ਵਿੱਚ ਕਰਦਾ ਹੈ। ਭਗਤ ਸਿੰਘ ਲਿਖਦਾ ਹੈ, 'ਆਪਣੇ ਕੁੱਲ ਯਤਨਾਂ ਦੇ ਬਾਵਜੂਦ ਮੈਨੂੰ ਸਪੱਸ਼ਟ ਵਿਚਾਰਾਂ ਵਾਲੀ ਕੋਈ ਇਨਕਲਾਬੀ ਪਾਰਟੀ ਨਹੀਂ ਦਿਸੀ।"**



**ਸਰਬਜੀਤ ਸਿੰਘ ਵਿਰਕ**

'ਮੈਂ ਇੱਕ ਪੁਰਾਣੀ ਕਿਤਾਬ ਖ਼ਰੀਦੀ ਹੈ, ਜਿਹੜੀ ਬੜੀ ਸਸਤੀ ਮਿਲ ਗਈ ਹੈ। ਅੱਜ ਕੱਲ੍ਹ ਰੇਲਵੇ ਕਰਮਚਾਰੀ ਹੜਤਾਲ ਦੀਆਂ ਤਿਆਰੀਆਂ ਕਰ ਰਹੇ ਹਨ। ਕਿਹਾ ਜਾਂਦਾ ਹੈ ਕਿ ਇਹ ਹੜਤਾਲ ਜਲਦੀ ਸ਼ੁਰੂ ਹੋ ਜਾਵੇਗੀ।'

ਇਹ ਗੱਲ 14 ਵਰ੍ਹਿਆਂ ਦੇ ਭਗਤ ਸਿੰਘ ਨੇ ਆਪਣੇ ਦਾਦਾ ਅਰਜਨ ਸਿੰਘ ਨੂੰ 14 ਨਵੰਬਰ 1921 ਨੂੰ ਲਾਹੌਰ ਤੋਂ ਪਾਈ ਚਿੱਠੀ ਵਿੱਚ ਲਿਖੀ। ਜਿਵੇਂ ਕਿ ਚਿੱਠੀ ਤੋਂ ਸਪੱਸ਼ਟ ਹੈ, ਦਸਵੀਂ ਜਮਾਤ ਦਾ ਇਹ ਵਿਦਿਆਰਥੀ ਉਸ ਵੇਲੇ ਆਪਣੇ ਬਹੁਤ ਸਾਰੇ ਸਾਥੀਆਂ ਤੋਂ ਸੋਚਣ ਸਮਝਣ ਤੇ ਕੰਮਾਂ ਕਾਰਾਂ ਪੱਖੋਂ ਵੱਖਰਾ ਸੀ। ਉਹ ਆਪਣੀ ਸਕੂਲੀ ਪੜ੍ਹਾਈ ਦੇ ਨਾਲ ਨਾਲ ਇਤਿਹਾਸ ਤੇ ਰਾਜਨੀਤੀ ਦੀਆਂ ਕਿਤਾਬਾਂ ਪੜ੍ਹ ਰਿਹਾ ਸੀ। ਉਹ ਦੇਸ਼, ਦੁਨੀਆਂ ਤੇ ਆਪਣੇ ਆਲੇ ਦੁਆਲੇ ਵਾਪਰ ਰਹੀਆਂ ਘਟਨਾਵਾਂ ਤੋਂ ਵਾਕਿਫ਼ ਸੀ। ਇਸ ਬਾਲ ਮਨ ਉਤੇ ਇਨ੍ਹਾਂ ਘਟਨਾਵਾਂ ਦਾ ਹੀ ਅਸਰ ਸੀ ਕਿ ਉਹ ਇਸ ਤੋਂ ਪਹਿਲਾਂ 13 ਅਪਰੈਲ 1919 ਨੂੰ ਵਾਪਰੇ ਜੱਲ੍ਹਿਆਂ ਵਾਲੇ ਬਾਗ਼ ਤੇ 20 ਫਰਵਰੀ 1921 ਨੂੰ ਵਾਪਰੇ ਨਨਕਾਣਾ ਸਾਹਿਬ ਦੇ ਖ਼ੂਨੀ ਸਾਕਿਆਂ ਪਿੱਛੋਂ ਮੌਕਾ ਵੇਖਣ ਤੇ ਵੇਰਵੇ ਲੈਣ ਲਈ ਇਨ੍ਹਾਂ ਥਾਵਾਂ 'ਤੇ ਪੁੱਜ ਗਿਆ ਸੀ। ਕਾਲਜ ਵਿੱਚ ਪੈਰ ਰੱਖਣ ਤਕ ਉਸ ਨੇ ਆਪਣੇ ਪਿਤਾ ਕਿਸ਼ਨ ਸਿੰਘ ਤੇ ਚਾਚਿਆਂ (ਸਰਦਾਰ ਅਜੀਤ ਸਿੰਘ ਤੇ ਸਰਦਾਰ ਸਵਰਨ ਸਿੰਘ) ਦੀਆਂ ਦੇਸ਼ ਭਗਤ ਕਾਰਵਾਈਆਂ ਵਿੱਚ ਹਿੱਸਾ ਲੈਣ ਕਰਕੇ ਵਾਰ ਵਾਰ ਹੁੰਦੀਆਂ ਗ੍ਰਿਫ਼ਤਾਰੀਆਂ ਵੇਖੀਆਂ ਸਨ। ਉਸ ਨੇ ਦੇਸ਼ ਵਿੱਚ ਚੱਲ ਰਹੀਆਂ ਮਜ਼ਦੂਰਾਂ ਤੇ ਕਿਸਾਨਾਂ ਦੀਆਂ ਲਹਿਰਾਂ ਬਾਰੇ ਸੁਣਿਆ ਤੇ ਪੜ੍ਹਿਆ ਸੀ ਤੇ ਅਫ਼ਸਰਸ਼ਾਹੀ ਤੇ ਪੁਲੀਸ ਦੇ ਜ਼ੁਲਮਾਂ ਦੇ ਮੰਜ਼ਰ ਅੱਖੀਂ ਤੱਕੇ ਸਨ। ਇਸ ਸਭ ਤੋਂ ਉਹ ਇਹ ਸਿੱਟਾ ਕੱਢ ਚੁੱਕਿਆ ਸੀ ਕਿ ਸਾਰੀਆਂ ਬਿਮਾਰੀਆਂ ਦੀ ਜੜ੍ਹ ਅੰਗਰੇਜ਼ੀ ਹਕੂਮਤ ਹੈ, ਜਿਸ ਦੀ ਗ਼ੁਲਾਮੀ ਵਿੱਚ ਭਾਰਤੀ ਜਿਉਂ ਰਹੇ ਹਨ।

ਭਗਤ ਸਿੰਘ ਜਿਵੇਂ ਜਿਵੇਂ ਦੇਸ਼ ਤੇ ਵਿਦੇਸ਼ਾਂ ਵਿੱਚ ਚੱਲੀਆਂ ਜਾਂ ਚੱਲ ਰਹੀਆਂ ਇਨਕਲਾਬੀ ਲਹਿਰਾਂ ਬਾਰੇ ਪੜ੍ਹਦਾ ਗਿਆ, ਉਵੇਂ ਉਵੇਂ ਆਪਣੇ ਆਪ ਨੂੰ ਦੇਸ਼ ਵਿੱਚ ਕ੍ਰਾਂਤੀ ਰਾਹੀਂ ਲਿਆਂਦੀ ਜਾਣ ਵਾਲੀ ਸਮਾਜਿਕ ਤਬਦੀਲੀ ਤੇ ਆਜ਼ਾਦੀ ਲਈ ਸਮਰਪਿਤ ਕਰਦਾ ਗਿਆ। ਉਸ ਨੇ ਆਪਣੀਆਂ ਲਿਖਤਾਂ ਵਿੱਚ ਉਨ੍ਹਾਂ ਇਤਿਹਾਸਕ ਪੁਰਸ਼ਾਂ ਤੇ ਘਟਨਾਵਾਂ ਦੇ ਹਵਾਲੇ ਤੇ ਵੇਰਵੇ ਦਰਜ ਕੀਤੇ ਹਨ, ਜਿਨ੍ਹਾਂ ਨੇ ਉਸ ਦੀ ਜ਼ਿੰਦਗੀ ਉਤੇ ਅਸਰ ਪਾਇਆ। ਇਹ ਹਵਾਲੇ ਭਾਰਤੀਆਂ, ਖ਼ਾਸ ਕਰ ਨੌਜਵਾਨਾਂ ਨੂੰ ਆਜ਼ਾਦੀ ਲਈ ਪ੍ਰੇਰਿਤ ਕਰਨ ਲਈ ਵੀ ਮਹੱਤਵਪੂਰਨ ਸਨ। ਆਪਣੇ ਜੀਵਨ ਵਿੱਚ ਸੋਚ ਪੱਖੋਂ ਆਈ ਤਬਦੀਲੀ ਦਾ ਜ਼ਿਕਰ ਕਰਦਿਆਂ ਉਸ ਨੇ ਆਪਣੇ ਲੇਖ 'ਮੈਂ ਨਾਸਤਿਕ ਕਿਉਂ ਹਾਂ' ਵਿੱਚ ਕਈ ਮਹਾਨ ਲੇਖਕਾਂ, ਆਗੂਆਂ ਤੇ ਦਾਰਸ਼ਨਿਕਾਂ ਦਾ ਜ਼ਿਕਰ ਕੀਤਾ ਹੈ। ਉਹ ਲਿਖਦਾ ਹੈ, "ਮੈਨੂੰ ਸੰਸਾਰ ਵਿੱਚ ਇਨਕਲਾਬਾਂ ਦੇ ਭਿੰਨ-ਭਿੰਨ ਆਦਰਸ਼ਾਂ ਨੂੰ ਜਾਨਣ ਤੇ ਸਮਝਣ ਦਾ ਖ਼ੂਬ ਮੌਕਾ ਮਿਲਿਆ। ਮੈਂ ਅਰਾਜਕਤਾਵਾਦੀ ਨੇਤਾ ਬਾਕੂਨਿਨ ਨੂੰ ਪੜ੍ਹਿਆ, ਸਾਮਵਾਦ ਦੇ ਬਾਨੀ ਮਾਰਕਸ ਦੀਆਂ ਕੁਝ ਲਿਖਤਾਂ ਪੜ੍ਹੀਆਂ ਅਤੇ ਆਪਣੇ ਦੇਸ਼ ਵਿੱਚ ਸਫ਼ਲ ਇਨਕਲਾਬ ਲਿਆਉਣ ਵਾਲੇ ਲੈਨਿਨ, ਤਾਸਕੀ ਤੇ ਹੋਰਾਂ ਨੂੰ ਪੜ੍ਹਿਆ।"

ਲਾਰਡ ਬਰਕਨਹੈਡ 1928-29 ਵਿੱਚ ਬਰਤਾਨਵੀ ਕੈਬਨਿਟ ਵਿੱਚ 'ਮਨਿਸਟਰ ਆਫ਼ ਇੰਡੀਆ' ਸੀ। ਨੌਜਵਾਨ ਭਾਰਤ ਸਭਾ ਦਾ ਮੈਨੀਫੈਸਟੋ, ਜੋ ਅਪਰੈਲ 1928 ਵਿੱਚ ਜਾਰੀ ਕੀਤਾ ਗਿਆ, ਵਿੱਚ ਭਗਤ ਸਿੰਘ ਨੇ ਲਾਰਡ ਬਰਕਨਹੈਡ ਦੇ ਉਸ ਵਿਚਾਰ ਦਾ ਹਵਾਲਾ ਦਿੱਤਾ, ਜੋ ਉਸ ਨੇ ਭਾਰਤੀਆਂ ਖ਼ਿਲਾਫ਼ ਦਿਤਾ ਸੀ ਕਿ "ਤਲਵਾਰ ਦੇ ਜ਼ੋਰ ਨਾਲ ਅਸੀਂ ਭਾਰਤ ਨੂੰ ਫ਼ਤਹਿ ਕੀਤਾ ਸੀ ਤੇ ਤਲਵਾਰ ਨਾਲ ਹੀ ਅਸੀਂ ਇਸ ਉੱਤੇ ਰਾਜ ਕਰਾਂਗੇ।" ਭਗਤ ਸਿੰਘ ਨੇ ਲਿਖਿਆ "ਜੱਲ੍ਹਿਆਂ ਵਾਲੇ ਅਤੇ ਮਾਨਾਂ ਵਾਲੇ ਦੇ ਸਾਕਿਆਂ ਦੀਆਂ ਯਾਦਾਂ ਨੂੰ ਮੁੱਖ ਰੱਖਦਿਆਂ ਇਹ ਕਹਿਣ ਦੀ ਲੋੜ ਨਹੀਂ ਕਿ ਕੋਈ ਚੰਗੀ ਤੋਂ ਚੰਗੀ ਵਿਦੇਸ਼ੀ ਸਰਕਾਰ ਆਪਣੀ ਸਰਕਾਰ ਵਰਗੀ ਨਹੀਂ ਹੋ ਸਕਦੀ। ਪ੍ਰਤੱਖ ਨੂੰ ਪਰਮਾਣ ਦੀ ਲੋੜ ਨਹੀਂ।" ਭਗਤ ਸਿੰਘ ਤੇ ਬਟੁਕੇਸ਼ਵਰ ਦੱਤ ਨੇ 8 ਅਪਰੈਲ 1929 ਨੂੰ ਦਿੱਲੀ ਅਸੈਂਬਲੀ ਵਿੱਚ ਬੰਬ ਸੁੱਟਣ ਮਗਰੋਂ ਜੋ ਇਸ਼ਤਿਹਾਰ ਅਸੈਂਬਲੀ ਹਾਲ ਵਿੱਚ ਸੁੱਟੇ, ਉਨ੍ਹਾਂ ਦਾ ਸਿਰਲੇਖ ਸੀ 'ਬੋਲੇ ਨੂੰ ਸੁਣਾਉਣ ਲਈ ਉੱਚੀ ਆਵਾਜ਼ ਦੀ ਲੋੜ ਪੈਂਦੀ ਹੈ।' ਵਿਚਾਰਾਂ ਦੀ ਆਜ਼ਾਦੀ ਬਾਰੇ ਫਰਾਂਸ ਦੇ ਬੂਰਬਾਂ ਤੇ ਰੂਸ ਦੇ ਜ਼ਾਰਾਂ ਦੇ ਹਵਾਲੇ ਦਿੰਦਿਆਂ ਇਸ਼ਤਿਹਾਰ ਵਿੱਚ ਕਿਹਾ ਗਿਆ ਸੀ, "ਅਸੀਂ ਉਸ ਸਬਕ ਉੱਤੇ ਜ਼ੋਰ ਦੇਣਾ ਚਾਹੁੰਦੇ ਹਾਂ, ਜਿਸ ਨੂੰ ਇਤਿਹਾਸ ਦੁਹਰਾਉਂਦਾ ਆਇਆ ਹੈ ਕਿ ਵਿਅਕਤੀਆਂ ਨੂੰ ਕਤਲ ਕਰਨਾ ਸੌਖਾ ਹੈ ਪਰ ਤੁਸੀਂ ਵਿਚਾਰਾਂ ਨੂੰ ਕਤਲ ਨਹੀਂ ਕਰ ਸਕਦੇ। ਵੱਡੇ ਵੱਡੇ ਸਾਮਰਾਜ ਤਬਾਹ ਹੋ ਗਏ ਜਦੋਂਕਿ ਵਿਚਾਰ ਜਿਉਂਦੇ ਰਹੇ। ਬੂਰਬਾਂ ਤੇ ਜ਼ਾਰ ਖ਼ਤਮ ਹੋ ਗਏ ਪਰ ਇਨਕਲਾਬੀ ਜਿੱਤ ਪ੍ਰਾਪਤ ਕਰ ਕੇ ਅੱਗੇ ਵਧ ਗਏ।"

ਭਗਤ ਸਿੰਘ ਸਮੇਂ ਦੀ ਸਰਕਾਰ ਵੱਲੋਂ ਆਪਣਾ ਹੱਕ ਮੰਗਣ ਵਾਲੇ ਭਾਰਤੀਆਂ ਨਾਲ ਜ਼ਾਲਮਾਨਾ ਵਿਹਾਰ ਕਰਨ ਦੇ ਸਖ਼ਤ ਖ਼ਿਲਾਫ਼ ਸੀ। ਉਸ ਨੇ ਅਜਿਹੇ ਵਿਹਾਰ ਵਿਰੁੱਧ ਬਹੁਤ ਸਾਰੀਆਂ ਲਿਖਤਾਂ ਵਿੱਚ ਆਪਣਾ ਰੋਸ ਜ਼ਾਹਰ ਕੀਤਾ। 6 ਜੂਨ, 1929 ਨੂੰ ਉਸ ਨੇ ਬਟੁਕੇਸ਼ਵਰ ਦੱਤ ਨਾਲ ਮਿਲ ਕੇ ਦਿੱਲੀ ਦੀ ਅਦਾਲਤ ਵਿੱਚ ਜੋ ਬਿਆਨ ਦਿੱਤਾ, ਉਸ ਵਿੱਚ ਹਿੰਸਾ ਦੀ ਆਖ਼ਰੀ ਹਥਿਆਰ ਵਜੋਂ ਵਰਤੋਂ ਨੂੰ ਜਾਇਜ਼ ਮੰਨਿਆ ਗਿਆ। ਉਨ੍ਹਾਂ ਇਸ ਦੀ ਤਈਦ ਇਤਿਹਾਸਕ ਪੁਰਸ਼ਾਂ ਦੇ ਬਚਨਾਂ ਤੇ ਕਾਰਜਾਂ ਨਾਲ ਕੀਤੀ। ਉਨ੍ਹਾਂ ਕਿਹਾ, 'ਤਾਕਤ ਦੀ ਅੰਨ੍ਹੀ ਵਰਤੋਂ ਦਾ ਨਾਂ ਤਸ਼ੱਦਦ ਹੈ ਤੇ ਨੈਤਿਕ ਤੌਰ ਉੱਤੇ ਇਹ ਜਾਇਜ਼ ਨਹੀਂ ਹੈ, ਪਰ ਜਦੋਂ ਇਸ ਨੂੰ ਕਿਸੇ ਜਾਇਜ਼ ਮੰਤਵ ਲਈ ਵਰਤਿਆ ਜਾਵੇ ਤਾਂ ਇਹ ਜਾਇਜ਼ ਹੈ। ਜਿਹੜੀ ਨਵੀਂ ਲਹਿਰ ਦੇਸ਼ ਵਿੱਚ ਪੈਦਾ ਹੋਈ ਹੈ ਤੇ ਜਿਸ ਬਾਰੇ ਅਸੀਂ ਆਗਾਹ ਕੀਤਾ ਹੈ, ਉਹ ਇਨ੍ਹਾਂ ਹੀ ਜਜ਼ਬਿਆਂ ਦਾ ਨਿਚੋੜ ਹੈ, ਜਿਨ੍ਹਾਂ ਤਹਿਤ ਗੁਰੂ ਗੋਬਿੰਦ ਸਿੰਘ, ਸ਼ਿਵਾ ਜੀ, ਕਮਾਲ ਪਾਸ਼ਾ, ਰਿਜ਼ਾ ਖ਼ਾਨ, (ਜਾਰਜ) ਵਾਸ਼ਿੰਗਟਨ, ਗੈਰੀ ਬਾਲਡੀ, ਲਾਫ਼ਾਇਤ ਤੇ ਲੈਨਿਨ ਕੰਮ ਕਰ ਰਹੇ ਸਨ।'

ਭਗਤ ਸਿੰਘ ਹੋਰਾਂ ਨੇ ਇਸ ਇਸ਼ਤਿਹਾਰ ਵਿੱਚ ਕ੍ਰਾਂਤੀਆਂ ਤੋਂ ਪਹਿਲਾਂ ਦੇ ਫ਼ਰਾਂਸ ਤੇ ਰੂਸ ਦੇ ਹਾਕਮਾਂ ਵੱਲੋਂ ਇਨਕਲਾਬੀਆਂ ਨੂੰ ਦਿੱਤੇ ਤਸੀਹਿਆਂ ਦਾ ਜ਼ਿਕਰ ਵੀ ਕੀਤਾ ਹੈ। ਉਨ੍ਹਾਂ ਲਿਖਿਆ ਕਿ ਜ਼ੁਲਮ ਸਮਾਜਿਕ ਤਬਦੀਲੀਆਂ ਨੂੰ ਨਹੀਂ ਰੋਕ ਸਕਦੇ।

1930 ਵਿੱਚ ਜਦੋਂ ਭਗਤ ਸਿੰਘ ਤੇ ਉਸ ਦੇ ਸਾਥੀਆਂ ਖ਼ਿਲਾਫ਼ ਲਾਹੌਰ ਸਾਜ਼ਿਸ਼ ਕੇਸ ਵਿੱਚ ਬਹਿਸ ਪੂਰੀ ਹੋ ਚੁੱਕੀ ਸੀ ਤੇ ਸਜ਼ਾ ਕਿਸੇ ਵੇਲੇ ਵੀ ਸੁਣਾਈ ਜਾ ਸਕਦੀ ਸੀ, ਉਸ ਸਮੇਂ ਆਪਣੇ ਪਿਆਰੇ ਦੋਸਤ ਸੁਖਦੇਵ ਦੀ ਮਨੋਸਥਿਤੀ ਸਮਝਦਿਆਂ ਭਗਤ ਸਿੰਘ ਨੇ ਉਸ ਨੂੰ ਦੂਜੀ ਜੇਲ੍ਹ ਵਿੱਚ ਇੱਕ ਲੰਮੀ ਚਿੱਠੀ ਲਿਖ ਕੇ ਭੇਜੀ। ਇਸ ਵਿਚ ਉਹ ਸੁਖਦੇਵ ਨੂੰ ਖ਼ੁਦਕੁਸ਼ੀ ਵਰਗੇ ਭਿਆਨਕ ਵਿਚਾਰਾਂ ਨੂੰ ਦਿਲ ਵਿੱਚ ਨਾ ਵਸਾਉਣ ਅਤੇ ਜ਼ਿੰਦਗੀ ਦੀ ਮਹੱਤਤਾ ਨੂੰ ਸਮਝ ਕੇ ਕਸ਼ਟ ਸਹਿਣ ਤੇ ਹਰ ਕੁਰਬਾਨੀ ਲਈ ਤਿਆਰ ਰਹਿਣ ਦੀ ਸਿੱਖਿਆ ਇਤਿਹਾਸਕ ਉਦਾਹਰਨਾਂ ਨਾਲ ਦਿੰਦਾ ਹੈ, "ਖ਼ੁਦਕੁਸ਼ੀ ਇੱਕ ਨਫ਼ਰਤਯੋਗ ਜੁਰਮ ਹੈ। ਇਹ ਸਰਾਸਰ ਬੁਜ਼ਦਿਲੀ ਦਾ ਕੰਮ ਹੈ।..ਤੁਸੀਂ ਚੰਗੀ ਤਰ੍ਹਾਂ ਜਾਣਦੇ ਹੋ ਕਿ ਰੂਸ ਵਿੱਚ ਸਿਆਸੀ ਕੈਦੀਆਂ ਨੇ ਜੋ ਮੁਸੀਬਤਾਂ ਸਹਿਣ ਕੀਤੀਆਂ, ਉਨ੍ਹਾਂ ਦਾ ਨਤੀਜਾ ਹੀ ਸੀ ਕਿ ਜ਼ਾਰਸ਼ਾਹੀ ਦੇ ਖ਼ਾਤਮੇ ਪਿੱਛੋਂ ਜੇਲ੍ਹਾਂ ਦੇ ਪ੍ਰਬੰਧ ਵਿੱਚ ਇਨਕਲਾਬੀ ਤਬਦੀਲੀ ਆਈ। ਕੀ ਹਿੰਦੁਸਤਾਨ ਨੂੰ ਅਜਿਹੇ ਬੰਦਿਆਂ ਦੀ ਜ਼ਰੂਰਤ ਨਹੀਂ?'

ਇੱਕ ਥਾਂ ਭਗਤ ਸਿੰਘ ਸੋਵੀਅਤ ਨੇਤਾ ਲੈਨਿਨ ਦੇ ਇਤਿਹਾਸਕ ਰੋਲ ਬਾਰੇ ਚਰਚਾ ਕਰਦਾ ਹੋਇਆ ਲਿਖਦਾ ਹੈ, '1917 ਵਿੱਚ, ਅਕਤੂਬਰ ਕ੍ਰਾਂਤੀ ਤੋਂ ਪਹਿਲਾਂ, ਜਦੋਂ ਲੈਨਿਨ ਅਜੇ ਰੂਪੋਸ਼ ਸਨ ਤਾਂ ਉਨ੍ਹਾਂ ਸਫ਼ਲ ਕ੍ਰਾਂਤੀ ਲਈ ਤਿੰਨ ਜ਼ਰੂਰੀ ਸ਼ਰਤਾਂ ਦੱਸੀਆਂ ਸਨ, ਇੱਕ ਰਾਜਨੀਤਕ-ਆਰਥਿਕ ਹਾਲਾਤ, ਦੂਜਾ ਲੋਕ ਮਨਾਂ ਵਿੱਚ ਵਿਦਰੋਹ ਦੀ ਭਾਵਨਾ ਤੇ ਤੀਜਾ ਇੱਕ ਇਨਕਲਾਬੀ ਪਾਰਟੀ ਜਿਹੜੀ ਪੂਰੀ ਤਰ੍ਹਾਂ ਸਿੱਖਿਅਤ ਹੋਵੇ ਤੇ ਪਰਖ ਦੇ ਸਮੇਂ ਲੋਕਾਂ ਨੂੰ ਅਗਵਾਈ ਦੇ ਸਕੇ।'('ਸਿਆਸੀ ਕਾਰਕੁਨਾਂ ਦੇ ਨਾਂ' ਖ਼ਤ ਵਿੱਚੋਂ)

ਦੇਸ਼ ਦੀ ਕਿਸਮਤ ਬਦਲਣ ਲਈ ਚੱਲੀਆਂ ਲਹਿਰਾਂ ਦੇ ਇਤਿਹਾਸ ਦਾ ਵਿਸ਼ਲੇਸ਼ਣ ਕਰਦਾ ਹੋਇਆ ਭਗਤ ਸਿੰਘ ਕਹਿੰਦਾ ਹੈ ਕਿ ਇਹ ਸਾਰੀਆਂ ਲਹਿਰਾਂ ਵਿਦੇਸ਼ੀ ਹਾਕਮਾਂ ਨਾਲ ਸੰਘਰਸ਼ ਦੇ ਮਨੋਰਥ ਤੇ ਆਦਰਸ਼ ਤੋਂ ਅਣਜਾਣ ਸਨ। ਉਹ ਆਪਣੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲਾਲਾ ਰਾਮ ਸਰਨ ਦੀ ਕਾਵਿ-ਪੁਸਤਕ 'ਡਰੀਮਲੈਂਡ' ਦੀ ਭੂਮਿਕਾ ਵਿੱਚ ਕਰਦਾ ਹੈ। ਭਗਤ ਸਿੰਘ ਲਿਖਦਾ ਹੈ, 'ਆਪਣੇ ਕੁੱਲ ਯਤਨਾਂ ਦੇ ਬਾਵਜੂਦ ਮੈਨੂੰ ਸਪੱਸ਼ਟ ਵਿਚਾਰਾਂ ਵਾਲੀ ਕੋਈ ਇਨਕਲਾਬੀ ਪਾਰਟੀ ਨਹੀਂ ਦਿਸੀ।

ਇੱਕੋ ਇੱਕ ਗ਼ਦਰ ਪਾਰਟੀ ਸੀ, ਜਿਹੜੀ ਅਮਰੀਕਾ ਦੀ ਸਰਕਾਰ ਤੋਂ ਪ੍ਰੇਰਿਤ ਹੋ ਕੇ ਹਾਲੀਆ ਸਰਕਾਰ ਦੀ ਥਾਂ ਪਰਜਾਤੰਤਰੀ ਕਿਸਮ ਦੀ ਸਰਕਾਰ ਕਾਇਮ ਕਰਨ ਲਈ ਸਪੱਸ਼ਟ ਸੋਚ ਰੱਖਦੀ ਸੀ। ਦੂਜੀਆਂ ਸਾਰੀਆਂ ਪਾਰਟੀਆਂ ਇੱਕੋ ਉਦੇਸ਼ ਰੱਖਦੀਆਂ ਸਨ-ਵਿਦੇਸ਼ੀ ਹਾਕਮਾਂ ਵਿਰੁੱਧ ਲੜਨਾ।

ਇਹ ਵਿਚਾਰ ਤਾਂ ਸਲਾਹੁਣ ਵਾਲਾ ਹੈ ਪਰ ਇਸ ਨੂੰ ਇਨਕਲਾਬੀ ਵਿਚਾਰ ਨਹੀਂ ਕਿਹਾ ਜਾ ਸਕਦਾ। ਸਾਨੂੰ ਸਪੱਸ਼ਟ ਕਰ ਦੇਣਾ ਚਾਹੀਦਾ ਹੈ ਕਿ ਇਨਕਲਾਬ ਦਾ ਅਰਥ ਸਿਰਫ਼ ਉਥਲ-ਪੁਥਲ ਜਾਂ ਖ਼ੂਨੀ ਲੜਾਈ ਨਹੀਂ ਹੁੰਦਾ। ਇਨਕਲਾਬ ਵਿੱਚ ਹੁਣ ਵਾਲੀਆਂ ਪ੍ਰਸਥਿਤੀਆਂ ਨੂੰ ਤਬਾਹ ਕਰ ਕੇ ਸਮਾਜ ਨੂੰ ਨਵੇਂ, ਚੰਗੇਰੇ ਤੇ ਵਧੇਰੇ ਪ੍ਰਵਾਨਯੋਗ ਆਧਾਰ ਉੱਤੇ ਮੁੜ ਸਿਰਜਣ ਦਾ ਕਾਰਜ ਸ਼ਭਗਤ ਸਿੰਘ ਦੁਆਰਾ ਆਪਣੇ ਲੇਖਾਂ, ਖ਼ਤਾਂ, ਬਿਆਨਾਂ ਤੇ ਸੁਨੇਹਿਆਂ ਵਿੱਚ ਅੰਕਿਤ ਕੀਤੇ ਇਤਿਹਾਸਕ ਹਵਾਲੇ ਬੇਸ਼ੁਮਾਰ ਹਨ। 1921-22 ਵਿੱਚ ਆਪਣੀ ਚਾਚੀ ਹੁਕਮ ਕੌਰ (ਦੇਸ਼ ਭਗਤ ਸਵਰਨ ਸਿੰਘ ਦੀ ਵਿਧਵਾ) ਨੂੰ ਲਿਖੇ ਖ਼ਤ ਵਿੱਚ ਭਗਤ ਸਿੰਘ ਨੇ ਲਿਖਿਆ ਸੀ ਕਿ 'ਚਾਚੇ ਹੋਣਾਂ ਦੀ ਤਸਵੀਰ ਬਣ ਗਈ ਹੈ, ਮੈਂ ਨਾਲ ਲੈ ਆਵਣੀ ਸੀ ਪਰ ਉਦੋਂ ਅਜੇ ਬਣੀ ਨਹੀਂ ਸੀ।' ਦੁਨੀਆਂ ਭਰ ਦੇ ਆਜ਼ਾਦੀ ਪਰਵਾਨਿਆਂ ਦੀਆਂ ਤਸਵੀਰਾਂ ਆਪਣੇ ਮਨ ਵਿੱਚ ਵਸਾਉਣ ਵਾਲੇ, ਕੁੱਲ ਸਾਢੇ ਤੇਈ ਸਾਲ ਦੀ ਉਮਰ ਪੂਰੀ ਕਰ ਕੇ ਜਾਣ ਵਾਲੇ ਭਗਤ ਸਿੰਘ ਦੀਆਂ ਤਸਵੀਰਾਂ ਤੇ ਲਿਖਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਇਤਿਹਾਸ ਨਾਲ ਜੋੜ ਕੇ ਪ੍ਰਫੁੱਲਿਤ ਤੇ ਪ੍ਰਭਾਵਿਤ ਕਰਦੀਆਂ ਰਹਿਣਗੀਆਂ

ਸੰਪਰਕ: 94170-72314

####

# ਪੰਥ ਦੇ ਬੇਤਾਜ ਬਾਦਸ਼ਾਹ ਬਾਬਾ ਖੜਕ ਸਿੰਘ

**ਬੀਰ ਦਵਿੰਦਰ ਸਿੰਘ** ×

ਸਿੱਖ ਕੌਮ ਦੇ ਚੇਤਿਆਂ ਵਿੱਚ ਪਸਰੀਆਂ ਬੇਧਿਆਨੀਆਂ ਅਤੇ ਅਵੱਲੀ ਗ਼ਫ਼ਲਤ ਦਾ ਇੱਕ ਦਰਦਨਾਕ ਮੰਜ਼ਰ ਹੈ ਕਿ ਬਾਬਾ ਖੜਕ ਸਿੰਘ ਜਿਹੀਆਂ ਮਾਣਮੱਤੀਆਂ ਸ਼ਖ਼ਸੀਅਤਾਂ ਸਾਡੇ ਚੇਤਿਆਂ ਵਿੱਚੋਂ ਹੀ ਗਵਾਚ ਗਈਆਂ ਹਨ। ਸਜੱਗ ਕੌਮਾਂ ਲਈ ਇਹ ਜ਼ਰੂਰੀ ਹੈ ਕਿ ਉਨ੍ਹਾਂ ਦੀਆਂ ਵਾਰਿਸ ਪੀੜ੍ਹੀਆਂ ਨੂੰ ਕੌਮ ਦੇ ਗੌਰਵਮਈ ਵਿਰਸੇ ਅਤੇ ਸੰਘਰਸ਼ਾਂ ਦੇ ਇਤਿਹਾਸ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ। ਸਿੱਖਾਂ ਜਿਹੀ ਵਿਲੱਖਣ ਕੌਮ, ਜਿਸ ਨੂੰ ਦੇਸ਼ ਦੇ ਜਮਹੂਰੀ ਢਾਂਚੇ ਵਿੱਚ ਇੱਕ ਘੱਟ ਗਿਣਤੀ ਹੋਣ ਦੇ ਨਾਤੇ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਲਈ ਤਾਂ ਹੋਰ ਵੀ ਜ਼ਰੂਰੀ ਹੈ ਕਿ ਸਿੱਖ ਜੱਦੋ-ਜਹਿਦ ਦੇ ਪਰਿਪੇਖ ਵਿੱਚ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਅਤੇ ਆਜ਼ਾਦੀ ਤੋਂ ਬਾਅਦ ਦੇ ਸਾਰੇ ਰਾਜਨੀਤਕ ਵਰਤਾਰਿਆਂ ਦੀ ਮੁਕੰਮਲ ਜਾਣਕਾਰੀ ਕੌਮ ਦੇ ਵਾਰਸਾਂ ਨਾਲ ਸਾਂਝੀ ਕਰੇ।

ਇਹ ਦੁੱਖ ਵਾਲੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗਠਨ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗਠਨ ਉਪਰੰਤ ਸਰਬਸੰਮਤੀ ਨਾਲ ਜੇਲ੍ਹ ਵਿੱਚ ਬੰਦ ਹੋਣ ਦੇ ਬਾਵਜੂਦ ਪਹਿਲੇ ਪ੍ਰਧਾਨ ਚੁਣੇ ਜਾਣ ਵਾਲੇ ਬਾਬਾ ਖੜਕ ਸਿੰਘ ਦੀ ਯਾਦ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਨਾ ਕੇਵਲ ਅਣਗੌਲਿਆ ਕੀਤਾ ਹੈ, ਸਗੋਂ ਸਮੁੱਚੀ ਪੰਥਕ ਅਤੇ ਅਕਾਲੀ ਲੀਡਰਸ਼ਿੱਪ ਦੇ ਸਰੋਕਾਰਾਂ ਵਿੱਚੋਂ ਬਾਬਾ ਖੜਕ ਸਿੰਘ ਦਾ ਗੌਰਵਮਈ ਜ਼ਿਕਰ ਹੀ ਮਨਫ਼ੀ ਹੋ ਚੁੱਕਾ ਹੈ। ਕਿਸੇ ਨੂੰ ਵੀ ਯਾਦ ਨਹੀਂ ਰਿਹਾ ਕਿ 6 ਅਕਤੂਬਰ 2016 ਨੂੰ ਬਾਬਾ ਖੜਕ ਸਿੰਘ ਜੀ ਦੀ 53ਵੀਂ ਬਰਸੀ ਸੀ।

ਮਰਹੂਮ ਸਿਰਦਾਰ ਕਪੂਰ ਸਿੰਘ ਮੈਂਬਰ ਪਾਰਲੀਮੈਂਟ ਨੇ 6 ਸਤੰਬਰ 1966 ਨੂੰ ਲੋਕ ਸਭਾ ਵਿੱਚ 'ਪੰਜਾਬ ਪੁਨਰਗਠਨ ਬਿਲ 1966' ਉੱਤੇ ਬੋਲਦਿਆਂ ਸਦਨ ਦਾ ਧਿਆਨ 19 ਜੂਨ 1929 ਨੂੰ ਲਾਹੌਰ ਵਿੱਚ ਵਿੱਚ ਦਰਿਆ ਰਾਵੀ ਦੇ ਕੰਢੇ ਹੋਏ ਸਰਬ ਹਿੰਦ ਕਾਂਗਰਸ ਕਮੇਟੀ ਦੇ ਉਸ ਮਹੱਤਵਪੂਰਨ ਸਮਾਗਮ ਵੱਲ ਦਿਵਾਇਆ ਜਿਸ ਵਿੱਚ ਹਿੰਦੁਸਤਾਨ ਲਈ ਪੂਰਨ ਆਜ਼ਾਦੀ ਦਾ ਮਤਾ ਪਾਸ ਕੀਤਾ ਗਿਆ ਸੀ। ਇਸ ਸਮਾਗਮ ਤੋਂ ਇੱਕ ਦਿਨ ਪਹਿਲਾਂ ਸਿੱਖਾਂ ਨੇ ਆਪਣੇ ਲੀਡਰ ਬਾਬਾ ਖੜਕ ਸਿੰਘ ਦੀ ਅਗਵਾਈ ਵਿੱਚ ਆਪਣੀ ਬੰਨ੍ਹਵੀਂ ਤਾਕਤ ਅਤੇ ਠੋਸ ਹੋਂਦ ਦਾ ਪ੍ਰਗਟਾਵਾ ਕਰਨ ਲਈ ਇੱਕ ਪ੍ਰਭਾਵਸ਼ਾਲੀ ਜਲੂਸ ਕੱਢਿਆ ਸੀ। ਇਸ ਜਲੂਸ ਦੀ ਦਰਸ਼ਨੀ ਆਭਾ ਅਤੇ ਸ਼ਾਨਦਾਰ ਕਾਮਯਾਬੀ 'ਤੇ ਟਿੱਪਣੀ ਕਰਦਿਆਂ ਲੰਡਨ ਦੇ ਅਖ਼ਬਾਰ 'ਟਾਈਮਜ਼' ਨੇ ਲਿਖਿਆ ਸੀ ਕਿ 'ਸਿੱਖਾਂ ਦੇ ਇਸ ਜਲੂਸ ਦੀ ਸ਼ਾਨ ਦੇ ਸਾਹਮਣੇ ਕਾਂਗਰਸ ਦੀ ਜਲਸੀ ਤੇ ਜਲੂਸੀ ਫਿੱਕੀ ਪੈ ਗਈ।' ਕਾਂਗਰਸ ਦੀ ਸਮੁੱਚੀ ਲੀਡਰਸ਼ਿਪ, ਸਿੱਖਾਂ ਦੇ ਇਸ ਜਲੂਸ ਤੋਂ ਇੰਨੀ ਪ੍ਰਭਾਵਿਤ ਹੋਈ ਕਿ ਸਰਬ ਹਿੰਦ ਕਾਂਗਰਸ ਦਾ ਇਜਲਾਸ ਖ਼ਤਮ ਹੋਣ ਤੋਂ ਬਾਅਦ ਦੂਜੇ ਦਿਨ ਹੀ ਕਾਂਗਰਸ ਦਾ ਇੱਕ ਉੱਚ-ਪੱਧਰੀ ਵਫ਼ਦ, ਬਾਬਾ ਖੜਕ ਸਿੰਘ ਦੇ ਨਿਵਾਸ ਅਸਥਾਨ ਚਬੁਰਜੀ (ਲਾਹੌਰ) ਪਹੁੰਚ ਗਿਆ। ਇਸ ਵਿੱਚ ਮਹਾਤਮਾ ਗਾਂਧੀ, ਪੰਡਿਤ ਮੋਤੀ ਲਾਲ ਨਹਿਰੂ, ਜਵਾਹਰਲਾਲ ਨਹਿਰੂ, ਮਦਨ ਮੋਹਨ ਮਾਲਵੀਆ ਅਤੇ ਡਾਕਟਰ ਅਨਸਾਰੀ ਸ਼ਾਮਲ ਸਨ। ਮਹਾਤਮਾ ਗਾਂਧੀ ਨੇ ਬਾਬਾ ਖੜਕ ਸਿੰਘ ਅੱਗੇ ਜਾਚਨਾ ਕੀਤੀ ਕਿ 'ਹਿੰਦੁਸਤਾਨ ਦੀ ਪੂਰਨ ਆਜ਼ਾਦੀ ਦਾ ਸੰਘਰਸ਼, ਸਿੱਖ ਕੌਮ ਦੀ ਸਿੱਧੀ ਸ਼ਮੂਲੀਅਤ ਅਤੇ ਠੋਸ ਇਮਦਾਦ ਬਗ਼ੈਰ ਅਧੂਰਾ ਹੈ, ਦੇਸ਼ ਦੀ ਆਜ਼ਾਦੀ ਦੇ ਇਸ ਮਹਾਨ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਆਪ ਦਾ ਸਹਿਯੋਗ ਜ਼ਰੂਰੀ ਹੈ।' ਇਸ ਵਫ਼ਦ ਨੇ ਇਹ ਵਿਸ਼ਵਾਸ ਵੀ ਦਿਵਾਇਆ ਕਿ ਜਦੋਂ ਹਿੰਦੁਸਤਾਨ ਆਜ਼ਾਦ ਹੋ ਜਾਵੇਗਾ ਤਦ ਦੇਸ਼ ਵਿੱਚ ਕੋਈ ਵੀ ਅਜਿਹਾ ਸੰਵਿਧਾਨ ਨਹੀਂ ਬਣਾਇਆ ਜਾਵੇਗਾ ਜੋ ਸਿੱਖਾਂ ਨੂੰ ਮਨਜ਼ੂਰ ਨਹੀਂ ਹੋਵੇਗਾ। ਇਸ ਸਬੰਧ ਵਿੱਚ ਕਾਂਗਰਸ ਨੇ ਬਾਅਦ ਵਿੱਚ ਇੱਕ ਮਤਾ ਵੀ ਪਾਸ ਕਰ ਦਿੱਤਾ। 1947 ਤਕ ਕਾਂਗਰਸ ਨੇ ਇਸ ਮਤੇ ਦੀ ਕਈ ਵਾਰ ਵਜਾਹਤ ਵੀ ਕੀਤੀ ਗਈ ਪਰ ਜਦੋਂ ਸੁਤੰਤਰ ਭਾਰਤ ਦਾ ਸੰਵਿਧਾਨ ਬਣਿਆ ਤਾਂ ਇਸ ਮਤੇ ਉੱਤੇ ਅਮਲ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਬਾਬਾ ਖੜਕ ਸਿੰਘ ਜੀ ਦੇ ਮਨ ਨੂੰ ਕਾਂਗਰਸੀ ਲੀਡਰਾਂ ਦੇ ਇਸ ਨਾਸ਼ੁਕਰੇ ਰਵੱਈਏ ਕਾਰਨ ਭਾਰੀ ਠੇਸ ਪੁੱਜੀ। ਇਸ ਵਜ੍ਹਾ ਕਾਰਨ ਉਨ੍ਹਾਂ ਨੇ ਸਰਗਰਮ ਰਾਜਨੀਤੀ ਤੋਂ ਸੰਨਿਆਸ ਲੈ ਲਿਆ। ਬਾਬਾ ਜੀ ਦਾ ਜਨਮ 6 ਜੂਨ 1868 ਨੂੰ ਸਿਆਲਕੋਟ (ਹੁਣ ਪਾਕਿਸਤਾਨ) ਵਿੱਚ, ਇਲਾਕੇ ਦੇ ਮੰਨੇ-ਪ੍ਰਮੰਨੇ ਅਮੀਰ ਠੇਕੇਦਾਰ ਅਤੇ ਉੱਘੇ ਉਦਯੋਗਪਤੀ ਰਾਏ ਬਹਾਦਰ ਸਰਦਾਰ ਹਰੀ ਸਿੰਘ ਦੇ ਘਰ ਹੋਇਆ ਸੀ। ਬਾਬਾ ਖੜਕ ਸਿੰਘ ਨੇ ਸਿਆਲਕੋਟ ਦੇ ਮਿਸ਼ਨ ਹਾਈ ਸਕੂਲ ਤੋਂ ਦਸਵੀਂ ਪਾਸ ਕਰਨ ਉਪਰੰਤ ਸਥਾਨਕ ਮਰੇ ਕਾਲਜ ਤੋਂ ਐਫ਼.ਏ. ਦਾ ਇਮਤਿਹਾਨ ਪਾਸ ਕੀਤਾ। ਉਸ ਤੋਂ ਬਾਅਦ ਗੌਰਮਿੰਟ ਕਾਲਜ ਲਾਹੌਰ ਤੋਂ ਬੀ.ਏ. ਪਾਸ ਕੀਤੀ। ਬਾਬਾ ਖੜਕ ਸਿੰਘ ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਬੀ.ਏ. ਪਾਸ ਕਰਨ ਵਾਲੇ, ਸਾਲ 1889 ਦੇ ਸਭ ਤੋਂ ਪਹਿਲੇ ਅਕਾਦਮਿਕ ਸੈਸ਼ਨ ਦੇ ਵਿਦਿਆਰਥੀਆਂ ਵਿੱਚੋਂ ਸਨ। ਉਸ ਤੋਂ ਬਾਅਦ ਵਕਾਲਤ ਦੀ ਡਿਗਰੀ ਹਾਸਲ ਕਰਨ ਲਈ ਉਹ ਅਲਾਹਾਬਾਦ ਦੇ ਲਾਅ ਕਾਲਜ ਵਿੱਚ ਦਾਖ਼ਲ ਹੋ ਗਏ, ਪਰ ਪਿਤਾ ਅਤੇ ਵੱਡੇ ਭਰਾ ਦੀ ਬੜੇ ਥੋੜ੍ਹੇ ਵਕਫ਼ੇ ਅੰਦਰ ਮੌਤ ਹੋ ਜਾਣ ਕਾਰਨ ਵਕਾਲਤ ਦੀ ਪੜ੍ਹਾਈ ਵਿੱਚੇ ਛੱਡ ਕੇ ਸਿਆਲਕੋਟ ਪਰਤਣਾ ਪਿਆ। ਬਾਬਾ ਖੜਕ ਸਿੰਘ ਜੀ ਸਭ ਤੋਂ ਪਹਿਲਾਂ ਆਵਾਮੀ-ਤਵੱਜੋ ਦਾ ਕੇਂਦਰ ਬਿੰਦੂ ਉਸ ਸਮੇਂ ਬਣੇ, ਜਦੋਂ ਉਨ੍ਹਾਂ ਨੂੰ 1912 ਵਿੱਚ ਸਿਆਲਕੋਟ ਵਿੱਚ ਹੋਈ ਪੰਜਵੀਂ ਸਿੱਖ ਐਜੂਕੇਸ਼ਨਲ ਕਾਨਫਰੰਸ ਦੀ ਸਵਾਗਤੀ ਕਮੇਟੀ ਦਾ ਪ੍ਰਧਾਨ ਥਾਪਿਆ ਗਿਆ। ਉਸ ਕਾਨਫਰੰਸ ਵਿੱਚ ਬਾਬਾ ਖੜਕ ਸਿੰਘ ਦੇ ਸਖ਼ਤ ਵਿਰੋਧ ਕਾਰਨ ਪਹਿਲੇ ਸੰਸਾਰ ਯੁੱਧ ਵਿੱਚ ਅੰਗਰੇਜ਼ਾਂ ਦੀ ਜਿੱਤ ਦੀ ਕਾਮਨਾ ਕਰਨ ਵਾਲਾ 'ਚਾਪਲੂਸ ਮਤਾ' ਪਾਸ ਨਾ ਹੋ ਸਕਿਆ। ਅੰਮ੍ਰਿਤਸਰ ਵਿੱਚ ਵਾਪਰੇ ਜੱਲ੍ਹਿਆਂਵਾਲੇ ਬਾਗ਼ ਦੇ ਖ਼ੂਨੀ ਸਾਕੇ ਨੇ ਬਾਬਾ ਖੜਕ ਸਿੰਘ ਦੀ ਰੂਹ ਅਤੇ ਚੇਤਨਾ ਨੂੰ ਝੰਜੋੜ ਕੇ ਰੱਖ ਦਿੱਤਾ। ਉਨ੍ਹਾਂ ਨੇ ਆਪਣਾ ਸਾਰਾ ਜੀਵਨ ਸਦਾ ਵਾਸਤੇ ਸਿੱਖ ਕੌਮ ਅਤੇ ਦੇਸ਼ ਲਈ ਸਮਰਪਿਤ ਕਰ ਦਿੱਤਾ। ਬਾਬਾ ਜੀ 1920 ਵਿੱਚ ਸਥਾਪਿਤ ਹੋਈ ਸੈਂਟ੍ਰਲ ਸਿੱਖ ਲੀਗ ਦੇ ਪਹਿਲੇ ਪ੍ਰਧਾਨ ਬਣੇ। ਇਸੇ ਸਾਲ ਲਾਹੌਰ ਵਿੱਚ ਸੈਂਟ੍ਰਲ ਸਿੱਖ ਲੀਗ ਦੇ ਇਤਿਹਾਸਕ ਸੈਸ਼ਨ 'ਚ ਬਾਬਾ ਖੜਕ ਸਿੰਘ ਦੇ ਆਦੇਸ਼ ਅਨੁਸਾਰ ਸਿੱਖਾਂ ਨੇ ਮਹਾਤਮਾ ਗਾਂਧੀ ਵੱਲੋਂ ਚਲਾਈ ਜਾ ਰਹੀ ਨਾ-ਮਿਲਵਰਤਣ ਲਹਿਰ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਲਿਆ। ਇਸ ਇਤਿਹਾਸਕ ਇਕੱਠ ਵਿੱਚ ਮਹਾਤਮਾ ਗਾਂਧੀ, ਡਾਕਟਰ ਸੈਫ਼ੂਦੀਨ ਕਿਚਲੂ, ਮੌਲਾਨਾ ਮੁਹੰਮਦ ਅਲੀ ਅਤੇ ਮੌਲਾਨਾ ਸ਼ੌਕਤ ਅਲੀ ਵੀ ਸ਼ਾਮਲ ਹੋਏ। ਬਾਬਾ ਖੜਕ ਸਿੰਘ ਦੇ ਯਤਨਾਂ ਸਦਕਾ ਸਾਲ 1921 ਵਿੱਚ ਗੁਰਦੁਆਰਾ ਸੈਂਟਰਲ ਬੋਰਡ ਦੀ ਸਥਾਪਨਾ ਹੋਈ ਅਤੇ ਉਹ ਇਸ ਦੇ ਪਹਿਲੇ ਪ੍ਰਧਾਨ ਚੁਣੇ ਗਏ। ਉਨ੍ਹਾਂ ਨੇ ਸਭ ਤੋਂ ਪਹਿਲਾਂ ਦਰਬਾਰ ਸਾਹਿਬ (ਅੰਮ੍ਰਿਤਸਰ) ਦੇ ਤੋਸ਼ੇਖਾਨੇ ਦੀਆਂ ਚਾਬੀਆਂ ਵਾਪਸ ਲੈਣ ਲਈ ਮੋਰਚਾ ਲਾਇਆ। ਦਰਬਾਰ ਸਾਹਿਬ ਦੇ ਤੋਸ਼ੇਖਾਨੇ ਦੀਆਂ ਚਾਬੀਆਂ ਅੰਮ੍ਰਿਤਸਰ ਦੇ ਅੰਗਰੇਜ਼ ਡਿਪਟੀ ਕਮਿਸ਼ਨਰ ਦੇ ਕਬਜ਼ੇ ਵਿੱਚ ਸਨ। 26 ਨਵੰਬਰ 1921 ਨੂੰ ਬਾਬਾ ਖੜਕ ਸਿੰਘ ਨੂੰ ਅੰਗਰੇਜ਼ ਦੀ ਸਰਕਾਰ ਦੇ ਵਿਰੁੱਧ ਭਾਸ਼ਣ ਦੇਣ ਕਾਰਨ ਛੇ ਮਹੀਨੇ ਲਈ ਜੇਲ੍ਹ ਭੇਜ ਦਿੱਤਾ।

ਪਰ 17 ਜਨਵਰੀ 1922 ਨੂੰ ਸਿੱਖਾਂ ਦੇ ਭਾਰੀ ਰੋਹ ਕਾਰਨ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਅਤੇ ਤੋਸ਼ੇਖਾਨੇ ਦੀਆਂ ਚਾਬੀਆਂ ਵੀ ਬਾਬਾ ਖੜਕ ਸਿੰਘ ਦੇ ਸਪੁਰਦ ਕਰ ਦਿੱਤੀਆਂ।

ਕਿਸ਼ਤ ਪਹਿਲੀ



## ਪੰਜਾਬ ਦਾ ਇਹ ਹਾਈਵੇਅ ਪੂਰੀ ਤਰ੍ਹਾਂ ਹੋਇਆ ਬੰਦ, ਸੂਬੇ ਤੋਂ ਬਾਹਰ ਜਾਣ ਲਈ ਨਾ ਜਾਣਾ ਇਸ ਰੋਡ 'ਤੇ

ਘਨੌਰ (ਅਲੀ) 25 ਨਵੰਬਰ। ਘਨੌਰ ਤੋਂ ਅੰਬਾਲਾ ਜਾਣ ਵਾਲੀ ਸੜਕ 'ਤੇ ਬਣੇ ਪੁਲ ਦੀਆਂ ਅਪਰੋਚਾਂ ਦਾ ਕੰਮ ਸੁਰੂ ਹੋਣ ਕਰਕੇ ਇਥੋਂ ਲੰਘਣ ਵਾਲੀ ਟ੍ਰੈਫਿਕ ਦਾ ਰਾਹ ਬੰਦ ਕਰ ਦਿੱਤਾ ਗਿਆ ਹੈ। ਜਾਣਕਾਰੀ ਦਿੰਦਿਆਂ ਸਬੰਧਤ ਵਿਭਾਗ ਦੇ ਜੇ. ਈ. ਮਹਿਲ ਸਿੰਘ ਨੇ ਲਿਖਤੀ ਤੌਰ 'ਤੇ ਦੱਸਿਆ ਕਿ ਉਪਰੋਕਤ ਵਿਸੇ ਸਬੰਧੀ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਘਨੌਰ ਤੋਂ ਅੰਬਾਲਾ ਸਿਟੀ ਵਾਇਆ ਕਪੂਰੀ ਲੋਹਸਿੰਬਲੀ ਰੋਡ 'ਤੇ ਹਾਈ ਲੈਵਲ ਬਰਿੱਜ 5 ਸਪੈਨ ਦੀ ਉਸਾਰੀ ਦਾ ਕੰਮ ਪ੍ਰਗਤੀ ਅਧੀਨ ਹੈ। ਇਸ ਪੁਲ ਦੀਆਂ ਅਪਰੋਚਾਂ ਦਾ ਕੰਮ ਬਕਾਇਆ ਰਹਿੰਦਾ ਹੈ। ਇਸ ਸਬੰਧੀ ਏਜੰਸੀ ਵੱਲੋਂ ਵਾਰ-ਵਾਰ ਇਸ ਦਫਤਰ ਨੂੰ ਕੰਮ ਪੂਰਾ



ਕਰਵਾਉਣ ਲਈ ਜੋਰ ਪਾਇਆ ਜਾ ਰਿਹਾ ਹੈ। ਕਿਸਾਨੀ ਮੋਰਚੇ ਦੇ ਧਰਨੇ ਕਾਰਨ ਨੈਸਨਲ ਹਾਈਵੇ-44 (ਰਾਜਪੁਰਾ ਅੰਬਾਲਾ ਰੋਡ) ਦੀ ਸਾਰੀ ਟ੍ਰੈਫਿਕ ਇਸ ਰੂਟ ਰਾਹੀਂ ਲੰਘ ਰਹੀ ਹੈ, ਜਿਸ ਕਾਰਨ ਪੁਲ ਦੀਆਂ ਅਪਰੋਚਾਂ ਦੀ ਉਸਾਰੀ ਦਾ ਕੰਮ ਪੂਰਾ ਨਹੀਂ ਹੋ ਸਕਿਆ, ਜੋ ਹੁਣ ਉਸਾਰੀ ਸੁਰੂ ਕੀਤੀ ਗਈ ਹੈ। ਇਸ ਲਈ ਟ੍ਰੈਫਿਕ ਨੂੰ ਬਦਲਵੇਂ ਰੂਟਾਂ ਰਾਹੀਂ ਡਾਇਵਰਟ ਕਰਨ ਦੀ ਕ੍ਰਿਪਾਲਤਾ ਕੀਤੀ ਜਾਂਦੀ ਹੈ ਤਾਂ ਜੋ ਪੁਲ ਦੀ ਉਸਾਰੀ ਦਾ ਕੰਮ ਮੁਕੰਮਲ ਕੀਤਾ ਜਾ ਸਕੇ। 1. ਅੰਬਾਲਾ ਤੋਂ ਪਟਿਆਲਾ ਜਾਣ ਲਈ ਵਾਇਆ ਸਰਾਲਾ ਕਲਾਂ, ਮਾੜੂ, ਚੱਪੜ, ਸੀਲ, ਚੋਰਾ ਰਾਹੀਂ ਆਪਣੀ ਮੰਜਿ਼ਲ ਤੱਕ ਪਹੁੰਚ ਸਕਦੇ ਹਨ। 2. ਇਸ ਤੋਂ ਇਲਾਵਾ ਪਟਿਆਲਾ ਤੋਂ ਅੰਬਾਲਾ ਜਾਣ ਲਈ ਵਾਇਆ ਘਨੌਰ, ਲਾਛੜੂ ਕਲਾਂ, ਕਾਮੀ ਖੁਰਦ, ਜੰਡ ਮੰਗੋਲੀ, ਲੋਹਸਿੰਬਲੀ ਪਿੰਡਾਂ ਰਾਹੀਂ ਜਾ ਸਕਦੇ ਹਨ।

## ਕੈਬਨਿਟ ਮੰਤਰੀ ਦੇ ਹੁਕਮਾਂ 'ਤੇ ਵਿਆਹ 'ਚ ਪਹੁੰਚੀ ਪੁਲਸ, ਲਾੜਾ-ਲਾੜੀ ਸਣੇ ਬਰਾਤ ਨੂੰ ਪੈ ਗਈਆਂ ਭਾਜੜਾਂ

ਚੰਡੀਗੜ੍ਹ 25 ਨਵੰਬਰ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੂੰ ਬਾਲ ਵਿਆਹ ਦੀ ਸੂਚਨਾ ਮਿਲੀ ਕਿ ਰੂਪਨਗਰ ਵਿਚ ਇੱਕ ਪਰਿਵਾਰ ਵੱਲੋਂ ਨਾਬਾਲਿਗ ਲੜਕੇ ਦਾ ਵਿਆਹ ਕਰਵਾਇਆ ਜਾ ਰਿਹਾ ਹੈ। ਇਸ 'ਤੇ ਤੁਰੰਤ ਕਾਰਵਾਈ ਕਰਦਿਆਂ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਮਾਮਲੇ ਦੀ ਜਾਂਚ ਕਰਨ ਅਤੇ ਲੋੜੀਂਦੀ ਕਾਰਵਾਈ ਕਰਨ ਦੇ ਹੁਕਮ ਦਿੱਤੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਬਾਲ ਵਿਆਹ ਵਿਰੋਧੀ ਕਾਨੂੰਨ ਦੀ ਉਲੰਘਣਾ ਸਬੰਧੀ ਜਾਣਕਾਰੀ ਚਾਈਲਡਲਾਈਨ ਰਾਹੀਂ ਮਿਲੀ ਕਿ ਪਿੰਡ ਆਸਪੁਰ ਕੋਟਾਂ ਜ਼ਿਲ੍ਹਾ ਰੂਪਨਗਰ ਦੇ 17 ਸਾਲਾ ਲੜਕੇ ਦਾ ਵਿਆਹ ਕੀਤਾ ਜਾ ਰਿਹਾ ਹੈ



ਜੋ ਕਿ ਨਾਬਾਲਿਗ ਹੈ। ਕੈਬਨਿਟ ਮੰਤਰੀ ਦੇ ਹੁਕਮਾਂ 'ਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਰੂਪਨਗਰ ਨੇ ਤੁਰੰਤ ਕਾਰਵਾਈ ਕਰਦੇ ਹੋਏ ਬਾਲ ਵਿਆਹ ਰੋਕੂ ਅਧਿਕਾਰੀ ਨੂੰ ਨਾਲ ਲੈ ਕੇ ਕਾਰਵਾਈ ਕੀਤੀ। ਡੀ.ਸੀ.ਪੀ.ਯੂ. ਅਤੇ ਡੀ.ਐੱਮ.ਪੀ.ਓ ਦੀ ਟੀਮ ਨੇ ਪਿੰਡ ਆਸਪੁਰ ਕੋਟਾਂ ਦੇ ਪੰਚਾਇਤ ਮੈਂਬਰਾਂ, ਵਿਆਹ ਵਾਲਾ ਲੜਕਾ ਅਤੇ ਲੜਕੀ ਦੇ ਪਰਿਵਾਰਾਂ ਅਤੇ ਪੈਲਸ ਦੇ ਮਾਲਕ ਨੂੰ ਸਾਮਲ ਕਰਦੇ ਹੋਏ ਵਿਆਹ ਦੀਆਂ ਤਿਆਰੀਆਂ ਰੋਕ ਦਿੱਤੀਆਂ। ਇਸ ਮੌਕੇ ਦੋਵਾਂ ਪਾਰਟੀਆਂ ਦੇ ਬਿਆਨ ਦਰਜ ਕੀਤੇ ਗਏ। ਟੀਮ ਵੱਲੋਂ ਲੜਕੇ ਅਤੇ ਲੜਕੀ ਨੂੰ ਸਮਝਾਇਆ ਗਿਆ। ਪਰਿਵਾਰ ਨੇ ਟੀਮ ਨੂੰ ਭਰੋਸਾ ਦਿੱਤਾ ਕਿ ਬੱਚਾ ਅਗਲੇ ਦਿਨ ਤੋਂ ਸਕੂਲ ਜਾਵੇਗਾ। ਇਸੇ ਦੌਰਾਨ ਡਾ. ਬਲਜੀਤ ਕੌਰ ਨੇ ਬੱਚਿਆਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਵਚਨਬੱਧਤਾ 'ਤੇ ਜੋਰ ਦਿੱਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਬਾਲ ਵਿਆਹ ਸਬੰਧੀ ਘਟਨਾ ਦੀ ਰਿਪੋਰਟ ਜਿ਼ਲ੍ਹਾ ਅਧਿਕਾਰੀਆਂ ਨੂੰ ਤੁਰੰਤ ਕਰਨ।

## ਦਿੱਲੀ ਦੇ ਮਾਹੌਲ 'ਚ ਪ੍ਰਦੂਸ਼ਣ ਦੇ ਜਹਿਰ ਦਾ ਅਸਰ

ਲੁਧਿਆਣਾ 25 ਨਵੰਬਰ। ਦੇਸ ਦੀ ਰਾਜਧਾਨੀ ਦਿੱਲੀ ਦੀ ਹਵਾ 'ਚ ਮੌਜੂਦ ਪ੍ਰਦੂਸਣ ਦਾ ਜਹਿਰ ਹੁਣ ਆਮ ਜਨਜੀਵਨ ਨੂੰ ਵੀ ਪ੍ਰਭਾਵਿਤ ਕਰਨ ਵਾਲਾ ਹੈ, ਕਿਉਂਕਿ ਪ੍ਰਦੂਸਣ ਦੇ ਪੱਧਰ ਨੂੰ ਦੇਖਦੇ ਹੋਏ ਦਿੱਲੀ ਦੇ ਟਰਾਂਸਪੋਰਟ ਵਿਭਾਗ ਨੇ ਡੀਜਲ ਇੰਜਣ ਵਾਲੀਆਂ ਅਤੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੀਆਂ ਬੱਸਾਂ ਦੇ ਦਿੱਲੀ 'ਚ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਨਾਲ ਪੰਜਾਬ ਦੇ ਟਰਾਂਸਪੋਰਟ ਵਿਭਾਗ ਨੂੰ ਵੀ ਮਾਲੀ ਨੁਕਸਾਨ ਹੋਵੇਗਾ, ਕਿਉਂਕਿ ਪੰਜਾਬ ਸਰਕਾਰ ਦੀਆਂ ਕਈ ਬੱਸਾਂ ਬੀ. ਐੱਸ. ਇੰਜਣ ਚਾਲਕ ਨਿਰਧਾਰਿਤ ਨਿਯਮਾਂ ਦੀ ਪਾਲਣਾ ਨਹੀਂ ਕਰਦੀਆਂ। ਹਾਲਾਂਕਿ ਤਕਨੀਕੀ ਤੌਰ 'ਤੇ ਕਿਹੜੀ ਬੱਸ ਨੂੰ ਐਂਟਰੀ ਮਿਲੇਗੀ ਜਾਂ ਕਿਹੜੀ ਨੂੰ ਨਹੀਂ, ਇਹ ਦਿੱਲੀ ਦੇ ਟਰਾਂਸਪੋਰਟ ਵਿਭਾਗ ਦੇ ਹੁਕਮਾਂ 'ਚ ਸਪੱਸਟ ਲਿਖਿਆ ਹੋਇਆ ਹੈ ਪਰ ਇਸ ਨਾਲ ਹਵਾਈ ਅੱਡੇ 'ਤੇ ਜਾਣ ਵਾਲੀਆਂ ਕਈ ਬੱਸਾਂ 'ਤੇ ਰੋਕ ਲੱਗ ਸਕਦੀ ਹੈ

# ਜਲੰਧਰ 'ਚ ਇਸ ਇਲਾਕੇ 'ਚ ਗਰਮਾਇਆ ਮਾਹੌਲ, ਚਰਚ ਦੇ ਬਾਊਂਸਰਾਂ 'ਤੇ ਲੱਗੇ ਗੰਭੀਰ ਦੋਸ਼

**ਸਰਦੂਲ ਸਿੰਘ**

ਜਲੰਧਰ/ਖਾਂਬੜਾ 25 ਨਵੰਬਰ। ਖਾਂਬੜਾ 'ਚ ਚਰਚ ਨੂੰ ਜਾਂਦੀ ਸੜਕ 'ਤੇ ਲੋਕਾਂ ਵੱਲੋਂ ਧਰਨਾ ਦਿੱਤਾ ਗਿਆ। ਦਰਅਸਲ ਲੋਕਾਂ ਨੇ ਦੋਸ਼ ਲਗਾਏ ਕਿ ਚਰਚ ਦੇ ਬਾਊਂਸਰਾਂ ਨੇ ਨਾਬਾਲਗ ਬੱਚੇ ਨੂੰ ਬੇਰਹਿਮੀ ਨਾਲ ਕੁੱਟਿਆ। ਪਿੰਡ ਵਾਸੀਆਂ ਦਾ ਦੋਸ ਹੈ ਕਿ ਨਾਬਾਲਗ ਨੂੰ ਸੜਕ ਦਾ ਰਸਤਾ ਪੁੱਛਣ 'ਤੇ ਕੁੱਟਿਆ ਗਿਆ ਅਤੇ ਉਸ 'ਤੇ 45 ਸਾਲਾ ਔਰਤ ਨਾਲ ਛੇੜਛਾੜ ਕਰਨ ਦਾ ਦੋਸ ਹੈ। ਲੋਕਾਂ ਨੇ ਦੱਸਿਆ ਕਿ ਕੱਲ੍ਹ ਦੁਪਹਿਰ 3 ਵਜੇ ਬਾਊਂਸਰਾਂ ਨੇ ਬੱਚੇ 'ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕੀਤਾ। ਬੱਚੇ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਮਨਪ੍ਰੀਤ ਕੌਰ ਨੇ ਦੱਸਿਆ ਕਿ ਉਸ ਦੇ 10ਵੀਂ ਜਮਾਤ 'ਚ ਪੜ੍ਹਦੇ ਭਤੀਜੇ ਦੀ ਕੁੱਟਮਾਰ ਕੀਤੀ ਗਈ। ਉਨ੍ਹਾਂ ਦੱਸਿਆ ਕਿ 45 ਸਾਲਾ ਔਰਤ ਨੇ ਉਸ ਦੇ ਬੱਚੇ ਨਾਲ ਛੇੜਛਾੜ ਦਾ ਦੋਸ ਲਾ ਕੇ ਉਸ ਦੀ ਕੁੱਟਮਾਰ ਕੀਤੀ। ਮਨਪ੍ਰੀਤ ਨੇ ਦੱਸਿਆ ਕਿ ਖੰਬੜਾ ਵਿੱਚ ਸੜਕ ਤੋਂ ਲੰਘਣ ਸਮੇਂ ਸੜਕ ਪੂਰੀ ਤਰ੍ਹਾਂ ਬੰਦ ਹੋ ਜਾਂਦੀ ਹੈ ਅਤੇ ਉਨ੍ਹਾਂ ਨੂੰ ਭਾਰੀ ਪ੍ਰੇਸਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਔਰਤ ਨੇ ਦੱਸਿਆ ਕਿ ਜਦੋਂ ਉਸ ਦੇ ਭਤੀਜੇ ਨੇ ਸੜਕ ਪਾਰ ਕਰਨ ਦੀ ਇਜਾਜਤ ਮੰਗੀ ਤਾਂ ਉਸ ਨੇ ਉਸ ਨੂੰ ਇਹ ਕਹਿ ਕੇ ਧਮਕਾਇਆ ਕਿ ਉਹ ਉਸ ਨੂੰ ਦੱਸਣ ਵਾਲਾ ਕੌਣ ਹੈ। ਔਰਤ ਦਾ ਦੋਸ ਹੈ ਕਿ ਉਸ ਦੇ ਭਤੀਜੇ ਨੂੰ ਚਰਚ ਦੇ ਬਾਊਂਸਰਾਂ ਨੇ 45 ਸਾਲਾ ਔਰਤ ਨਾਲ ਛੇੜਛਾੜ ਕਰਨ ਦਾ ਦੋਸ ਲਾ ਕੇ ਕੁੱਟਿਆ। ਔਰਤ ਨੇ ਦੱਸਿਆ ਕਿ ਇਸ ਸਥਿਤੀ ਵਿੱਚ ਉਸ ਦਾ ਬੱਚਾ ਸੁਰੱਖਿਅਤ ਹੈ। ਇਕ ਹੋਰ ਔਰਤ ਨੇ ਦੱਸਿਆ ਕਿ ਬੱਚੇ ਨੂੰ ਚਰਚ ਦੇ ਬਾਊਂਸਰਾਂ ਨੇ ਨੰਗਾ ਕਰਕੇ ਕੁੱਟਿਆ। ਔਰਤ ਦਾ ਦੋਸ ਹੈ ਕਿ 30 ਤੋਂ ਵੱਧ ਲੋਕਾਂ ਨੇ ਬੱਚੇ ਨੂੰ ਤੇਜਧਾਰ ਹਥਿਆਰਾਂ ਨਾਲ ਕੁੱਟਿਆ। ਇਸ ਘਟਨਾ 'ਚ ਜਖਮੀ ਹੋਏ ਬੱਚੇ ਨੂੰ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਔਰਤ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਲੋਕ ਵੱਡੀ ਗਿਣਤੀ 'ਚ ਚਰਚ ਤੋਂ ਬਾਹਰ ਆ ਗਏ। ਇਕ ਹੋਰ ਔਰਤ ਨੇ ਕਿਹਾ ਕਿ ਚਰਚ ਦੁਆਰਾ ਭਾੜੇ 'ਤੇ ਰੱਖੇ ਬਾਊਂਸਰਾਂ ਦੁਆਰਾ ਭੰਨਤੋੜ ਬੰਦ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਹ ਘਟਨਾ ਕੱਲ੍ਹ ਦੁਪਹਿਰ 3 ਵਜੇ ਵਾਪਰੀ। ਉਨ੍ਹਾਂ ਦੱਸਿਆ ਕਿ ਬੱਚੇ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ, ਜਿਸ ਕਾਰਨ ਅੱਜ ਔਰਤਾਂ ਨੇ ਚਰਚ ਨੂੰ ਜਾਂਦੀ ਸੜਕ 'ਤੇ ਧਰਨਾ ਦੇ ਕੇ ਰੋਸ ਪ੍ਰਦਰਸਨ ਕੀਤਾ ਅਤੇ ਸੜਕ ਜਾਮ ਕਰ ਦਿੱਤੀ। ਬਾਊਂਸਰਾਂ ਵੱਲੋਂ ਆਪਣੇ ਬੱਚਿਆਂ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਲਈ ਔਰਤਾਂ ਪ੍ਰਸਾਸਨ ਤੋਂ ਇਨਸਾਫ ਦੀ ਗੁਹਾਰ ਲਗਾ ਰਹੀਆਂ ਹਨ। ਮਨਦੀਪ ਸਿੰਘ ਨੇ ਦੱਸਿਆ ਕਿ ਉਸ ਦੇ ਪਿੰਡ ਦੇ ਬੱਚੇ ਦੁਕਾਨ 'ਤੇ ਗਏ ਹੋਏ ਸਨ। ਉੱਥੇ ਦੋ ਹੋਰ ਮੁੰਡੇ-ਕੁੜੀਆਂ ਵੀ ਖੜ੍ਹੇ ਸਨ।



ਇਸ ਦੌਰਾਨ ਬੱਚਿਆਂ ਨੇ ਉਸ ਨੂੰ ਅੱਗੇ ਜਾ ਕੇ ਗੱਲ ਕਰਨ ਲਈ ਕਿਹਾ। ਜਿਸ ਤੋਂ ਬਾਅਦ ਦੂਜੀ ਧਿਰ ਦੇ ਲੋਕਾਂ ਨੇ ਹੰਗਾਮਾ ਸੁਰੂ ਕਰ ਦਿੱਤਾ ਅਤੇ ਬੱਚੇ ਦੀ ਕੁੱਟਮਾਰ ਕੀਤੀ। ਮਨਦੀਪ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਝਗੜਾ ਸੁਲਝਾ ਲਿਆ ਗਿਆ ਸੀ ਪਰ ਬਾਅਦ ਵਿੱਚ ਜਦੋਂ ਬੱਚੇ ਨੇ ਘਰ ਜਾ ਕੇ ਸਾਰੀ ਘਟਨਾ ਬਾਰੇ ਦੱਸਿਆ ਤਾਂ ਝਗੜਾ ਫਿਰ ਭੜਕ ਉੱਠਿਆ। ਉਨ੍ਹਾਂ ਕਿਹਾ ਕਿ ਘਟਨਾ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਕਿ ਹੰਗਾਮਾ ਕਰਨ ਵਾਲੇ ਚਰਚ ਨਾਲ ਸਬੰਧਤ ਸਨ। ਜਿਸ ਤੋਂ ਬਾਅਦ ਕੁਝ ਬਾਊਂਸਰ ਆਏ ਅਤੇ ਬੱਚੇ 'ਤੇ ਹਮਲਾ ਕਰ ਦਿੱਤਾ। ਮਨਦੀਪ ਨੇ ਦੱਸਿਆ ਕਿ ਉਸ 'ਤੇ 100 ਤੋਂ ਵੱਧ ਲੋਕਾਂ ਨੇ ਹਮਲਾ ਕੀਤਾ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਚਰਚ ਦੇ ਮੁਖੀ ਗੌਰਵ ਨਾਲ ਗੱਲਬਾਤ ਕੀਤੀ ਗਈ ਹੈ। ਮਨਦੀਪ ਨੇ ਦੱਸਿਆ ਕਿ ਪ੍ਰਧਾਨ ਗੌਰਵ ਨੇ ਮਾਮਲਾ ਹੱਲ ਕਰਨ ਦਾ ਭਰੋਸਾ ਦਿੱਤਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਮੌਕੇ 'ਤੇ ਪਹੁੰਚੇ ਜਾਂਚ ਅਧਿਕਾਰੀ ਨੇ ਦੱਸਿਆ ਕਿ ਦੋ ਧਿਰਾਂ ਵਿਚਾਲੇ ਹੱਥੋਪਾਈ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਦੌਰਾਨ ਪਰਿਵਾਰ ਨੇ ਬੱਚੇ ਨੂੰ ਘਰ ਦੇ ਬਾਹਰ ਘਸੀਟਦੇ ਹੋਏ ਦੀ ਵੀਡੀਓ ਵਿਖਾਈ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪਰਿਵਾਰ ਵੱਲੋਂ ਹਮਲਾਵਰਾਂ ਦੀ ਸਨਾਖਤ ਕਰਨ ਤੋਂ ਬਾਅਦ ਉਕਤ ਵਿਅਕਤੀਆਂ ਨੂੰ ਕਾਬੂ ਕਰ ਲਿਆ ਜਾਵੇਗਾ। ਚਰਚ ਦੀ ਸੁਰੱਖਿਆ ਬਾਰੇ ਜਾਂਚ ਅਧਿਕਾਰੀ ਨੇ ਕਿਹਾ ਕਿ ਉਸ ਮਾਮਲੇ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

## ਰੋਟੀ ਖਾਂਦੇ ਘਰਵਾਲੇ ਨੂੰ ਆ ਗਈ 'ਉਹ ਗੱਲ' ਯਾਦ, ਬੱਸ ਫਿਰ ਚੁੱਕੀ ਗੰਢਾਸੀ ਤੇ ਕਰ 'ਤਾ ਕਾਂਡ

**ਕਿਸ਼ਨ ਪਾਲ**

ਬਰੇਲੀ 25 ਨਵੰਬਰ। ਯੂਪੀ ਦੇ ਬਰੇਲੀ ਤੋਂ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਔਰਤ ਰਾਤ ਨੂੰ ਰੋਟੀਆਂ ਪਕਾ ਕੇ ਆਪਣੇ ਪਤੀ ਨੂੰ ਖੁਆ ਰਹੀ ਸੀ। ਉਹ ਵੀ ਚਾਅ ਨਾਲ ਖਾ ਰਿਹਾ ਸੀ ਪਰ ਅਚਾਨਕ ਉਸ ਦੇ ਦਿਮਾਗ ਵਿੱਚ ਪਤਾ ਨਹੀਂ ਕੀ ਆਇਆ ਕਿ ਉਸ ਨੇ ਰੋਟੀਆਂ ਬਣਾ ਰਹੀ ਪਤਨੀ 'ਤੇ ਅਚਾਨਕ ਹਮਲਾ ਕਰ ਦਿੱਤਾ। ਰੌਲਾ ਸੁਣ ਕੇ ਆਸਪਾਸ ਦੇ ਲੋਕ ਇਕੱਠੇ ਹੋ ਗਏ ਅਤੇ ਹਾਲਾਤ ਦੇਖ ਕੇ ਹੈਰਾਨ ਰਹਿ ਗਏ। ਪਰਿਵਾਰਕ ਮੈਂਬਰਾਂ ਨੇ ਤੁਰੰਤ ਪਤੀ ਨੂੰ ਫੜ ਲਿਆ ਅਤੇ ਪੁਲਸ ਨੂੰ ਸੂਚਨਾ ਦਿੱਤੀ। ਪੁਲਸ ਨੇ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁੱਛਗਿੱਛ ਦੌਰਾਨ ਘਟਨਾ ਦਾ ਕਾਰਨ ਵੀ ਸਾਹਮਣੇ ਆਇਆ। ਆਓ ਜਾਣਦੇ ਹਾਂ ਕਿ ਕੀ ਸੀ ਪੂਰਾ ਮਾਮਲਾ- ਇਹ ਸਨਸਨੀਖੇਜ ਹੈਰਾਨ ਕਰਨ ਵਾਲੀ ਘਟਨਾ ਬਰੇਲੀ ਜਿ਼ਲ੍ਹੇ ਦੇ ਭੂਟਾ ਥਾਣਾ ਖੇਤਰ ਦੇ ਪਿੰਡ ਅੰਗਦਪੁਰ ਖਮਾਰੀਆ 'ਚ ਵਾਪਰੀ ਹੈ। ਇੱਥੋਂ ਦਾ ਰਹਿਣ ਵਾਲਾ ਰਮੇਸ ਚੰਦਰ ਆਪਣੀ ਪਤਨੀ ਰਾਜੇਸਵਰੀ ਦੇਵੀ ਦੇ ਚਰਿੱਤਰ 'ਤੇ ਸ਼ੱਕ ਕਰਦਾ ਸੀ। ਰਾਜੇਸਵਰੀ ਅਤੇ ਰਮੇਸ ਚੰਦਰ ਦੇ ਪੰਜ ਬੱਚੇ ਹਨ। ਰਮੇਸ ਚੰਦਰ ਨੂੰ ਅਕਸਰ ਸ਼ੱਕ ਰਹਿੰਦਾ ਸੀ



ਕਿ ਇਹ ਬੱਚੇ ਉਸ ਦੇ ਨਹੀਂ ਹਨ ਅਤੇ ਇਸ ਗੱਲ ਨੂੰ ਲੈ ਕੇ ਦੋਵਾਂ ਵਿਚਾਲੇ ਲੜਾਈ-ਝਗੜਾ ਹੁੰਦਾ ਰਹਿੰਦਾ ਸੀ ਪਰ ਇੱਕ-ਦੋ ਘੰਟੇ ਬਾਅਦ ਦੋਹਾਂ ਦੀ ਸੁਲ੍ਹਾ ਵੀ ਹੋ ਜਾਂਦੀ ਸੀ ਤੇ ਫਿਰ ਦੋਵੇਂ ਆਪਣੇ ਆਪਣੇ ਕੰਮ ਵਿੱਚ ਲੱਗ ਜਾਂਦੇ ਸਨ। ਬੀਤੀ ਰਾਤ ਵੀ ਰਾਜੇਸਵਰੀ ਆਪਣੇ ਪਤੀ ਅਤੇ ਬੱਚਿਆਂ ਲਈ ਚੁੱਲ੍ਹੇ 'ਤੇ ਖਾਣਾ ਬਣਾ ਰਹੀ ਸੀ ਅਤੇ ਕੋਲ ਬੈਠੇ ਆਪਣੇ ਪਤੀ ਨੂੰ ਖੁਆ ਰਹੀ ਸੀ। ਅਚਾਨਕ ਦੋਵਾਂ ਵਿਚਾਲੇ ਫਿਰ ਤੋਂ ਬਹਿਸ ਸੁਰੂ ਹੋ ਗਈ। ਪਤੀ ਰਮੇਸ ਚੰਦਰ ਨੇ ਗੁੱਸੇ 'ਚ ਆ ਕੇ ਨੇੜੇ ਪਈ ਗੰਢਾਸੀ ਚੁੱਕ ਕੇ ਰਾਜੇਸਵਰੀ ਦੇ ਸਿਰ 'ਤੇ ਕਈ ਵਾਰ ਕੀਤੇ। ਜਿਸ ਕਾਰਨ ਉਸ ਦੀ ਮੌਕੇ ਉਤੇ ਹੀ ਮੌਤ ਹੋ ਗਈ। ਰਾਜੇਸਵਰੀ ਦੀਆਂ ਚੀਕਾਂ ਸੁਣ ਕੇ ਪਰਿਵਾਰਕ ਮੈਂਬਰ ਦੌੜੇ। ਰਾਜੇਸਵਰੀ ਦੀ ਹਾਲਤ ਦੇਖ ਕੇ ਉਨ੍ਹਾਂ ਨੇ ਤੁਰੰਤ ਰਮੇਸ ਚੰਦਰ ਨੂੰ ਫੜ ਲਿਆ ਅਤੇ ਪੁਲਸ ਨੂੰ ਸੂਚਨਾ ਦਿੱਤੀ।ਐਸਪੀ ਉੱਤਰੀ ਮੁਕੇਸ ਚੰਦਰ ਮਿਸਰਾ ਨੇ ਦੱਸਿਆ ਕਿ ਘਟਨਾ ਦੇ ਸਮੇਂ ਰਾਜੇਸਵਰੀ ਚੁੱਲ੍ਹੇ 'ਤੇ ਰੋਟੀਆਂ ਬਣਾ ਰਹੀ ਸੀ। ਦੋਵੇਂ ਹੱਥ ਆਟੇ ਨਾਲ ਭਰੇ ਹੋਏ ਸਨ ਅਤੇ ਇੱਕ ਹੱਥ ਵਿੱਚ ਰੋਟੀ ਦਾ ਆਟਾ ਦਬਾਇਆ ਹੋਇਆ ਸੀ। ਫਿਲਹਾਲ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ ਨੂੰ ਕਬਜੇ 'ਚ ਲੈ ਕੇ ਦੋਸੀ ਪਤੀ ਰਮੇਸ ਚੰਦਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਸ ਨੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ।

## ਯਮੁਨਾ ਐਕਸਪ੍ਰੈਸ ਵੇਅ 'ਤੇ ਬੱਸ-ਟਰੱਕ ਦੀ ਭਿਆਨਕ ਟੱਕਰ, 5 ਦੀ ਮੌਤ

ਅਲੀਗੜ੍ਹ (ਯੂ.ਪੀ.) 25 ਨਵੰਬਰ। ਉੱਤਰ ਪ੍ਰਦੇਸ ਦੇ ਅਲੀਗੜ੍ਹ 'ਚ ਯਮੁਨਾ ਐਕਸਪ੍ਰੈਸ ਵੇਅ 'ਤੇ ਇਕ ਨਿੱਜੀ ਬੱਸ ਅਤੇ ਟਰੱਕ ਵਿਚਾਲੇ ਜਬਰਦਸਤ ਟੱਕਰ ਹੋ ਜਾਣ ਦੀ ਸੂਚਨਾ ਮਿਲੀ ਹੈ। ਇਸ ਹਾਦਸੇ ਵਿਚ 5 ਲੋਕਾਂ ਦੀ ਮੌਤ ਹੋ ਗਈ, ਜਦਕਿ 16 ਹੋਰ ਲੋਕ ਜਖਮੀ ਹੋ ਗਏ। ਪੁਲਸ ਨੇ ਇਸ ਘਟਨਾ ਸਬੰਧੀ ਜਾਣਕਾਰੀ ਦਿੱਤੀ ਹੈ। ਟਪਲ ਥਾਣੇ ਦੇ ਇੰਚਾਰਜ ਇੰਸਪੈਕਟਰ ਸਿ਼ਸ਼ੂਪਾਲ ਵਰਮਾ ਨੇ ਵੀਰਵਾਰ ਨੂੰ ਦੱਸਿਆ ਕਿ 20/25 ਨਵੰਬਰ ਦੀ ਰਾਤ ਨੂੰ ਕਰੀਬ 1 ਵਜੇ ਤਪਲ ਖੇਤਰ 'ਚ ਯਮੁਨਾ ਐਕਸਪ੍ਰੈਸ ਵੇਅ 'ਤੇ ਦਿੱਲੀ ਤੋਂ ਆਜਮਗੜ੍ਹ ਜਾ ਰਹੀ ਇਕ ਡਬਲ ਡੈਕਰ ਬੱਸ ਦੀ ਇਕ ਟਰੱਕ ਨਾਲ ਟੱਕਰ ਹੋ ਗਈ। ਉਨ੍ਹਾਂ



ਦੱਸਿਆ ਕਿ ਇਸ ਭਿਆਨਕ ਹਾਦਸੇ ਵਿੱਚ 21 ਯਾਤਰੀ ਗੰਭੀਰ ਰੂਪ ਵਿੱਚ ਜਖਮੀ ਹੋ ਗਏ। ਉਨ੍ਹਾਂ ਨੂੰ ਜੇਵਰ, ਨੋਇਡਾ ਦੇ ਨੇੜਲੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਪਾਰੁਲ ਗਿਰੀ (26), ਹੰਸਮੁਖ (37), ਆਰਵ (ਅੱਠ ਮਹੀਨੇ) ਅਤੇ ਦੋ ਅਣਪਛਾਤੇ ਵਿਅਕਤੀਆਂ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਹਾਦਸੇ 'ਚ ਜਖਮੀ ਹੋਏ 15 ਹੋਰ ਲੋਕਾਂ ਦਾ ਜੇਵਰ ਦੇ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਇਕ ਹੋਰ ਜਖਮੀ ਵਿਅਕਤੀ ਨੂੰ ਉਸ ਦੇ ਪਰਿਵਾਰ ਦੀ ਬੇਨਤੀ 'ਤੇ ਆਗਰਾ ਦੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਇਕ ਜਖਮੀ ਯਾਤਰੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬੱਸ ਦਿੱਲੀ ਦੇ ਕਸਮੀਰੀ ਗੇਟ ਤੋਂ ਪੂਰਬੀ ਉੱਤਰ ਪ੍ਰਦੇਸ ਦੇ ਆਜਮਗੜ੍ਹ ਜਾ ਰਹੀ ਸੀ। ਉਸ ਨੇ ਦੱਸਿਆ ਕਿ ਟੱਕਰ ਮਾਰਨ ਵਾਲਾ ਟਰੱਕ ਕੱਚ ਦੀਆਂ ਚੀਜਾਂ ਨਾਲ ਭਰਿਆ ਹੋਇਆ ਸੀ। ਪੁਲਸ ਸੂਤਰਾਂ ਨੇ ਦੱਸਿਆ ਕਿ ਇਸ ਮਾਮਲੇ 'ਚ ਕਾਨੂੰਨੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ। ਘਟਨਾ ਤੋਂ ਤੁਰੰਤ ਬਾਅਦ ਯਮੁਨਾ ਐਕਸਪ੍ਰੈਸ ਵੇਅ 'ਤੇ ਆਵਾਜਾਈ ਬਹਾਲ ਕਰ ਦਿੱਤੀ ਗਈ।

## ਭਿਆਨਕ ਹਾਦਸੇ 'ਚ ਜੀਜੇ-ਸਾਲੇ ਸਮੇਤ 3 ਦੀ ਮੌਤ, ਘਰ 'ਚ ਪਸਰਿਆ ਮਾਤਮ

ਗੋਹਾਨਾ 25 ਨਵੰਬਰ। ਹਰਿਆਣਾ ਵਿਚ ਇਕ ਭਿਆਨਕ ਸੜਕ ਹਾਦਸਾ ਵਾਪਰ ਗਿਆ, ਜਿਸ ਕਾਰਨ ਬਾਈਕ 'ਤੇ ਸਵਾਰ ਹੋ ਕੇ ਜਾ ਰਹੇ ਤਿੰਨ ਨੌਜਵਾਨਾਂ ਨੂੰ ਤੇਜ ਰਫਤਾਰ ਟਰੱਕ ਨੇ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜਬਰਦਸਤ ਸੀ ਕਿ ਤਿੰਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੂਚਨਾ ਮਿਲਦੇ ਹੀ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਨਾਗਰਿਕ ਹਸਪਤਾਲ ਗੋਹਾਨਾ ਭੇਜ ਦਿੱਤਾ। ਇਹ ਹਾਦਸਾ ਪਾਨੀਪਤ ਤੋਂ ਰੋਹਤਕ ਜਾਂਦੇ ਨੈਸ਼ਨਲ ਹਾਈਵੇਅ ਦੇ ਬਾਈਪਾਸ 'ਤੇ ਦੇਰ ਰਾਤ ਵਾਪਰਿਆ। ਮ੍ਰਿਤਕਾਂ ਦੀ ਪਛਾਣ ਰਵਿੰਦਰ ਵਾਸੀ ਗੜ੍ਹੀ ਸਰਾਏ ਗੋਹਾਨਾ, ਮੋਹਿਤ ਵਾਸੀ ਗਨੌਰ ਅਤੇ ਸੰਨੀ ਵਾਸੀ ਬਿਹਾਰ ਵਜੋਂ ਹੋਈ ਹੈ। ਮੋਹਿਤ ਅਤੇ ਰਵਿੰਦਰ ਆਪਸ 'ਚ ਜੀਜਾ ਅਤੇ ਸਾਲੇ ਸਨ, ਜਦਕਿ ਸੰਨੀ ਗੋਹਾਨਾ 'ਚ ਮਜਦੂਰੀ ਕਰਨ ਆਇਆ ਸੀ ਅਤੇ ਹਾਲ ਹੀ 'ਚ ਗੜ੍ਹੀ ਸਰਾਏ 'ਚ ਰਹਿ ਰਿਹਾ ਸੀ। ਰਵਿੰਦਰ ਦੇ ਛੋਟੇ ਭਰਾ ਦਾ ਅੱਜ ਵਿਆਹ ਸੀ ਅਤੇ ਉਹ ਰਾਤ ਨੂੰ ਆਪਣੇ ਜੀਜਾ ਮੋਹਿਤ ਨਾਲ ਖਾਣਾ ਖਾਣ ਜਾ ਰਿਹਾ ਸੀ ਕਿ ਜਿਵੇਂ ਹੀ ਉਹ ਬਾਈਪਾਸ 'ਤੇ ਮੋੜ 'ਤੇ ਚੜ੍ਹੇ ਤਾਂ ਇਕ ਤੇਜ ਰਫਤਾਰ ਟਰੱਕ ਨੇ ਉਸ ਨੂੰ ਟੱਕਰ ਮਾਰ ਦਿੱਤੀ। ਜਿਸ ਕਾਰਨ ਤਿੰਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਜਲੰਧਰ ਦੇ ਮੋਹਿਤ ਦੁੱਗ ਨੇ ਅਮਰੀਕਾ 'ਚ ਕਰਵਾਈ ਬੱਲੇ-ਬੱਲੇ, ਜਿੱਤਿਆ ਸਿਲਵਰ ਮੈਡਲ

**ਏਜੰਸੀਆਂ**

ਜਲੰਧਰ 25 ਨਵੰਬਰ। ਪੁਡਾ ਦੇ ਜੂਨੀਅਰ ਇੰਜੀਨੀਅਰ ਅਤੇ ਮਾਹਰ ਪਾਵਰਲਿਫਟਰ ਮੋਹਿਤ ਦੁੱਗ ਨੇ ਇਕ ਵਾਰ ਫਿਰ ਜਲੰਧਰ ਅਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਨੇ ਵਰਲਡ ਪਾਵਰਲਿਫਟਿੰਗ ਚੈਂਪਿਅਨਸ਼ਿਪ 2024 ਵਿੱਚ ਸਿਲਵਰ ਮੈਡਲ ਜਿੱਤ ਕੇ ਦੇਸ ਨੂੰ ਮਾਣ ਮਹਿਸੂਸ ਕਰਵਾਇਆ। ਇਹ ਚੈਂਪਿਅਨਸ਼ਿਪ 14 ਤੋਂ 17 ਨਵੰਬਰ 2024 ਤੱਕ ਸ਼ਿਕਾਗੋ, ਅਮਰੀਕਾ ਵਿੱਚ ਹੋਈ, ਜਿਸ ਵਿੱਚ ਅਮਰੀਕਾ, ਕੈਨੇਡਾ, ਆਸਟ੍ਰੇਲੀਆ ਅਤੇ ਇੰਗਲੈਂਡ ਸਮੇਤ 18 ਦੇਸਾਂ ਦੇ ਸਿਖਰ ਦੇ ਐਥਲੀਟਾਂ ਨੇ ਹਿੱਸਾ ਲਿਆ। 83 ਕਿਲੋ ਦੀ ਭਾਰ ਵਰਗ ਵਿੱਚ ਮੁਕਾਬਲਾ ਕਰਦਿਆਂ ਮੋਹਿਤ ਨੇ 165 ਕਿਲੋ ਦੀ ਸ਼ਾਨਦਾਰ ਬੈਂਚ ਪ੍ਰੈਸ ਨਾਲ ਦੂਜਾ ਸਥਾਨ ਹਾਸਲ ਕੀਤਾ। ਇਹ ਉਨ੍ਹਾਂ ਦੀ ਪੱਕੀ ਸਮਰਪਣ ਅਤੇ ਕੌਸ਼ਲ ਦਾ ਸਬੂਤ ਹੈ। ਲਗਾਤਾਰ ਦੂਜੀ ਵਾਰ ਵਰਲਡ ਚੈਂਪਿਅਨਸ਼ਿਪ ਵਿੱਚ ਆਪਣੀ ਜਗ੍ਹਾ ਬਣਾਉਣਾ ਉਨ੍ਹਾਂ ਲਈ ਇਕ ਹੋਰ ਵੱਡਾ ਕਦਮ ਹੈ। ਇਸ ਤੋਂ ਪਹਿਲਾਂ 2023 ਵਿੱਚ ਮੋਹਿਤ ਨੇ ਮੈਨਚੇਸਟਰ, ਇੰਗਲੈਂਡ ਵਿੱਚ ਸੋਨੇ ਦਾ ਮੈਡਲ ਜਿੱਤ ਕੇ ਵਰਲਡ ਚੈਂਪਿਅਨ ਬਣਨ ਦਾ ਗੌਰਵ ਪ੍ਰਾਪਤ ਕੀਤਾ ਸੀ। 2013 ਵਿੱਚ ਆਪਣੀ ਫਿਟਨੈੱਸ ਯਾਤਰਾ ਸ਼ੁਰੂ ਕਰਨ ਵਾਲੇ ਮੋਹਿਤ ਨੇ



ਪਰਸਨਲ ਟ੍ਰੇਨਰ, ਸਪਲੀਮੈਂਟੇਸ਼ਨ ਕੋਚ ਅਤੇ ਨਿਊਟ੍ਰਿਸ਼ਨ ਕੋਚ ਵਜੋਂ ਪ੍ਰਮਾਣ ਪੱਤਰ ਪ੍ਰਾਪਤ ਕੀਤਾ ਹੈ। ਉਹ 50 ਤੋਂ ਵੱਧ ਵਿਦਿਆਰਥੀਆਂ ਨੂੰ ਮੁਫਤ ਆਨਲਾਈਨ ਕੋਚਿੰਗ ਪ੍ਰਦਾਨ ਕਰਦੇ ਹਨ। ਉਨ੍ਹਾਂ ਦਾ ਮਕਸਦ ਦੇਸ ਦੇ ਨੌਜਵਾਨਾਂ ਨੂੰ ਸਿਹਤਮੰਦ ਅਤੇ ਮਜਬੂਤ ਬਣਾਉਣਾ ਹੈ। ਮੋਹਿਤ ਦੀ ਪਾਵਰਲਿਫਟਿੰਗ ਯਾਤਰਾ ਦਸੰਬਰ 2022 ਵਿੱਚ ਅੰਬਾਲਾ ਵਿੱਚ ਹੋਈ ਪਹਿਲੀ ਮੁਕਾਬਲੇ ਤੋਂ ਸੁਰੂ ਹੋਈ, ਜਿੱਥੇ ਉਨ੍ਹਾਂ ਨੇ ਕਾਂਸੀ ਦਾ ਮੈਡਲ ਜਿੱਤਿਆ। ਇਸ ਤੋਂ ਬਾਅਦ ਉਨ੍ਹਾਂ ਨੇ ਰਾਸਟਰੀ ਅਤੇ ਅੰਤਰਰਾਸਟਰੀ ਪੱਧਰ 'ਤੇ ਕਈ ਮੈਡਲ ਜਿੱਤੇ। ਪੇਸ਼ੇਵਰ ਜਿ਼ਦਗੀ ਅਤੇ ਐਥਲੈਟਿਕ ਕੋਸਿ਼ਸਾਂ ਦਾ ਸੰਤੁਲਨ ਬਣਾਉਂਦੇ ਹੋਏ ਮੋਹਿਤ ਮਕਸੂਦਾਂ ਵਿੱਚ ਆਪਣੇ ਫਿਟ ਲਾਈਫ ਜਿਮ ਵਿੱਚ ਨਵੇਂ ਐਥਲੀਟਾਂ ਨੂੰ ਪ੍ਰਸਿ਼ਕਸਿ਼ਤ ਕਰਦੇ ਹਨ। ਆਪਣੀ ਸਫਲਤਾ 'ਤੇ ਵਿਚਾਰ ਕਰਦੇ ਹੋਏ, ਉਨ੍ਹਾਂ ਨੇ ਆਪਣੇ ਮਾਤਾ-ਪਿਤਾ ਦਾ ਆਸ਼ੀਰਵਾਦ ਅਤੇ ਰੋਜਾਨਾ ਜਿ਼ੰਦਗੀ ਵਿੱਚ ਫਿਟਨੈਸ ਨੂੰ ਸਾਮਲ ਕਰਨ ਦੀ ਮਹੱਤਤਾ 'ਤੇ ਜੋਰ ਦਿੱਤਾ। ਮੋਹਿਤ ਨੇ ਕਿਹਾ ਕਿ ਸਿਹਤ ਅਤੇ ਫਿਟਨੈੱਸ ਹਰ ਕਿਸੇ ਲਈ ਬਹੁਤ ਜਰੂਰੀ ਹੈ। ਮੈਨੂੰ ਖੁਸ਼ੀ ਹੈ ਕਿ ਮੇਰੀ ਯਾਤਰਾ ਹੋਰਾਂ ਨੂੰ ਪ੍ਰੇਰਿਤ ਕਰ ਰਹੀ ਹੈ। ਮੋਹਿਤ ਦੀਆਂ ਪ੍ਰਾਪਤੀਆਂ ਅਤੇ ਉਨ੍ਹਾਂ ਦਾ ਜਜਬਾ ਨੌਜਵਾਨਾਂ ਨੂੰ ਪ੍ਰੇਰਿਤ ਕਰਦਾ ਹੈ। ਇਹ ਦਰਸਾਉਂਦਾ ਹੈ ਕਿ ਸਮਰਪਣ ਅਤੇ ਮਿਹਨਤ ਨਾਲ ਹਰ ਚੁਣੌਤੀ ਨੂੰ ਪਾਰ ਕੀਤਾ ਜਾ ਸਕਦਾ ਹੈ।

# ਹੋ ਜਾਓ ਸਾਵਧਾਨ ! ਮਰਨ ਤੋਂ ਬਾਅਦ ਵੀ ਨਹੀਂ ਮਿੱਟਦੇ ਸਮੋਕਿੰਗ ਦੇ ਨਿਸ਼ਾਨ

**ਏਜੰਸੀਆਂ**

ਜਲੰਧਰ 25 ਨਵੰਬਰ। ਹਾਲ ਹੀ 'ਚ ਚੇਨ ਸਮੋਕਰ ਸਾਹਰੁਖ ਖਾਨ ਨੇ ਆਪਣੇ 59ਵੇਂ ਜਨਮ ਦਿਨ 'ਤੇ ਸਿਗਰਟ ਪੀਣੀ ਛੱਡ ਦਿੱਤੀ ਅਤੇ ਕਿਹਾ ਕਿ ਮੈਨੂੰ ਲੱਗਾ ਕਿ ਸਿਗਰਟ ਛੱਡਣ ਤੋਂ ਬਾਅਦ ਮੈਨੂੰ ਸਾਹ ਲੈਣ 'ਚ ਤਕਲੀਫ ਨਹੀਂ ਹੋਵੇਗੀ। ਸਪੱਸਟ ਹੈ ਕਿ ਸਿਗਰਟਨੋਸੀ ਨਾਲ ਜਦੋਂ ਸਰੀਰ ਨੂੰ ਨੁਕਸਾਨ ਹੋ ਰਿਹਾ ਹੋਵੇ ਤਾਂ ਇਸ ਨੂੰ ਛੱਡਣਾ ਹੀ ਬਿਹਤਰ ਹੈ। ਪਿਛਲੇ ਕੁਝ ਦਹਾਕਿਆਂ 'ਚ ਹਜਾਰਾਂ ਅਜਿਹੀਆਂ ਖੋਜਾਂ ਸਾਹਮਣੇ ਆਈਆਂ ਹਨ, ਜਿਨ੍ਹਾਂ 'ਚ ਕਿਹਾ ਗਿਆ ਹੈ ਕਿ ਤੰਬਾਕੂ ਦਾ ਸੇਵਨ ਵਿਅਕਤੀ ਨੂੰ ਮੌਤ ਦੇ ਬੂਹੇ 'ਤੇ ਲੈ ਜਾਂਦਾ ਹੈ ਪਰ ਤੰਬਾਕੂ 'ਤੇ ਹੋਈ ਤਾਜਾ ਖੋਜ 'ਚ ਕਿਹਾ ਗਿਆ ਹੈ ਕਿ ਇਹ ਮਨੁੱਖੀ ਹੱਡੀਆਂ ਦੀ ਬਣਤਰ ਨੂੰ ਵੀ ਬਦਲ ਦਿੰਦਾ ਹੈ। ਦੰਦਾਂ 'ਤੇ ਤੰਬਾਕੂ ਦੇ ਨਿਸਾਨ ਮੌਤ ਤੋਂ ਸਦੀਆਂ ਬਾਅਦ ਵੀ ਬਣੇ ਰਹਿੰਦੇ ਹਨ। ਇਹ ਖੋਜ ਬ੍ਰਿਟੇਨ ਵਿਚ 17ਵੀਂ ਅਤੇ 18ਵੀਂ ਸਦੀ ਦੇ ਮਨੁੱਖੀ ਪਿੰਜਰਾਂ 'ਤੇ ਕੀਤੀ ਗਈ ਹੈ। ਇਤਿਹਾਸ ਦੇ ਪੰਨਿਆਂ ਅਨੁਸਾਰ ਬ੍ਰਿਟੇਨ ਵਿਚ ਪਾਈਪ ਸਮੋਕਿੰਗ ਦਾ ਰੁਝਾਨ ਇੰਨਾ ਜਿ਼ਆਦਾ ਸੀ ਕਿ ਸਾਲ 1700 ਵਿਚ 1 ਕਰੋੜ 70 ਲੱਖ ਕਿਲੋਗ੍ਰਾਮ ਤੰਬਾਕੂ ਦੀ ਦਰਾਮਦ ਕੀਤੀ ਗਈ ਸੀ। ਉਸ ਸਮੇਂ ਇਹ ਦੇਸ ਦੇ ਹਰ ਵਿਅਕਤੀ ਲਈ ਹਰ ਦਿਨ ਇਕ ਪਾਈਪ ਪੀਣਾ ਕਾਫੀ ਸੀ। ਮਨੁੱਖੀ ਪਿੰਜਰਾਂ 'ਤੇ ਕੀਤੀ ਗਈ ਇਹ ਖੋਜ ਅੰਤਰਰਾਸਟਰੀ ਜਰਨਲ ਸਾਇੰਸ ਐਡਵਾਂਸ ਵਿਚ ਪ੍ਰਕਾਸਿ਼ਤ ਹੋਈ ਹੈ। ਖੋਜਕਾਰਾਂ ਦੇ ਅਧਿਐਨ ਦੌਰਾਨ 1700 ਤੋਂ 1855 ਦੇ ਵਿਚਾਲੇ ਇੰਗਲੈਂਡ ਵਿਚ ਮਰਨ ਵਾਲੇ ਸੈਂਕੜੇ ਲੋਕਾਂ 'ਚ ਸਿਗਰਟਨੋਸੀ ਕਰਨ ਵਾਲਿਆਂ ਅਤੇ ਨਾ ਕਰਨ ਵਾਲਿਆਂ ਦੀ ਪਛਾਣ ਕਰਨ ਦੇ ਯੋਗ ਸਨ। ਉਨ੍ਹਾਂ ਨੇ ਉਸ ਦੌਰਾਨ ਦੇ ਮਨੁੱਖੀ ਪਿੰਜਰਾਂ 'ਚ ਹੋ ਚੁੱਕੀਆਂ ਰਸਾਇਣਕ ਪ੍ਰਕਿਰਿਆਵਾਂ ਤੋਂ ਬਾਅਦ ਹੱਡੀਆਂ 'ਚ ਬਚੇ ਅਣੂਆਂ ਦਾ ਵਿਸਲੇਸਣ ਕੀਤਾ। ਖੋਜ 'ਚ ਕਿਹਾ ਗਿਆ ਹੈ ਕਿ ਕੁਝ ਸਿਗਰਟਨੋਸੀ ਕਰਨ ਵਾਲਿਆਂ ਨੂੰ ਪੁਰਾਤੱਤਵ ਤੌਰ 'ਤੇ ਪਛਾਣਨਾ ਆਸਾਨ ਹੁੰਦਾ ਹੈ। ਉਦਾਹਰਣ ਲਈ ਵਿਕਟੋਰੀਅਨ ਯੁੱਗ ਯਾਨੀ ਲੱਗਭਗ 1830 ਤੋਂ 1900 ਤੱਕ ਇੰਗਲੈਂਡ ਵਿਚ ਉਦਯੋਗਿਕ ਤੌਰ 'ਤੇ ਤਿਆਰ ਕੀਤੀਆਂ ਗਈਆਂ ਮਿੱਟੀ ਦੀਆਂ ਪਾਈਪਾਂ ਕਾਰਨ ਸਿਗਰਟਨੋਸ਼ੀ ਕਰਨ ਵਾਲਿਆਂ ਦੇ ਦਿੰਦਾਂ 'ਚ ਵਿਸ਼ੇਸ਼ ਖਾਂਚੇ ਬਣਦੇ ਸਨ। ਖੋਜਕਰਤਾ ਪਿਛਲੀਆਂ ਸਦੀਆਂ ਵਿਚ ਸਿਹਤ 'ਤੇ ਤੰਬਾਕੂ ਦੇ ਪ੍ਰਭਾਵਾਂ ਨੂੰ ਬਿਹਤਰ ਢੰਗ ਨਾਲ ਸਮਝਣ ਲਈ ਸਿਗਰਟਨੋਸੀ ਕਰਨ ਵਾਲਿਆਂ ਦੀ ਪਛਾਣ ਕਰਨ ਦਾ ਇਕ ਹੋਰ ਤਰੀਕਾ ਚਾਹੁੰਦੇ ਸਨ, ਇਸ ਲਈ ਉਨ੍ਹਾਂ ਨੇ ਮਨੁੱਖੀ ਪਿੰਜਰ ਵਿਚ ਮੈਟਾਬੋਲਿਜਮ (ਸਰੀਰ ਵਿਚ ਹੋਣ ਵਾਲੀਆਂ ਰਸਾਇਣਕ ਪ੍ਰਕਿਰਿਆਵਾਂ) ਦਾ ਵਿਸਲੇਸਣ ਕੀਤਾ। ਇਹ ਆਧੁਨਿਕ ਦਵਾਈ ਵਿਚ ਇਕ ਆਮ ਸਾਧਨ ਹੈ ਜੋ ਖਾਸ ਬੀਮਾਰੀਆਂ ਜਾਂ ਨਸੀਲੇ ਪਦਾਰਥਾਂ ਦੀ ਵਰਤੋਂ ਦੀ ਪਛਾਣ ਕਰਨ ਵਿਚ ਮਦਦ ਕਰ ਸਕਦਾ ਹੈ। ਲੀਸੈਸਟਰ ਯੂਨੀਵਰਸਿਟੀ ਦੀ ਪੁਰਾਤੱਤਵ ਵਿਗਿਆਨੀ ਅਤੇ ਇਸ ਨਵੇਂ ਅਧਿਐਨ ਦੀ ਸਹਿ-ਲੇਖਿਕਾ ਸਾਰਾ ਇੰਸਕਿਪ ਦਾ ਕਹਿਣਾ ਹੈ ਕਿ ਲੰਬੇ ਸਮੇਂ ਤੋਂ ਮਰੇ ਹੋਏ ਲੋਕਾਂ ਵਿਚ ਪਾਚਕ ਤਬਦੀਲੀਆਂ ਨੂੰ ਚਾਰਟ ਕਰਨਾ ਚੁਣੌਤੀਪੂਰਨ ਹੈ ਕਿਉਂਕਿ ਪਿੰਜਰ ਵਿਚ ਆਮ ਤੌਰ 'ਤੇ ਸਿਰਫ ਹੱਡੀਆਂ ਬਚੀਆਂ ਹੁੰਦੀਆਂ ਹਨ। ਉਸ ਦਾ ਕਹਿਣਾ ਹੈ ਕਿ ਕੁਝ ਅਧਿਐਨਾਂ ਨੇ ਆਧੁਨਿਕ ਲੋਕਾਂ ਵਿਚ ਹੱਡੀਆਂ ਵਿਚ ਪਾਚਕ ਤਬਦੀਲੀਆਂ ਦੀ ਰਿਪੋਰਟ ਕੀਤੀ ਹੈ ਪਰ ਸਕ੍ਰੀਨਿੰਗ ਲਈ ਜੀਵਿਤ ਲੋਕਾਂ ਤੋਂ ਹੱਡੀਆਂ ਦੇ ਨਮੂਨੇ ਲੈਣਾ ਬਹੁਤ ਮੁਸਕਲ ਹੈ। ਇਹ ਅਧਿਐਨ ਹੱਡੀਆਂ ਦੇ ਨਮੂਨਿਆਂ 'ਤੇ ਪਾਚਕ ਤਕਨੀਕਾਂ ਨੂੰ ਲਾਗੂ ਕਰਨ ਵਾਲੇ ਪਹਿਲੇ ਅਧਿਐਨਾਂ 'ਚੋਂ ਇਕ ਹੈ ਅਤੇ ਲੇਖਿਕਾ ਨੇ ਦਲੀਲ ਦਿੱਤੀ ਹੈ ਕਿ ਇਹ ਕਈ ਹੋਰ ਪੁਰਾਣੇ ਵਿਵਹਾਰਾਂ ਜਾਂ ਬੀਮਾਰੀਆਂ, ਜਿਵੇਂ ਕਿ ਤਪਦਿਕ ਜਾਂ ਨਸੀਲੇ ਪਦਾਰਥਾਂ ਦੀ ਵਰਤੋਂ ਦੇ ਰਸਾਇਣਕ ਨਿਸਾਨਾਂ ਦੀ ਪਛਾਣ ਕਰਨ ਲਈ ਦਰਵਾਜਾ ਖੋਲ੍ਹ ਸਕਦਾ ਹੈ। ਪੱਛਮੀ



ਯੂਰਪ ਵਿਚ ਤੰਬਾਕੂ ਦੀ ਸੁਰੂਆਤ ਤੋਂ ਪਹਿਲਾਂ ਅਤੇ ਬਾਅਦ ਵਿਚ ਮਨੁੱਖੀ ਹੱਡੀਆਂ ਦਾ ਅਧਿਐਨ ਕਰਕੇ ਖੋਜਕਾਰਾਂ ਨੇ ਪਾਇਆ ਹੈ ਕਿ ਤੰਬਾਕੂ ਦੇ ਆਮ ਹੋਣ ਤੋਂ ਬਾਅਦ ਪੱਛਮੀ ਯੂਰਪੀਅਨ ਲੋਕਾਂ ਦੀਆਂ ਹੱਡੀਆਂ ਵਿਚ ਮਹੱਤਵਪੂਰਨ ਤਬਦੀਲੀਆਂ ਆਈਆਂ ਹਨ। ਮਾਸ ਸਪੈਕਟ੍ਰੋਸਕੋਪੀ ਵਰਗੀਆਂ ਤਕਨੀਕਾਂ ਦੀ ਵਰਤੋਂ ਕਰਦੇ ਹੋਏ ਵਿਗਿਆਨੀਆਂ ਨੇ ਖੋਜ ਕੀਤੀ ਕਿ ਸਿਗਰਟਨੋਸੀ ਕਰਨ ਵਾਲਿਆਂ ਦੀਆਂ ਹੱਡੀਆਂ ਵਿਚ 45 ਅਜਿਹੇ ਲੱਛਣ ਮੌਜੂਦ ਸਨ, ਜੋ ਸਿਗਰਟਨੋਸ਼ੀ ਨਾ ਕਰਨ ਵਾਲਿਆਂ ਵਿਚ ਮੌਜੂਦ ਨਹੀਂ ਸਨ। ਭਾਰਤ ਨਾਲ ਜੁੜੇ ਅੰਕੜਿਆਂ 'ਤੇ ਨਜਰ ਮਾਰੀਏ ਤਾਂ ਦੇਸ 'ਚ ਤੰਬਾਕੂ ਦਾ ਸੇਵਨ ਕਰਨ ਵਾਲੇ ਲੋਕਾਂ ਦੀ ਗਿਣਤੀ 'ਚ ਪਿਛਲੇ ਕੁਝ ਦਹਾਕਿਆਂ 'ਚ ਕਮੀ ਜ਼ਰੂਰ ਆਈ ਹੈ ਪਰ ਇਸ ਦੇ ਬਾਵਜੂਦ 25.1 ਕਰੋੜ ਤੋਂ ਜਿ਼ਆਦਾ ਲੋਕ ਅਜੇ ਵੀ ਇਸ ਦਾ ਸੇਵਨ ਕਰ ਰਹੇ ਹਨ। ਵਿਸਵ ਸਿਹਤ ਸੰਗਠਨ (ਡਬਲਿਊ.ਐੱਚ.ਓ.) ਵੱਲੋਂ ਜਾਰੀ 'ਗਲੋਬਲ ਰਿਪੋਰਟ ਆਨ ਟ੍ਰੈਂਡਸ ਇਨ ਪ੍ਰੀਵਲੈਂਸ ਆਫ ਤੰਬਾਕੂ ਯੂਜ 2000-2030' ਦੀ ਰਿਪੋਰਟ ਅਨੁਸਾਰ ਦੇਸ ਵਿਚ ਅਜੇ ਵੀ 19.8 ਕਰੋੜ ਤੋਂ ਵੱਧ ਪੁਰਸ ਅਤੇ 5.3 ਕਰੋੜ ਔਰਤਾਂ ਤੰਬਾਕੂ ਦਾ ਸੇਵਨ ਕਰ ਰਹੀਆਂ ਹਨ। ਇਹ ਉਹ ਲੋਕ ਹਨ ਜਿਨ੍ਹਾਂ ਦੀ ਉਮਰ 15 ਸਾਲ ਜਾਂ ਇਸ ਤੋਂ ਵੱਧ ਹੈ। ਵਰਨਣਯੋਗ ਹੈ ਕਿ 2010 ਵਿਚ ਜਿੱਥੇ 38 ਫੀਸਦੀ ਭਾਰਤੀ ਤੰਬਾਕੂ ਦਾ ਸੇਵਨ ਕਰ ਰਹੇ ਸਨ, ਉਥੇ ਅੰਦਾਜਾ ਹੈ ਕਿ 2025 ਵਿਚ ਇਹ ਅੰਕੜਾ 43 ਫੀਸਦੀ ਘਟ ਕੇ 21.8 ਫੀਸਦੀ ਰਹਿ ਜਾਵੇਗਾ। ਇਸ ਅਧਿਐਨ ਵਿਚ ਵਿਗਿਆਨੀਆਂ ਨੇ 323 ਵਿਅਕਤੀਆਂ ਦੇ ਮਨੁੱਖੀ ਪਿੰਜਰਾਂ ਦਾ ਵਿਸਲੇਸਣ ਕੀਤਾ ਹੈ। ਇਸ 'ਚ ਲੰਡਨ ਦੇ ਯੂਸਟਨ 'ਚ ਸੇਂਟ ਜੇਮਸ ਗਾਰਡਨ 'ਚ ਦਫਨਾਏ ਗਏ 177 ਬਾਲਗ ਸਾਮਲ ਸਨ, ਜਿਨ੍ਹਾਂ ਨੂੰ 18ਵੀਂ ਅਤੇ 19ਵੀਂ ਸਦੀ ਦੇ ਵਿਚਕਾਰ ਦਫਨਾਇਆ ਗਿਆ ਸੀ। ਇਨ੍ਹਾਂ ਮਨੁੱਖੀ ਪਿੰਜਰਾਂ ਦੀਆਂ ਹੱਡੀਆਂ ਅਤੇ ਦੰਦਾਂ ਵਿਚ ਤੰਬਾਕੂ ਦੇ ਨਿਸਾਨ ਮਿਲੇ ਹਨ। ਖੋਜਕਾਰਾਂ ਨੇ 1150 ਅਤੇ 1500 ਦਰਮਿਆਨ ਪੇਂਡੂ ਉੱਤਰੀ ਲਿੰਕਨਸਾਇਰ ਵਿਚ ਦੱਬੇ ਗਏ 45 ਲੋਕਾਂ ਦੀਆਂ ਹੱਡੀਆਂ ਦੇ ਛੋਟੇ ਨਮੂਨਿਆਂ ਦੀ ਜਾਂਚ ਕੀਤੀ, ਜਿਨ੍ਹਾਂ 'ਚ ਤਰਲ ਕ੍ਰੋਮੈਟੋਗ੍ਰਾਫੀ ਨਾਮਕ ਵਿਧੀ ਦੀ ਵਰਤੋਂ ਕੀਤੀ ਗਈ ਸੀ। ਇਸ 'ਚ ਪਾਇਆ ਗਿਆ ਕਿ 1500 ਤੋਂ ਪਹਿਲਾਂ ਦੀਆਂ ਮਨੁੱਖੀ ਹੱਡੀਆਂ ਗੈਰ-ਤਮਾਕੂਨੋਸੀ ਦੀਆਂ ਸਨ। ਇੱਥੇ ਇਹ ਵੀ ਵਰਣਨਯੋਗ ਹੈ ਕਿ ਪੱਛਮੀ ਯੂਰਪ ਵਿਚ ਤੰਬਾਕੂ ਦੀ ਪ੍ਰਥਾ 16ਵੀਂ ਸਦੀ ਤੋਂ ਬਾਅਦ ਸੁਰੂ ਹੋਈ ਸੀ। ਇਸ ਤੋਂ ਬਾਅਦ ਖੋਜਕਾਰਾਂ ਨੇ ਫਿਰ ਮੱਧਯੁਗੀ ਅਵਸੇਸਾਂ ਦੀ ਤੁਲਨਾ 1700 ਦੇ ਦਹਾਕੇ ਤੋਂ ਜਾਣੇ ਜਾਂਦੇ ਸਿਗਰਟਨੋਸੀ ਕਰਨ ਵਾਲਿਆਂ ਦੀਆਂ ਹੱਡੀਆਂ ਨਾਲ ਕੀਤੀ, ਜਿਨ੍ਹਾਂ ਦੀ ਪਛਾਣ ਮਿੱਟੀ ਦੀਆਂ ਪਾਈਪਾਂ ਰਾਹੀਂ ਪਾਏ ਗਏ ਦੰਦਾਂ ਦੇ ਨਿਸਾਨਾਂ ਦੁਆਰਾ ਕੀਤੀ ਗਈ ਸੀ। ਖੋਜਕਾਰਾਂ ਨੂੰ ਦਰਜਨਾਂ ਰਸਾਇਣਕ ਮਿਸਰਣ ਮਿਲੇ, ਜੋ ਸਪੱਸਟ ਤੌਰ 'ਤੇ ਤੰਬਾਕੂ ਉਪਭੋਗਤਾਵਾਂ ਨਾਲ ਜੁੜੇ ਹੋਏ ਸਨ। ਟੀਮ ਨੂੰ ਵਿਕਟੋਰੀਅਨ ਸਮਾਜ ਦੇ ਹਰ ਵਰਗ ਵਿਚ ਤੰਬਾਕੂ ਦੀ ਉੱਚ ਦਰ ਮਿਲੀ। ਜਾਂਚ ਕੀਤੇ ਗਏ ਪਿੰਜਰਾਂ 'ਚੋਂ ਅੱਧੇ ਤੋਂ ਜਿ਼ਆਦਾ ਲੰਬੇ ਸਮੇਂ ਤੱਕ ਤੰਬਾਕੂ ਦੀ ਵਰਤੋਂ ਦੇ ਸੰਕੇਤ ਮਿਲੇ, ਜੋ ਕਿ ਬ੍ਰਿਟੇਨ ਵਿਚ ਅੱਜ ਦੀ ਦਰ ਨਾਲੋਂ ਚਾਰ ਗੁਣਾ ਜਿ਼ਆਦਾ ਹੈ। ਲੀਸੈਸਟਰ ਦੀ ਪੁਰਾਤੱਤਵ-ਵਿਗਿਆਨੀ ਅਤੇ ਨਵੇਂ ਅਧਿਐਨ ਦੀ ਸਹਿ-ਲੇਖਿਕਾ ਅੰਨਾ ਡੇਵਿਸ-ਬੈਰੇਟ ਦਾ ਕਹਿਣਾ ਹੈ ਕਿ ਇਹ ਹੈਰਾਨੀਜਨਕ ਹੈ ਕਿ ਅਸੀਂ ਹੁਣ ਸਰੀਰ ਵਿਚ ਹੋਣ ਵਾਲੀਆਂ ਰਸਾਇਣਕ ਪ੍ਰਕਿਰਿਆਵਾਂ ਰਾਹੀਂ ਕਿਸੇ ਦੇ ਜੀਵਿਤ ਅਨੁਭਵ ਨੂੰ ਨਿਰਧਾਰਤ ਕਰ ਸਕਦੇ ਹਾਂ। ਉਸ ਦਾ ਕਹਿਣਾ ਹੈ ਕਿ ਹਾਲਾਂਕਿ ਸਮਕਾਲੀ ਦਸਤਾਵੇਜ ਸਿਗਰਟਨੋਸੀ ਨੂੰ ਜਿ਼ਆਦਾਤਰ ਪੁਰਸਾਂ ਦੀ ਗਤੀਵਿਧੀ ਦੇ ਰੂਪ ਵਿਚ ਦਰਸਾਉਂਦੇ ਹਨ, ਵਿਕਟੋਰੀਅਨ ਕਾਲ ਵਿਚ ਸਿਗਰਟਨੋਸੀ ਦੀਆਂ ਦਰਾਂ ਇਤਿਹਾਸਕ ਸਰੋਤਾਂ ਦਾ ਸਿੱਧਾ ਖੰਡਨ ਕਰਦੀਆਂ ਹਨ। ਡੇਵਿਸ-ਬੈਰੇਟ ਦਾ ਕਹਿਣਾ ਹੈ ਕਿ ਸਾਨੂੰ ਸਾਰੀਆਂ ਸਮਾਜਿਕ ਸ੍ਰੇਣੀਆਂ ਦੀਆਂ ਔਰਤਾਂ ਵਿਚ ਸਿਗਰਟਨੋਸੀ ਦੀਆਂ ਉੱਚੀਆਂ ਦਰਾਂ ਦਾ ਪਤਾ ਲੱਗਾ ਹੈ। ਉੱਚ ਵਰਗ ਦੀਆਂ ਔਰਤਾਂ ਦੇ ਦੰਦਾਂ 'ਤੇ ਪਾਈਪ ਦੇ ਨਿਸਾਨ ਨਹੀਂ ਹੁੰਦੇ ਸਨ ਕਿਉਂਕਿ ਉਹ ਲੱਕੜ, ਅੰਬਰ ਜਾਂ ਹੱਡੀ ਦੇ ਬਣੇ ਚੰਗੇ ਪਾਈਪ ਖਰੀਦਦੀਆਂ ਸਨ, ਜਿਨ੍ਹਾਂ ਦੇ ਸਿਰਿਆਂ ਨਾਲ ਦੰਦਾਂ ਨੂੰ ਨੁਕਸਾਨ ਨਹੀਂ ਹੁੰਦਾ ਸੀ।